ਸੋਮਵਾਰ, 23 ਨਵੰਬਰ, 2026
8 ਮੱਘਰ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 173

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • MONDAY, 23 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਅਭਿਆਸ ਦੌਰਾਨ ਦੋ ਜਵਾਨ ਟੈਂਕ ਹੇਠਾਂ ਆ ਗਏ

ਹਿਸਾਰ : ਹਰਿਆਣਾ ਦੇ ਹਿਸਾਰ ਜ਼ਿਲ੍ਹੇ ਦੇ ਪਿੰਡ ਭੋਜਰਾਜ ਦੇ ਬਾਹਰਵਾਰ ਬੀਤੇ ਦਿਨ ਇੱਕ ਰੁਟੀਨ ਫੌਜੀ ਅਭਿਆਸ ਦੌਰਾਨ ਟੈਂਕ ਹੇਠਾਂ ਆਉਣ ਕਾਰਨ ਦੋ ਜਵਾਨਾਂ ਦੀ ਮੌਤ ਹੋ ਗਈ। ਇਹ ਹਾਦਸਾ ਉਸ ਵੇਲੇ ਵਾਪਰਿਆ, ਜਦੋਂ ਕਰੀਬ 32 ਟੈਂਕ ਰੁਟੀਨ ਅਭਿਆਸ ਵਿੱਚ ਹਿੱਸਾ ਲੈ ਰਹੇ ਸਨ ਅਤੇ ਕੁਝ ਜਵਾਨ ਜ਼ਮੀਨ 'ਤੇ ਆਪਣੀਆਂ ਪੁਜ਼ੀਸ਼ਨਾਂ ਸੰਭਾਲੀ ਬੈਠੇ ਸਨ। ਹਿਸਾਰ ਪੁਲਸ ਦੇ ਬੁਲਾਰੇ ਮੁਤਾਬਕ ਕਤਾਰ ਵਿੱਚ ਚੱਲ ਰਹੇ ਟੈਂਕਾਂ ਦੀ ਆਵਾਜਾਈ ਦੌਰਾਨ ਉੱਡੀ ਗਹਿਰੀ ਧੂੜ ਦਰਮਿਆਨ ਦਿਖਣ ਹੱਦ (ਵਿਜ਼ੀਬਿਲਟੀ) ਬਹੁਤ ਘਟਣ ਕਾਰਨ ਇੱਕ ਟੈਂਕ ਦਾ ਡਰਾਈਵਰ ਪੁਜ਼ੀਸ਼ਨ 'ਤੇ ਤਾਇਨਾਤ ਦੋਵਾਂ ਜਵਾਨਾਂ ਨੂੰ ਦੇਖ ਨਹੀਂ ਸਕਿਆ ਅਤੇ ਟੈਂਕ ਉਨ੍ਹਾਂ ਉੱਤੋਂ ਲੰਘ ਗਿਆ। ਜਵਾਨਾਂ ਦੀ ਪਛਾਣ ਯੂ ਪੀ ਦੇ ਸ਼ਾਮਲੀ ਦੇ ਨਾਇਕ ਮਨੀਸ਼ ਕੁਮਾਰ ਅਤੇ ਬਦਾਯੂੰ ਜ਼ਿਲ੍ਹੇ ਦੇ ਨਾਇਕ ਅੰਕੁਸ਼ ਕੁਮਾਰ ਵਜੋਂ ਹੋਈ ਹੈ। ਮਨੀਸ਼ ਕੁਮਾਰ ਦੇ ਪਿਤਾ ਰਾਮਵੀਰ ਫੌਜ ਵਿੱਚੋਂ ਸੇਵਾਮੁਕਤ ਹਨ। ਅੰਕੁਸ਼ ਕੁਮਾਰ ਨੇ ਐਤਵਾਰ ਛੁੱਟੀ 'ਤੇ ਜਾਣਾ ਸੀ। ਉਸ ਦੇ ਚਚੇਰੇ ਭਰਾ ਅਮਿਤ ਕੁਮਾਰ ਨੇ ਦੱਸਿਆ ਕਿ ਅੰਕੁਸ਼ ਨੇ ਹਾਦਸੇ ਤੋਂ ਕੁਝ ਸਮਾਂ ਪਹਿਲਾਂ ਫੋਨ 'ਤੇ ਆਪਣੇ ਬੱਚਿਆਂ ਨਾਲ ਗੱਲਬਾਤ ਕੀਤੀ ਸੀ।

ਪੰਜਾਬ ਬਾਰੇ ਸਵਾਲ ਨੂੰ ਲੈ ਕੇ ਅਮਿਤਾਭ ਨੂੰ ਨੋਟਿਸ

ਚੰਡੀਗੜ੍ਹ (ਨ ਜ਼ ਸ)-ਸੰਗਰੂਰ ਦੇ ਐਡਵੋਕੇਟ ਇੰਦਰਜੀਤ ਅਰੋੜਾ ਨੇ ਅਮਿਤਾਭ ਬੱਚਨ ਨੂੰ 'ਕੌਣ ਬਣੇਗਾ ਕਰੋੜਪਤੀ' (ਕੇ ਬੀ ਸੀ) ਵਿੱਚ ਪੰਜਾਬ ਨੂੰ ਬਦਨਾਮ ਕਰਨ ਵਾਲਾ ਕਥਿਤ ਸਵਾਲ ਪੁੱਛਣ ਦੇ ਦੋਸ਼ ਹੇਠ ਕਾਨੂੰਨੀ ਨੋਟਿਸ ਭੇਜਿਆ ਹੈ। ਐਡਵੋਕੇਟ ਅਰੋੜਾ ਨੇ ਅਮਿਤਾਭ ਬੱਚਨ ਅਤੇ ਸੋਨੀ ਟੀ ਵੀ ਤੋਂ ਸੰਬੰਧਤ ਵੀਡੀਓ ਨੂੰ ਹਟਾਉਣ ਅਤੇ ਪੰਜਾਬ ਦੇ ਲੋਕਾਂ ਤੋਂ ਬਿਨਾਂ ਸ਼ਰਤ ਮੁਆਫੀ ਮੰਗਣ ਦੀ ਮੰਗ ਕੀਤੀ ਹੈ। ਉਨ੍ਹਾ ਦੱਸਿਆ ਕਿ ਕਰੀਬ ਦੋ ਮਿੰਟ ਦੀ ਇਸ ਵੀਡੀਓ ਵਿੱਚ ਅਮਿਤਾਭ ਬੱਚਨ ਇੱਕ ਮੁਕਾਬਲੇਬਾਜ਼ ਨੂੰ 12.50 ਲੱਖ ਰੁਪਏ ਲਈ ਸਵਾਲ ਪੁੱਛਦੇ ਦਿਖਾਈ ਦਿੰਦੇ ਹਨ। ਸਵਾਲ ਸੀ ਕਿ ਹਾਲ ਹੀ ਵਿੱਚ ਕਿਹੜੇ ਸੂਬੇ ਵਿੱਚ ਅਪਰਾਧੀ ਬਿਨਾਂ ਕਿਸੇ ਡਰ ਤੋਂ ਪੁਲਸ ਥਾਣਿਆਂ 'ਤੇ ਬੰਬ ਹਮਲੇ ਕਰ ਰਹੇ ਹਨ। ਇਸ ਦੇ ਚਾਰ ਵਿਕਲਪਾਂ ਵਿੱਚ ਪੰਜਾਬ, ਯੂ ਪੀ, ਛੱਤੀਸਗੜ੍ਹ ਅਤੇ ਪੱਛਮੀ ਬੰਗਾਲ ਦੇ ਨਾਂਅ ਸ਼ਾਮਲ ਸਨ। ਵੀਡੀਓ ਅਨੁਸਾਰ ਮੁਕਾਬਲੇਬਾਜ਼ ਵੱਲੋਂ 50:50 ਦੀ ਮਦਦ ਲੈਣ ਮਗਰੋਂ ਦੋ ਵਿਕਲਪ ਹਟਾ ਦਿੱਤੇ ਜਾਂਦੇ ਹਨ ਅਤੇ ਅੰਤ ਵਿੱਚ ਪੰਜਾਬ ਨੂੰ ਸਹੀ ਜਵਾਬ ਦੱਸਿਆ ਜਾਂਦਾ ਹੈ। ਐਡਵੋਕੇਟ ਅਰੋੜਾ ਨੇ ਕਿਹਾ ਕਿ ਕੇ ਬੀ ਸੀ ਆਮ ਗਿਆਨ 'ਤੇ ਆਧਾਰਤ ਸ਼ੋਅ ਹੈ, ਪਰ ਅਜਿਹਾ ਸਵਾਲ ਆਮ ਗਿਆਨ ਨਾਲ ਸੰਬੰਧਤ ਨਹੀਂ। ਕਿਸੇ ਵੀ ਸੂਬੇ ਨੂੰ ਇਸ ਤਰ੍ਹਾਂ ਬਦਨਾਮ ਨਹੀਂ ਕੀਤਾ ਜਾ ਸਕਦਾ। ਇਸ ਮਾਮਲੇ ਵਿੱਚ ਇੱਕ ਹੋਰ ਅਹਿਮ ਪਹਿਲੂ ਇਹ ਹੈ ਕਿ ਸੋਸ਼ਲ ਮੀਡੀਆ 'ਤੇ ਇਸ ਵੀਡੀਓ ਦੇ ਆਰਟੀਫੀਸ਼ੀਲ ਇੰਟੈਲੀਜੈਂਸ (ਏ ਆਈ) ਰਾਹੀਂ ਤਿਆਰ ਕੀਤੇ ਜਾਣ ਜਾਂ ਇਸ ਨਾਲ ਛੇੜਛਾੜ ਕੀਤੇ ਜਾਣ ਦੇ ਦਾਅਵੇ ਵੀ ਕੀਤੇ ਜਾ ਰਹੇ ਹਨ। ਵਕੀਲ ਨੇ ਕਿਹਾ ਕਿ ਵੀਡੀਓ ਅਸਲੀ ਹੈ ਜਾਂ ਏ ਆਈ ਦੀ ਮਦਦ ਨਾਲ ਬਣਾਈ ਗਈ ਹੈ, ਇਸ ਬਾਰੇ ਅਮਿਤਾਭ ਬੱਚਨ ਅਤੇ ਸੋਨੀ ਟੀ ਵੀ ਦੇ ਜਵਾਬ ਤੋਂ ਸਪੱਸ਼ਟ ਹੋ ਸਕੇਗਾ। ਜੇ ਇਹ ਵੀਡੀਓ ਜਾਲ੍ਹੀ ਸਾਬਤ ਹੁੰਦੀ ਹੈ ਤਾਂ ਇਸ ਨੂੰ ਬਣਾਉਣ ਵਾਲਿਆਂ ਖਿਲਾਫ ਵੀ ਕਾਰਵਾਈ ਕੀਤੀ ਜਾਵੇਗੀ।

ਕਰੂਜ਼ਰ ਟਰੱਕ 'ਚ ਵੱਜਣ ਨਾਲ 9 ਜੀਆਂ ਦੀ ਮੌਤ

ਕੋਟਾ : ਰਾਜਸਥਾਨ ਦੇ ਕੋਟਾ-ਉਦੈਪੁਰ ਕੌਮੀ ਮਾਰਗ 'ਤੇ ਸ਼ੰਭੂਪੁਰਾ ਨੇੜੇ ਐਤਵਾਰ ਤੜਕੇ 'ਕਰੂਜ਼ਰ' ਗੱਡੀ ਸੜਕ ਕੰਢੇ ਖੜ੍ਹੇ ਟਰੱਕ ਨਾਲ ਟਕਰਾਉਣ ਕਾਰਨ ਇੱਕੋ ਪਰਵਾਰ ਦੇ 9 ਦੀ ਮੌਤ ਹੋ ਗਈ, ਜਦਕਿ 8 ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਹਾਦਸੇ ਦੇ ਸ਼ਿਕਾਰ ਹੋਣ ਵਾਲੇ ਮਹਾਰਾਸ਼ਟਰ ਦੇ ਧੁਲੇ ਜ਼ਿਲ੍ਹੇ ਦੇ ਸਨ ਅਤੇ ਖਾਟੂ ਸ਼ਿਆਮ ਜੀ ਦੇ ਦਰਸ਼ਨ ਕਰਨ ਉਪਰੰਤ ਘਰ ਪਰਤ ਰਹੇ ਸਨ। ਟਰੱਕ ਡਰਾਈਵਰ ਹਾਰੂਨ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਟਰੱਕ ਵਿੱਚ ਆਈ ਕਿਸੇ ਖਰਾਬੀ ਦੀ ਜਾਂਚ ਕਰਨ ਲਈ ਉਸ ਨੂੰ ਸੜਕ ਕਿਨਾਰੇ ਖੜ੍ਹਾ ਕਰਕੇ ਥੋੜ੍ਹੀ ਦੂਰੀ 'ਤੇ ਖੜ੍ਹਾ ਸੀ ਕਿ ਅਚਾਨਕ ਤੇਜ਼ ਕਰੂਜ਼ਰ ਨੇ ਟਰੱਕ ਨੂੰ ਪਿੱਛੋਂ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਏਨੀ ਜ਼ਬਰਦਸਤ ਸੀ ਕਿ ਉਹ ਖੁਦ ਸੜਕ ਤੋਂ ਕਰੀਬ 20 ਫੁੱਟ ਦੂਰ ਜਾ ਡਿੱਗਿਆ ਅਤੇ 10 ਮਿੰਟ ਬਾਅਦ ਹੋਸ਼ ਆਉਣ 'ਤੇ ਉਸ ਨੇ ਖੁਦ ਪੁਲਸ ਤੇ ਐਂਬੂਲੈਂਸ ਨੂੰ ਸੂਚਿਤ ਕੀਤਾ।

ਉੱਤਰਾਖੰਡ ਦੇ ਫੌਜੀ ਪਰਵਾਰਾਂ ਦੇ 7 ਜੀਆਂ ਦੀ ਮੌਤ

ਭੁਜ : ਗੁਜਰਾਤ ਦੇ ਕੱਛ ਜ਼ਿਲ੍ਹੇ ਵਿੱਚ ਕੌਮੀ ਮਾਰਗ 'ਤੇ ਸਨਿੱਚਰਵਾਰ ਰਾਤ ਕਰੀਬ 10 ਵਜੇ ਟਰੱਕ ਅਤੇ ਕਾਰ ਵਿਚਾਲੇ ਟੱਕਰ ਦੌਰਾਨ ਫੌਜੀ ਪਰਵਾਰਾਂ ਦੇ ਤਿੰਨ ਬੱਚਿਆਂ ਸਮੇਤ ਸੱਤ ਜੀਆਂ ਦੀ ਮੌਤ ਹੋ ਗਈ। ਪਰਵਾਰ 'ਕੱਛ ਦੇ ਰਣ' ਦੀ ਸੈਰ ਕਰਨ ਮਗਰੋਂ ਭੁਜ ਪਰਤ ਰਹੇ ਸਨ। ਸਾਰੇ ਮ੍ਰਿਤਕ ਉੱਤਰਾਖੰਡ ਦੇ ਗੜ੍ਹਵਾਲ ਖੇਤਰ ਦੇ ਸਨ ਅਤੇ ਭੁਜ ਵਿੱਚ ਤਾਇਨਾਤ ਫੌਜੀ ਜਵਾਨਾਂ ਦੇ ਪਰਵਾਰਕ ਮੈਂਬਰ ਸਨ। ਮ੍ਰਿਤਕਾਂ ਦੀ ਪਛਾਣ ਸੌਰਭ ਸਿੰਘ ਨੇਗੀ (30), ਉਸ ਦੀ ਪਤਨੀ ਸਵਿਤਾ (30), ਉਨ੍ਹਾਂ ਦੀ ਤਿੰਨ ਮਹੀਨੇ ਦੀ ਧੀ ਸਿਵਿਕਾ, ਰਾਜੇਸ਼ ਸਿੰਘ ਰਾਵਤ (35), ਉਸ ਦੀ ਧੀ ਰਕਸ਼ਿਤਾ (7), ਰਿੰਕੀ ਗੋਸਾਈਂ (30) ਅਤੇ ਉਨ੍ਹਾਂ ਦੀ ਚਾਰ ਸਾਲਾ ਧੀ ਵਾਮਿਕਾ ਵਜੋਂ ਹੋਈ ਹੈ।

ਏਟਕ ਦੀ 43ਵੀਂ ਕੌਮੀ ਕਾਨਫਰੰਸ ਆਰੰਭ







ਬੇਂਗਲੁਰੂ (ਗਿਆਨ ਸੈਦਪੁਰੀ)

ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੀ 43ਵੀਂ ਕੌਮੀ ਕਾਨਫਰੰਸ ਐਤਵਾਰ ਨੂੰ ਇਥੋਂ ਦੇ ਗਾਂਧੀ ਨਗਰ ਵਿੱਚ ਹੋਈ ਪਬਲਿਕ ਮੀਟਿੰਗ ਨਾਲ ਸ਼ੁਰੂ ਹੋ ਗਈਇਸ ਕਾਨਫਰੰਸ ਵਿੱਚ ਇੱਕ ਹਜ਼ਾਰ ਦੇ ਕਰੀਬ ਡੈਲੀਗੇਟ ਪੂਰੇ ਦੇਸ਼ ਵਿੱਚੋਂ ਹਿੱਸਾ ਲੈ ਰਹੇ ਹਨ। ਕਾਨਫਰੰਸ ਨੂੰ ਏਟਕ ਦੀ ਕੌਮੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਸੰਬੋਧਨ ਕੀਤਾ। ਉਨ੍ਹਾ ਸਮੁੱਚੇ ਮਜ਼ਦੂਰ ਵਰਗ ਨੂੰ ਦਰਪੇਸ਼ ਮੁਸ਼ਕਲਾਂ 'ਤੇ ਵਿਸਥਾਰ ਨਾਲ ਚਾਨਣਾ ਪਾਇਆ।

ਇਹ ਕਾਨਫਰੰਸ 26 ਨਵੰਬਰ ਬਾਅਦ ਦੁਪਹਿਰ 3 ਵਜੇ ਸਮਾਪਤ ਹੋਵੇਗੀ 23 ਨਵੰਬਰ ਨੂੰ ਕਾਨਫਰੰਸ ਦਾ ਉਦਘਾਟਨੀ ਸੈਸ਼ਨ ਹੋਵੇਗਾ।ਇਸ ਵਿੱਚ ਵਰਲਡ ਫੈਡਰੇਸ਼ਨ ਆਫ ਟਰੇਡ ਯੂਨੀਅਨ ਦੇ ਜਨਰਲ ਸਕੱਤਰ ਅਤੇ ਭਾਰਤ ਦੀਆਂ ਟਰੇਡ ਯੂਨੀਅਨਾਂ ਵੱਲੋਂ ਵਧਾਈ ਸੰਦੇਸ਼ ਦਿੱਤੇ ਜਾਣਗੇ ਇਸੇ ਸੈਸ਼ਨ ਵਿੱਚ ਕੁਝ ਕਿਤਾਬਾਂ ਦੀ ਘੁੰਡ ਚੁਕਾਈ ਹੋਵੇਗੀ ਇਸ ਉਪਰੰਤ ਸ਼ਾਮ ਦੇ ਡੈਲੀਗੇਟ ਸੈਸ਼ਨ ਵਿੱਚ ਰਿਪੋਰਟਾਂ 'ਤੇ ਵਿਚਾਰ-ਚਰਚਾ ਹੋਵੇਗੀ 24 ਨਵੰਬਰ ਨੂੰ ਵੀ ਰਿਪੋਰਟਾਂ 'ਤੇ ਵਿਚਾਰ-ਚਰਚਾ ਹੋਵੇਗੀ ਇਸ ਸੈਸ਼ਨ ਵਿੱਚ ਕੁਝ ਮਤੇ ਪੇਸ਼ ਹੋਣਗੇ ਦੇਰ ਸ਼ਾਮ ਤੱਕ ਡੈਲੀਗੇਟ ਸੈਸ਼ਨ ਜਾਰੀ ਰਹੇਗਾ 25 ਨਵੰਬਰ ਨੂੰ 4 ਕਮਿਸ਼ਨਾਂ 'ਤੇ ਬੈਠਕ ਹੋਵੇਗੀ 'ਘੱਟੋ-ਘੱਟ ਉਜਰਤਾਂ ਤੇ ਵਿਗਿਆਨਕ ਗਣਨਾ' ਉੱਤੇ ਵਿਸ਼ੇਸ਼ ਸੈਸ਼ਨ ਹੋਵੇਗਾ ਵੱਖ-ਵੱਖ ਕਮਿਸ਼ਨਾਂ ਦੀਆਂ ਰਿਪੋਰਟਾਂ ਅਤੇ ਹੋਰ ਏਜੰਡੇ ਪੇਸ਼ ਹੋਣਗੇ ਦੇਰ ਸ਼ਾਮ ਏਟਕ ਦੀ ਜਨਰਲ ਕੌਂਸਲ ਦੀ ਮੀਟਿੰਗ ਹੋਵੇਗੀ 26 ਨਵੰਬਰ ਨੂੰ ਕਾਨਫਰੰਸ ਦਾ ਆਖਰੀ ਸੈਸ਼ਨ ਹੋਵੇਗਾ, ਇਸ ਵਿੱਚ ਵੱਖ-ਵੱਖ ਰਿਪੋਰਟਾਂ, ਮਤੇ, ਕਰੇਡੈਂਸ਼ੀਅਲਜ਼ ਅਤੇ ਖਾਤਾ ਰਿਪੋਰਟਾਂ ਦੀ ਪ੍ਰਵਾਨਗੀ ਹੋਵੇਗੀ ਦੁਪਹਿਰ ਦੇ ਖਾਣੇ ਉਪਰੰਤ ਡੈਲੀਗੇਟ ਆਪੋ-ਆਪਣੇ ਸ਼ਹਿਰਾਂ, ਸੂਬਿਆਂ ਨੂੰ ਪਰਤ ਜਾਣਗੇ

ਕਾਨਫਰੰਸ ਵਿੱਚ ਪੰਜਾਬ ਤੋਂ ਲਗਭਗ 45 ਡੈਲੀਗੇਟ ਪਹੁੰਚੇ ਹਨ ਇਹਨਾਂ ਵਿੱਚ ਏਟਕ ਦੇ ਸੂਬਾ ਪ੍ਰਧਾਨ ਨਿਰਮਲ ਸਿੰਘ ਧਾਲੀਵਾਲ, ਜਰਨਲ ਸਕੱਤਰ ਅਮਰਜੀਤ ਸਿੰਘ ਆਸਲ, ਬੰਤ ਸਿੰਘ ਬਰਾੜ, ਸੁਖਦੇਵ ਸ਼ਰਮਾ, ਜਗਦੀਸ਼ ਸਿੰਘ ਚਾਹਲ, ਦਸਵਿੰਦਰ ਕੌਰ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ, ਦੇਵੀ ਕੁਮਾਰੀ ਸਰਹਾਲੀ ਕਲਾਂ, ਕਸ਼ਮੀਰ ਸਿੰਘ ਗਦਾਈਆ, ਮਨਜੀਤ ਸਿੰਘ ਬਾਸਰਕੇ, ਹਰਵਿੰਦਰ ਸਿੰਘ, ਮਹਿੰਦਰ ਪਾਲ ਮੁਹਾਲੀ ਤੇ ਵਿਜੇ ਕੁਮਾਰ ਲੁਧਿਆਣਾ ਸ਼ਾਮਲ ਹਨ ਕਾਨਫਰੰਸ ਵਾਲੇ ਸਥਾਨਾਂ 'ਤੇ ਉਤਸ਼ਾਹੀ ਮਾਹੌਲ ਨਜ਼ਰ ਆਇਆ

ਜਥੇਦਾਰ ਗੜ੍ਹਗੱਜ ਦੀ ਅਗਵਾਈ 'ਚ ਜੱਥਾ ਪਾਕਿਸਤਾਨ ਰਵਾਨਾ

ਅੰਮ੍ਰਿਤਸਰ (ਨਵਾਂ ਜ਼ਮਾਨਾ ਸਰਵਿਸ)



ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਐਤਵਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜ੍ਹਗੱਜ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਗੂੰਜ ਵਿੱਚ ਰਵਾਨਾ ਹੋਇਆ। ਜਥੇ ਨਾਲ ਪਾਰਟੀ ਲੀਡਰ ਵਜੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਬੀਬੀ ਪਰਮਿੰਦਰ ਕੌਰ ਗਏ ਹਨ। ਉਨ੍ਹਾ ਦੇ ਨਾਲ ਜਥੇ ਵਿੱਚ ਅੰਤ੍ਰਿੰਗ ਕਮੇਟੀ ਮੈਂਬਰ ਰਵਿੰਦਰ ਸਿੰਘ ਖਾਲਸਾ, ਮੈਂਬਰ ਗੁਰਨਾਮ ਸਿੰਘ ਜੱਸਲ, ਬੀਬੀ ਗੁਰਿੰਦਰ ਕੌਰ ਭੋਲੂਵਾਲਾ ਅਤੇ ਜਨਰਲ ਮੈਨੇਜਰ ਵਜੋਂ ਲਖਬੀਰ ਸਿੰਘ ਸ਼ਾਮਲ ਹਨ। ਜਥੇ ਦੀ ਰਵਾਨਗੀ ਦੀ ਅਰਦਾਸ ਜਥੇਦਾਰ ਗੜ੍ਹਗੱਜ ਵੱਲੋਂ ਕੀਤੀ ਗਈ। ਇਸ ਮੌਕੇ ਜਥੇਦਾਰ ਗੜ੍ਹਗੱਜ ਨੇ ਕਿਹਾ ਕਿ ਹਰ ਗੁਰੂ ਨਾਨਕ ਨਾਮ ਲੇਵਾ ਸਿੱਖ ਦੀ ਰੋਜ਼ਾਨਾ ਅਰਦਾਸ ਵਿੱਚ ਸ੍ਰੀ ਨਨਕਾਣਾ ਸਾਹਿਬ ਸਮੇਤ ਉਨ੍ਹਾਂ ਇਤਿਹਾਸਕ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ-ਦੀਦਾਰ ਅਤੇ ਸੇਵਾ-ਸੰਭਾਲ ਦੀ ਤਾਂਘ ਸ਼ਾਮਲ ਹੈ, ਜਿਨ੍ਹਾਂ ਤੋਂ ਸਿੱਖ ਕੌਮ ਵਿਛੜੀ ਹੋਈ ਹੈ। ਇਹ ਅਰਦਾਸ ਸਿੱਖ ਸੰਗਤ ਦੇ ਦਿਲਾਂ ਵਿੱਚ ਇਨ੍ਹਾਂ ਪਵਿੱਤਰ ਅਸਥਾਨਾਂ ਪ੍ਰਤੀ ਅਥਾਹ ਸ਼ਰਧਾ ਅਤੇ ਪਿਆਰ ਦੀ ਗਵਾਹੀ ਭਰਦੀ ਹੈ।

ਉਨ੍ਹਾ ਕਿਹਾ ਕਿ ਗੁਰੂ ਸਾਹਿਬ ਦੀ ਕਿਰਪਾ ਨਾਲ ਪੂਰੇ ਖਿੱਤੇ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣੀ ਰਹੇ ਅਤੇ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਵੀ ਜਲਦ ਖੁੱਲ੍ਹੇ, ਇਹ ਕੌਮ ਦੀ ਅਰਦਾਸ ਹੈ। ਉਨ੍ਹਾ ਕਿਹਾ ਕਿ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੀ ਸਾਂਝ ਪੰਜਾਬੀ ਮਾਂ-ਬੋਲੀ, ਸੱਭਿਆਚਾਰ ਅਤੇ ਆਪਸੀ ਮੁਹੱਬਤ ਨਾਲ ਜੁੜੀ ਹੋਈ ਹੈ।

ਉਹਨਾ ਸ਼੍ਰੋਮਣੀ ਕਮੇਟੀ ਦੇ ਜਨਰਲ ਅਜਲਾਸ ਵਿੱਚ ਪਾਸ ਕੀਤੇ ਗਏ ਮਤੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਸੰਗਤਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰਾਂ ਨੂੰ ਜਥਿਆਂ ਦੀ ਗਿਣਤੀ ਵਿੱਚ ਵਾਧਾ ਕਰਨਾ ਚਾਹੀਦਾ ਹੈ, ਤਾਂ ਜੋ ਵੱਧ ਤੋਂ ਵੱਧ ਸੰਗਤਾਂ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰ ਸਕਣ। ਉਨ੍ਹਾ ਮੌਜੂਦਾ ਜਥਿਆਂ ਵਿੱਚ ਵੀ ਸ਼ਰਧਾਲੂਆਂ ਦੇ ਵੀਜ਼ਿਆਂ ਦੀ ਗਿਣਤੀ ਵਧਾਉਣ ਲਈ ਆਖਿਆ।

ਉਨ੍ਹਾ ਕਿਹਾ ਕਿ ਸਿੱਖਾਂ ਲਈ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਜਾਣ ਵਾਸਤੇ ਮੌਕੇ 'ਤੇ ਵੀਜ਼ੇ ਦੀ ਸਹੂਲਤ ਦਾ ਪ੍ਰਬੰਧ ਹੋਣਾ ਚਾਹੀਦਾ ਹੈ, ਤਾਂ ਜੋ

• ਬਾਕੀ ਸਫਾ 2 'ਤੇ

ਸੇਵਾ ਕੇਂਦਰਾਂ ਦੇ ਆਊਟਸੋਰਸ ਵਰਕਰਾਂ 'ਤੇ ਲਾਠੀਚਾਰਜ ਦੀ ਧਾਲੀਵਾਲ ਤੇ ਆਸਲ ਵੱਲੋਂ ਕਰੜੀ ਨਿੰਦਾ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)





ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਵਿਖੇ ਰਿਹਾਇਸ਼ ਦੇ ਬਾਹਰ ਐਤਵਾਰ ਆਪਣੀਆਂ ਮੰਗਾਂ ਨੂੰ ਲੈ ਕੇ ਸ਼ਾਂਤਮਈ ਤਰੀਕੇ ਨਾਲ ਧਰਨਾ ਦੇ ਰਹੇ ਪੰਜਾਬ ਭਰ ਦੇ ਸੇਵਾ ਕੇਂਦਰਾਂ ਦੇ ਆਊਟਸੋਰਸ ਵਰਕਰਾਂ ਉਪਰ ਪੰਜਾਬ ਪੁਲਸ ਵੱਲੋਂ ਬਿਨਾਂ ਕਿਸੇ ਕਾਰਨ ਅੰਨ੍ਹੇਵਾਹ ਅਣਮਨੁੱਖੀ ਲਾਠੀਚਾਰਜ ਕੀਤਾ ਗਿਆ। ਦਰਜਨਾਂ ਵਰਕਰਾਂ ਨੂੰ ਬੁਰੀ ਤਰਾਂ ਫੱਟੜ ਕਰ ਦਿੱਤਾ ਗਿਆ, ਜਿਨ੍ਹਾਂ ਵਿੱਚ ਕਾਫੀ ਗਿਣਤੀ ਵਿੱਚ ਲੜਕੀਆਂ ਮੁਜ਼ਾਹਰਾਕਾਰੀ ਵੀ ਸਨ, ਜਿਨ੍ਹਾਂ ਨੂੰ ਕਾਫੀ ਸੱਟਾਂ ਲੱਗੀਆਂ ਹਨ। ਪੰਜਾਬ ਏਟਕ ਦੇ ਪ੍ਰਧਾਨ ਨਿਰਮਲ ਸਿੰਘ ਧਾਲੀਵਾਲ ਅਤੇ ਜਨਰਲ ਸਕੱਤਰ ਅਮਰਜੀਤ ਸਿੰਘ ਆਸਲ ਨੇ ਇਸ ਜਬਰ-ਜ਼ੁਲਮ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਇਸ ਘਿਨਾਉਣੀ ਕਰਤੂਤ ਲਈ ਜਨਤਕ ਤੌਰ 'ਤੇ ਮੁਆਫੀ ਮੰਗਣ ਅਤੇ ਵਰਕਰਾਂ ਦੀਆਂ ਮੰਗਾਂ ਬਿਨਾਂ ਦੇਰੀ ਮੰਨੀਆਂ ਜਾਣ। ਅੱਗੇ ਵਾਸਤੇ ਪੰਜਾਬ ਦੇ ਲੋਕਾਂ ਨਾਲ ਵਾਅਦਾ ਕਰਨ ਕਿ ਪੰਜਾਬ ਪੁਲਸ ਇਸ ਤਰ੍ਹਾਂ ਦਾ ਜ਼ੁਲਮ ਨਹੀਂ ਕਰੇਗੀ।

ਧੂਰੀ 'ਚ 39 ਕਰੋੜ ਨਾਲ ਬਣੇਗਾ ਸਪੋਰਟਸ ਕੰਪਲ

ਡਾ. ਰਾਹੁਲ ਨੇਮਾ ਨੇ 200 ਸਫਲ ਐਂਜੀਓਪਲਾਸਟੀ ਕਰਕੇ ਸਥਾਪਤ ਕੀਤਾ ਨਵਾਂ ਮੀਲ ਪੱਥਰ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਆਧੁਨਿਕ ਤੇ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਲਗਾਤਾਰ ਯਤਨਸ਼ੀਲ ਅਨਿਲ ਬਾਗੀ ਹਸਪਤਾਲ ਫਿਰੋਜ਼ਪੁਰ ਨੇ ਇੱਕ ਹੋਰ ਮਹੱਤਵਪੂਰਨ ਪ੍ਰਾਪਤੀ ਆਪਣੇ ਨਾਮ ਕੀਤੀ ਹੈ। ਹਸਪਤਾਲ ਦੇ ਕਨਸਲਟੈਂਟ ਇੰਟਰਵੇਂਸ਼ਨਲ ਕਾਰਡੀਓਲੋਜਿਸਟ ਡਾ. ਰਾਹੁਲ ਨੇਮਾ ਨੇ ਅਨਿਲ ਬਾਗੀ ਹਸਪਤਾਲ ਵਿਖੇ 200 ਐਂਜੀਓਪਲਾਸਟੀ ਪ੍ਰਕਿਰਿਆਵਾਂ ਸਫਲਤਾਪੂਰਵਕ ਪੂਰੀਆਂ ਕੀਤੀਆਂ ਹਨ। ਇਹ ਪ੍ਰਾਪਤੀ ਨਾ ਸਿਰਫ਼ ਹਸਪਤਾਲ ਲਈ ਮਾਣ ਵਾਲੀ ਗੱਲ ਹੈ, ਸਗੋਂ ਫਿਰੋਜ਼ਪੁਰ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਆਧੁਨਿਕ ਦਿਲ ਦੀਆਂ ਬਿਮਾਰੀਆਂ ਦੇ ਇਲਾਜ ਦੀਆਂ ਸਹੂਲਤਾਂ ਦੇ ਵਿਸਥਾਰ ਵੱਲ ਵੀ ਇੱਕ ਅਹਿਮ ਕਦਮ ਹੈ। ਐਂਜੀਓਪਲਾਸਟੀ ਦਿਲ ਦੀਆਂ ਖ਼ੂਨ ਦੀਆਂ ਨਾੜੀਆਂ ਵਿੱਚ ਆਈ ਰੁਕਾਵਟ ਨੂੰ ਖੋਲ੍ਹਣ ਲਈ ਕੀਤੀ ਜਾਣ ਵਾਲੀ ਇੱਕ ਮਹੱਤਵਪੂਰਨ ਮੈਡੀਕਲ ਪ੍ਰਕਿਰਿਆ ਹੈ। ਇਸ ਤਕਨੀਕ ਰਾਹੀਂ ਦਿਲ ਤੱਕ ਖ਼ੂਨ ਦੇ ਪ੍ਰਵਾਹ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲਦੀ ਹੈ। ਸਮੇਂ ਸਿਰ ਜਾਂਚ ਤੇ ਮਾਹਿਰ ਡਾਕਟਰਾਂ ਦੀ ਦੇਖ-ਰੇਖ ਹੇਠ ਇਲਾਜ ਮਿਲਣਾ ਦਿਲ ਦੇ ਮਰੀਜ਼ਾਂ ਲਈ ਬਹੁਤ ਮਹੱਤਵਪੂਰਨ ਹੁੰਦਾ ਹੈ। ਡਾ. ਰਾਹੁਲ ਨੇਮਾ ਵੱਲੋਂ 200 ਐਂਜੀਓਪਲਾਸਟੀ ਪ੍ਰਕਿਰਿਆਵਾਂ ਸਫਲਤਾਪੂਰਵਕ ਪੂਰੀਆਂ ਕਰਨਾ ਉਨ੍ਹਾਂ ਦੀ ਮੈਡੀਕਲ ਮੁਹਾਰਤ, ਤਜਰਬੇ ਤੇ ਮਰੀਜ਼ਾਂ ਪ੍ਰਤੀ ਸਮਰਪਣ ਨੂੰ ਦਰਸਾਉਂਦਾ ਹੈ। ਇਸ ਪ੍ਰਾਪਤੀ ਨਾਲ ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੋਗਾ ਤੇ ਆਸ-ਪਾਸ ਦੇ ਪੇਂਡੂ ਖੇਤਰਾਂ ਦੇ ਮਰੀਜ਼ਾਂ ਨੂੰ ਆਪਣੇ ਹੀ ਇਲਾਕੇ ਵਿਚ ਮਾਹਰ ਦਿਲ ਦੇ ਡਾਕਟਰ ਤੇ ਆਧੁਨਿਕ ਇਲਾਜ ਦੀਆਂ ਸਹੂਲਤਾਂ ਪ੍ਰਾਪਤ ਹੋ ਰਹੀਆਂ ਹਨ। ਅਨਿਲ ਬਾਗੀ ਹਸਪਤਾਲ ਪ੍ਰਬੰਧਨ ਵੱਲੋਂ ਇਸ ਪ੍ਰਾਪਤੀ 'ਤੇ ਡਾ. ਰਾਹੁਲ ਨੇਮਾ ਤੇ ਉਨ੍ਹਾਂ ਦੀ ਪੂਰੀ ਕਾਰਡੀਅਕ ਟੀਮ ਨੂੰ ਵਧਾਈ ਦਿੱਤੀ ਗਈ।

ਪੀ ਸੀ ਐੱਸ ਭਰਤੀ ਵਿਵਾਦ : ਸ਼ੁਭਮ ਸ਼ਰਮਾ ਦੇ ਹੱਕ 'ਚ ਨਿੱਤਰਿਆ ਪਰਵਾਰ

ਪਿਤਾ ਨੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਪੰਜਾਬੀਆਂ ਨੂੰ ਕੀਤੀ ਭਾਵੁਕ ਅਪੀਲ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ ਖ਼ਿਲਾਫ਼ ਪੁਲਸ ਵੱਲੋਂ ਦਰਜ ਕੀਤੇ ਗਏ ਮੁਕੱਦਮੇ ਤੋਂ ਬਾਅਦ ਹੁਣ ਉਨ੍ਹਾਂ ਦਾ ਪੂਰਾ ਪਰਵਾਰ ਮੈਦਾਨ ਵਿੱਚ ਨਿੱਤਰ ਆਇਆ ਹੈ।ਸ਼ੁਭਮ ਸ਼ਰਮਾ ਦੇ ਪਿਤਾ ਰਵੀ ਭੂਸ਼ਣ, ਮਾਤਾ ਸੋਨੀਆ ਸ਼ਰਮਾ, ਪਤਨੀ ਆਰਤੀ ਸ਼ਰਮਾ ਸਮੇਤ ਉਨ੍ਹਾਂ ਦੇ ਭਰਾ ਤੇ ਭਰਜਾਈ ਨੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਪੰਜਾਬ ਦੇ ਲੋਕਾਂ ਨਾਲ ਆਪਣੇ ਦਿਲ ਦੇ ਵਲਵਲੇ ਸਾਂਝੇ ਕੀਤੇ ਤੇ ਨੌਜਵਾਨਾਂ ਦੇ ਹੱਕਾਂ ਲਈ ਡਟਣ ਦਾ ਸੱਦਾ ਦਿੱਤਾ।ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ ਵੱਲੋਂ ਆਪਣੇ ਸਾਥੀਆਂ ਸਮੇਤ ਪੀ.ਸੀ.ਐੱਸ. ਪ੍ਰੀਖਿਆ ਵਿੱਚ ਕਥਿਤ ਧਾਂਦਲੀ ਦੇ ਦੋਸ਼ ਲਗਾਉਂਦਿਆਂ ਪਟਿਆਲਾ ਸਥਿਤ ਪੰਜਾਬ ਲੋਕ ਸੇਵਾ ਕਮਿਸ਼ਨ ਦੇ ਦਫ਼ਤਰ ਮੂਹਰੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ।ਇਸ ਪ੍ਰਦਰਸ਼ਨ ਤੋਂ ਬਾਅਦ ਪੁਲਸ ਪ੍ਰਸ਼ਾਸਨ ਵੱਲੋਂ ਕਾਰਵਾਈ ਕਰਦਿਆਂ ਸ਼ੁਭਮ ਸ਼ਰਮਾ ਤੇ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ, ਜਿਸ ਦੇ ਵਿਰੋਧ ਵਿੱਚ ਹੁਣ ਪਰਵਾਰ ਵੱਲੋਂ ਲੋਕ ਲਹਿਰ ਖੜ੍ਹੀ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ।ਸੋਸ਼ਲ ਮੀਡੀਆ 'ਤੇ ਲਾਈਵ ਹੁੰਦਿਆਂ ਪਿਤਾ ਰਵੀ ਭੂਸ਼ਣ ਨੇ ਬੜੇ ਹੀ ਭਾਵੁਕ ਤੇ ਠੇਠ ਅੰਦਾਜ਼ ਵਿੱਚ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਇਹ ਲੜਾਈ ਇਕੱਲੇ ਉਨ੍ਹਾਂ ਦੇ ਪੁੱਤ ਜਾਂ ਪਰਵਾਰ ਦੀ ਨਹੀਂ, ਸਗੋਂ ਸਮੁੱਚੇ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਦੀ ਹੈ।ਉਨ੍ਹਾਂ ਕਿਹਾ ਕਿ ਇਹ ਇੱਕ ਪਿਤਾ ਦੀ ਦਿਲੋਂ ਨਿਕਲੀ ਹੂਕ ਹੈ ਕਿ ਜਿਹੜੇ ਲੋਕ ਆਪਣੇ ਹੱਕਾਂ ਤੇ ਇਨਸਾਫ਼ ਲਈ ਹਾਅ ਦਾ ਨਾਅਰਾ ਮਾਰਨਾ ਚਾਹੁੰਦੇ ਹਨ, ਉਹ ਅੱਗੇ ਆਉਣ ਤੇ ਇਸ ਸੰਘਰਸ਼ ਵਿੱਚ ਆਪਣੀ ਆਵਾਜ਼ ਬੁਲੰਦ ਕਰਨ। ਪਰਵਾਰ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸੂਬੇ ਦੀ ਜਵਾਨੀ ਦੇ ਭਵਿੱਖ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਯੂਥ ਕਾਂਗਰਸ ਦੇ ਆਗੂਆਂ ਤੇ ਪਰਵਾਰ ਮੁਤਾਬਕ ਪੀ ਸੀ ਐੱਸ ਭਰਤੀ ਪ੍ਰਕਿਰਿਆ ਵਿੱਚ ਹੋਈਆਂ ਕਥਿਤ ਬੇਨਿਯਮੀਆਂ ਖ਼ਿਲਾਫ਼ ਨੌਜਵਾਨਾਂ ਨੂੰ ਇਨਸਾਫ਼ ਦਿਵਾਉਣ, ਭਰਤੀਆਂ ਵਿੱਚ ਪਾਰਦਰਸ਼ਤਾ ਲਿਆਉਣ ਤੇ ਸਰਕਾਰ ਦੀ ਜਵਾਬਦੇਹੀ ਤੈਅ ਕਰਨ ਲਈ ਇਹ ਸੰਘਰਸ਼ ਲਗਾਤਾਰ ਜਾਰੀ ਰਹੇਗਾ।

52 ਕੇਸਾਂ ਦਾ ਵਿਸ਼ੇਸ਼ ਲੋਕ ਅਦਾਲਤ 'ਚ ਨਿਪਟਾਰਾ



ਸੰਗਰੂਰ/ਭਵਾਨੀਗੜ੍ਹ (ਪ੍ਰਵੀਨ ਸਿੰਘ/ਰਾਜ ਖੁਰਮੀ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ ਵੱਲੋਂ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ 1881 ਅਧੀਨ ਦਰਜ ਕੇਸਾਂ ਦੇ ਨਿਪਟਾਰੇ ਲਈ ਵਿਸ਼ੇਸ਼ ਲੋਕ ਅਦਾਲਤ ਲਗਾਈ ਗਈ।ਇਹ ਲੋਕ ਅਦਾਲਤ ਜ਼ਿਲ੍ਹਾ ਕਚਹਿਰੀ ਕੰਪਲੈਕਸ ਸੰਗਰੂਰ ਸਮੇਤ ਉਪ ਮੰਡਲ ਕਚਹਿਰੀਆਂ ਸੁਨਾਮ, ਧੂਰੀ ਤੇ ਮੂਨਕ ਵਿਖੇ ਲਗਾਈ ਗਈ।ਇਹ ਵਿਸ਼ੇਸ਼ ਲੋਕ ਅਦਾਲਤ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ ਸ੍ਰੀ ਮੁਨੀਸ਼ ਸਿੰਗਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਤੇ ਸ੍ਰੀ ਆਸ਼ੀਸ਼ ਠਠਈ ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ ਦੀ ਅਗਵਾਈ ਵਿੱਚ ਲਗਾਈ ਗਈ।ਇਸ ਵਿਸ਼ੇਸ਼ ਲੋਕ ਅਦਾਲਤ ਲਈ ਸੈਸ਼ਨ ਡਵੀਜ਼ਨ ਸੰਗਰੂਰ ਵਿੱਚ ਕੁੱਲ ਪੰਜ ਬੈਂਚਾਂ ਦਾ ਗਠਨ ਕੀਤਾ ਗਿਆ ਤੇ ਹਰੇਕ ਬੈਂਚ ਵਿੱਚ ਪ੍ਰੀਜ਼ਾਈਡਿੰਗ ਅਫ਼ਸਰ ਦੀ ਸਹਾਇਤਾ ਲਈ ਦੋ ਮੈਂਬਰ ਨਿਯੁਕਤ ਕੀਤੇ ਗਏ ਸਨ।ਲੋਕ ਅਦਾਲਤ ਦੌਰਾਨ ਨਿਪਟਾਰੇ ਲਈ ਕੁੱਲ 759 ਲੰਬਿਤ ਕੇਸਾਂ ਦੀ ਸ਼ਨਾਖਤ ਕੀਤੀ ਗਈ ਸੀ, ਜਿਨ੍ਹਾਂ ਵਿੱਚੋਂ 52 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ।ਇਸ ਮੌਕੇ ਸ੍ਰੀ ਆਸ਼ੀਸ਼ ਠਠਈ ਨੇ ਦੱਸਿਆ ਕਿ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਂਦਾ ਹੈ।ਲੋਕ ਅਦਾਲਤ ਵਿੱਚ ਹੋਇਆ ਫ਼ੈਸਲਾ ਅੰਤਿਮ ਹੁੰਦਾ ਹੈ ਤੇ ਇਸ ਵਿਰੁੱਧ ਕੋਈ ਅਪੀਲ ਨਹੀਂ ਕੀਤੀ ਜਾ ਸਕਦੀ।ਇਸ ਤੋਂ ਇਲਾਵਾ ਲੋਕ ਅਦਾਲਤ ਵਿੱਚ ਕੇਸ ਦਾ ਨਿਪਟਾਰਾ ਹੋਣ 'ਤੇ ਅਦਾਲਤੀ ਫ਼ੀਸ ਵੀ ਵਾਪਸ ਮਿਲ ਜਾਂਦੀ ਹੈ।ਅਥਾਰਟੀ ਵੱਲੋਂ ਦੱਸਿਆ ਗਿਆ ਕਿ ਅਗਲੀ ਰਾਸ਼ਟਰੀ ਲੋਕ ਅਦਾਲਤ 12 ਦਸੰਬਰ 2026 ਨੂੰ ਲਗਾਈ ਜਾਵੇਗੀ।

ਪ੍ਰਕਾਸ਼ ਪੁਰਬ ਸੰਬੰਧੀ ਸਕੂਲ 'ਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



ਜਗਰਾਉਂ (ਅਮਿਤ ਖੰਨਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼੍ਰੀਮਤੀ ਤਾਰਾ ਦੇਵੀ ਜਿੰਦਲ ਆਰਿਆ ਵਿੱਦਿਆ ਮੰਦਰ ਵਿਖੇ ਸ਼ਰਧਾ ਤੇ ਭਾਵਨਾ ਨਾਲ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ।ਇਸ ਮੌਕੇ ਸਕੂਲ ਦੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਸ਼ਰਧਾ ਨਾਲ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਯਾਦ ਕੀਤਾ ਤੇ ਬੱਚਿਆਂ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਸਿੱਖਿਆਵਾਂ ਨਾਲ ਸਬੰਧਤ ਸ਼ਬਦ ਗਾਇਨ ਕੀਤੇ ਗਏ।ਪਾਠ ਦੌਰਾਨ ਸਰਬੱਤ ਦੇ ਭਲੇ, ਆਪਸੀ ਪਿਆਰ, ਸਾਂਝ ਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ ਗਿਆ।ਸਕੂਲ ਦੇ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਜਾਣੂ ਕਰਵਾਇਆ ਗਿਆ।ਸਮਾਗਮ ਦੇ ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਤੇ ਸੰਗਤ ਵਿੱਚ ਪ੍ਰਸਾਦ ਵੰਡਿਆ ਗਿਆ।ਇਸ ਧਾਰਮਿਕ ਸਮਾਗਮ ਨੇ ਸਕੂਲ ਦੇ ਮਾਹੌਲ ਨੂੰ ਭਗਤੀਮਈ ਤੇ ਆਤਮਿਕ ਰੰਗ ਵਿੱਚ ਰੰਗ ਦਿੱਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਨੂਪ੍ਰਿਆ ਤੇ ਮੈਨੇਜਮੈਂਟ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਕੇ ਇੱਕ ਨੇਕ ਤੇ ਆਦਰਸ਼ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।

ਵਰਲਡ ਯੂਨੀਵਰਸਿਟੀ ਵੱਲੋਂ ਡਿਵਾਈਨ ਸਕੂਲ 'ਚ ਦੰਦਾਂ ਦਾ ਮੁਫ਼ਤ ਜਾਂਚ ਕੈਂਪ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਡਿਵਾਈਨ ਲਾਈਟ ਇੰਟਰਨੈਸ਼ਨਲ ਸਕੂਲ ਵਿਖੇ ਦੰਦਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ।ਇਸ ਉਪਰਾਲੇ ਦਾ ਉਦੇਸ਼ ਸਕੂਲੀ ਵਿਦਿਆਰਥੀਆਂ ਨੂੰ ਦੰਦਾਂ ਦੀ ਸਿਹਤ ਤੇ ਸਫ਼ਾਈ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਨੁਸਾਰ ਨਿਸ਼ਕਾਮ ਸੇਵਾ ਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਅਮਲੀ ਰੂਪ ਦੇਣਾ ਸੀ।ਕੈਂਪ ਦੌਰਾਨ ਦੰਦਾਂ ਦੇ ਮਾਹਰ ਡਾ. ਲਵਪ੍ਰੀਤ ਸਿੰਘ (ਬੀ.ਡੀ.ਐੱਸ.) ਨੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ ਤੇ ਦੰਦਾਂ ਵਿੱਚ ਕੀੜਾ ਲੱਗਣ, ਮਸੂੜਿਆਂ ਦੀਆਂ ਸਮੱਸਿਆਵਾਂ ਤੇ ਹੋਰ ਆਮ ਬਿਮਾਰੀਆਂ ਸਬੰਧੀ ਲੋੜੀਂਦੀ ਸਲਾਹ ਦਿੱਤੀ।ਇਸ ਮੌਕੇ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ।ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਰਜਿਸਟ੍ਰੇਸ਼ਨ ਤੇ ਵਿਦਿਆਰਥੀਆਂ ਦੀ ਸਹਾਇਤਾ ਕਰਦਿਆਂ ਕੈਂਪ ਦੇ ਸੁਚਾਰੂ ਆਯੋਜਨ ਵਿੱਚ ਅਹਿਮ ਯੋਗਦਾਨ ਪਾਇਆ।ਕੈਂਪ ਦਾ ਆਯੋਜਨ ਡਾ. ਸੁਮਨਪ੍ਰੀਤ ਕੌਰ, ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਵੱਲੋਂ ਕੀਤਾ ਗਿਆ।ਉਨ੍ਹਾਂ ਡਾ. ਲਵਪ੍ਰੀਤ ਸਿੰਘ, ਸਕੂਲ ਪ੍ਰਬੰਧਕਾਂ ਤੇ ਸਮੂਹ ਵਲੰਟੀਅਰਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ।

ਹੋਮਿਓਪੈਥੀ ਦੇ ਮੁਫ਼ਤ ਮੈਡੀਕਲ ਕੈਂਪ 'ਚ 325 ਮਰੀਜ਼ਾਂ ਦੀ ਜਾਂਚ



ਸਮਾਣਾ (ਗੁਰਪਿਆਰ ਸਿੰਘ ਬੱਲ)-ਸਥਾਨਕ ਅਗਰਵਾਲ ਧਰਮਸ਼ਾਲਾ ਵਿਖੇ ਡਾ. ਨਿਰਮਲ ਸਿੰਘ ਦੀ ਅਗਵਾਈ ਹੇਠ ਹੋਮਿਓਪੈਥੀ ਦਾ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਮਰੀਜ਼ ਆਪਣੀ ਸਿਹਤ ਦੀ ਜਾਂਚ ਕਰਵਾਉਣ ਲਈ ਪਹੁੰਚੇ।ਇਸ ਦੌਰਾਨ ਕੁੱਲ 325 ਮਰੀਜ਼ਾਂ ਦਾ ਚੈੱਕਅਪ ਕਰਕੇ ਉਨ੍ਹਾਂ ਨੂੰ ਲੋੜ ਅਨੁਸਾਰ ਮੁਫ਼ਤ ਹੋਮਿਓਪੈਥਿਕ ਦਵਾਈਆਂ ਵੰਡੀਆਂ ਗਈਆਂ।ਇਸ ਮੌਕੇ ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਰਸ਼ਨ ਮਿੱਤਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਕੈਂਪ ਦੌਰਾਨ ਡਾ. ਨਿਰਮਲ ਸਿੰਘ ਨੇ ਮਰੀਜ਼ਾਂ ਨੂੰ ਸੰਬੋਧਨ ਕਰਦਿਆਂ ਹੋਮਿਓਪੈਥਿਕ ਇਲਾਜ ਪ੍ਰਣਾਲੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਬਦਲਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਖ਼ਾਸ ਕਰਕੇ ਬਜ਼ੁਰਗਾਂ ਤੇ ਸੀਨੀਅਰ ਨਾਗਰਿਕਾਂ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਦੀ ਸਲਾਹ ਦਿੱਤੀ।ਉਨ੍ਹਾਂ ਕਿਹਾ ਕਿ ਮੌਸਮ ਵਿੱਚ ਤਬਦੀਲੀ ਦੌਰਾਨ ਖਾਣ-ਪੀਣ, ਸਾਫ਼-ਸਫ਼ਾਈ ਤੇ ਸਿਹਤ ਸਬੰਧੀ ਸਾਵਧਾਨੀਆਂ ਵਰਤਣੀਆਂ ਬਹੁਤ ਜ਼ਰੂਰੀ ਹਨ। ਇਸ ਮੌਕੇ ਦਰਸ਼ਨ ਮਿੱਤਲ ਨੇ ਡਾ. ਨਿਰਮਲ ਸਿੰਘ ਦੀ ਸਮਾਜ ਸੇਵਾ ਦੀ ਭਾਵਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਡਾ. ਨਿਰਮਲ ਸਿੰਘ ਹੁਣ ਤੱਕ ਇਸ ਇਲਾਕੇ ਵਿੱਚ ਲਗਭਗ 2300 ਮੁਫ਼ਤ ਹੋਮਿਓਪੈਥਿਕ ਮੈਡੀਕਲ ਕੈਂਪ ਲਗਾ ਕੇ ਹਜ਼ਾਰਾਂ ਮਰੀਜ਼ਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰ ਚੁੱਕੇ ਹਨ।ਉਨ੍ਹਾਂ ਦਾ ਇਹ ਉਪਰਾਲਾ ਸਮਾਜ ਦੇ ਲੋੜਵੰਦ ਲੋਕਾਂ ਲਈ ਵੱਡੀ ਰਾਹਤ ਸਾਬਿਤ ਹੋ ਰਿਹਾ ਹੈ।ਇਸ ਮੌਕੇ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਸਮਾਣਾ ਦੇ ਸਾਬਕਾ ਪ੍ਰਧਾਨ ਜੀਵਨ ਗਰਗ, ਵਿੱਕੀ ਸਿੰਗਲਾ, ਰਿਸ਼ੂ ਸਿੰਗਲਾ ਕਰਹਾਲੀ, ਰਾਜੂ ਬੱਤਰਾ ਆਦਿ ਹਾਜ਼ਰ ਸਨ।

ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਨੇਤਰਹੀਨ ਬੱਚਿਆਂ ਨੇ ਜਿੱਤੇ ਗੋਲਡ ਮੈਡਲ



ਮਾਨਸਾ (ਆਤਮਾ ਸਿੰਘ ਪਮਾਰ)-ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਦਿਆਰਥੀਆਂ ਭਵਦੀਪ ਸ਼ਰਮਾ ਤੇ ਕੋਹੇਨੂਰ ਸਿੰਘ ਨੇ ਦੌੜਾਂ ਤੇ ਸ਼ਾਟਪੁੱਟ 'ਚੋਂ ਪੰਜਾਬ ਪੱਧਰੀ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਖੇਡ ਮੁਕਾਬਲਿਆਂ 'ਚ ਦੋ-ਦੋ ਮੈਡਲ ਜਿੱਤ ਕੇ ਸਕੂਲ ਅਹਿਮਦਪੁਰ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਮੁਖੀ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਭਵਦੀਪ ਸ਼ਰਮਾ ਨੇ ਰੇਸ ਤੇ ਸ਼ਾਟਪੁੱਟ '

ਸਮਾਜਿਕ ਕ੍ਰਾਂਤੀ ਕਰਨ ਵਾਸਤੇ ਵੱਡਾ ਹਥਿਆਰ ਹਨ ਕਿਤਾਬਾਂ : ਜਸਵੀਰ ਸਿੰਘ ਮੋਰੋਂ

ਬੰਗਾ (ਅਵਤਾਰ ਕਲੇਰ) ਵਿਵੇਕ ਵਿਕਾਸ ਲਹਿਰ ਪੰਜਾਬ ਮੁੱਖ ਦਫ਼ਤਰ ਬੰਗਾ ਵੱਲੋਂ ਸਾਹਿਤਕ, ਗਿਆਨ, ਵਿਗਿਆਨ ਨਾਲ ਸੰਬੰਧਿਤ ਕਿਤਾਬਾਂ ਪਾਠਕਾਂ ਤੱਕ ਮੁਫ਼ਤ ਪਹੁੰਚਾਈਆਂ ਜਾ ਰਹੀਆਂ ਹਨ। ਸਕੂਲਾਂ ਤੋਂ ਇਲਾਵਾ ਵੱਖ-ਵੱਖ ਸਮਾਗਮਾਂ ਦੌਰਾਨ ਜਿਵੇਂ ਖੂਨ ਦੇਣ ਦੇ ਕੈਂਪ, ਪਰਵਾਰਕ ਖੁਸ਼ੀ, ਗ਼ਮੀ ਦੇ ਸਮਾਗਮ, ਸਬੰਬੰਦੀਆਂ



ਦੇ ਧਰਨੇ ਅਤੇ ਚੋਣ ਵਰਗੇ ਮੌਕਿਆਂ ਨੂੰ ਵੀ ਕਿਤਾਬਾਂ ਵੰਡਣ ਲਈ ਵਰਤ ਲਿਆ ਜਾਂਦਾ ਹੈ। ਇਸੇ ਲੜੀ ਤਹਿਤ ਬੰਗਾ ਵਿਖੇ ਬਹੁਜਨ ਸਮਾਜ ਪਾਰਟੀ ਵੱਲੋਂ ਆਯੋਜਤ ਮੋਟਰ ਸਾਈਕਲ ਰੈਲੀ ਵਿੱਚ ਸ਼ਾਮਲ ਹੋਏ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਵਿਵੇਕ ਵਿਕਾਸ ਲਹਿਰ ਪੰਜਾਬ ਵੱਲੋਂ ਅੰਬੇਡਕਰੀ ਸਾਹਿਤ ਵੰਡਿਆ ਗਿਆ। ਇਸ ਮੌਕੇ ਇੰਜ. ਜਸਵੀਰ ਸਿੰਘ ਮੋਰੋਂ ਨੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਕਿਤਾਬਾਂ ਸਮਾਜਿਕ ਕ੍ਰਾਂਤੀ ਕਰਨ ਵਾਸਤੇ ਵੱਡਾ ਹਥਿਆਰ ਹਨ। ਕਿਤਾਬਾਂ ਇਨਸਾਨ ਨੂੰ ਸੋਚਣ, ਸਮਝਣ ਅਤੇ ਸਦੀਆਂ ਤੋਂ ਚੱਲੀਆਂ ਆ ਰਹੀਆਂ ਗਲਤ ਰੀਤਾਂ ਤੇ ਸਵਾਲ ਉਠਾਉਣ ਦੀ ਹਿੰਮਤ ਦਿੰਦੀਆਂ ਹਨ। ਜਦੋਂ ਦੱਬੇ -ਕੁਚਲੇ ਲੋਕ ਪੜ੍ਹਦੇ ਹਨ ਤਾਂ ਉਨ੍ਹਾਂ ਨੂੰ ਆਪਣੇ ਸੰਵਿਧਾਨਕ ਅਤੇ ਮਨੁੱਖੀ ਅਧਿਕਾਰਾਂ ਦਾ ਪਤਾ ਲੱਗਦਾ ਹੈ। ਅਜਿਹਾ ਗਿਆਨ ਬੇਇਨਸਾਫ਼ੀ ਵਿਰੁੱਧ ਖੜ੍ਹੇ ਹੋਣ ਦੀ ਤਾਕਤ ਦਿੰਦਾ ਹੈ।ਹਥਿਆਰਾਂ ਨਾਲ ਆਈ ਕ੍ਰਾਂਤੀ ਅਸਥਾਈ ਹੋ ਸਕਦੀ ਹੈ, ਪਰ ਕਿਤਾਬਾਂ ਰਾਹੀਂ ਲੋਕਾਂ ਦੀ ਸੋਚ ਵਿੱਚ ਆਇਆ ਬਦਲਾਅ ਪੀੜ੍ਹੀਆਂ ਤੱਕ ਸਮਾਜ ਨੂੰ ਬਦਲ ਦਿੰਦਾ ਹੈ। ਅਜਿਹੀ ਸਮਝ ਬਣਾ ਕੇ ਅਮਲ ਕੀਤਾ ਜਾ ਰਿਹਾ ਹੈ।ਜਿਸ ਦੇ ਚੰਗੇ ਸਿੱਟੇ ਆਉਣ ਵਾਲੇ ਸਮੇਂ ਵਿੱਚ ਸਾਹਮਣੇ ਆਉਣਗੇ। ਇਸ ਮੌਕੇ ਰੂਪ ਲਾਲ ਧੀਰ ਸਕੱਤਰ ਪੰਜਾਬ, ਵਿਜੇ ਗੁਣਾਚੌਰ, ਹਰਬਲਾਸ ਝਿੰਗੜ, ਸਤਪਾਲ ਰਟੈਂਡਾ, ਜੈਪਾਲ ਸੁੰਡਾ, ਸੋਮਨਾਥ ਰਟੈਂਡਾ, ਬੀਬੀ ਰਵਿੰਦਰ ਮਹਿਮੀ, ਹਰਜਿੰਦਰ ਕੁਮਾਰ ਸੋਨੂ ਐੱਮ ਸੀ, ਸਤਪਾਲ, ਜਸਵੰਤ ਕਟਾਰੀਆ, ਪਰਮਜੀਤ ਦੋਸਾਂਝ, ਪਰਮਜੀਤ ਮਹਿਰਮਪੁਰ, ਦਵਿੰਦਰ ਬੇਗਮਪੁਰੀ, ਵਰਿੰਦਰ ਕਮਾਮ, ਸੋਹਣ ਲਾਲ, ਕਰਮਵੀਰ ਭੰਗੂ, ਮਲਕੀਤ ਮੰਢਾਲੀ, ਪ੍ਰਕਾਸ਼ ਬੈਂਸ, ਸੰਤੋਖ ਢੰਡਾ ਆਦਿ ਹਾਜ਼ਰ ਸਨ। ਪ੍ਰਵੀਨ ਕੁਮਾਰ ਬੰਗਾ ਜਨਰਲ ਸਕੱਤਰ ਬਸਪਾ ਪੰਜਾਬ ਨੇ ਸੰਸਥਾ ਵੱਲੋਂ ਪਾਠਕਾਂ ਤੱਕ ਮੁਫ਼ਤ ਕਿਤਾਬਾਂ ਪਹੁੰਚਾਉਣ ਦੇ ਕਾਰਜ ਦੀ ਸ਼ਲਾਘਾ ਕੀਤੀ ਗਈ। ਉਨ੍ਹਾਂ ਵੱਲੋਂ ਰੈਲੀ ਵਿੱਚ ਸ਼ਾਮਲ ਹੋਏ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਦਾ ਧੰਨਵਾਦ ਕਰਨ ਦੇ ਨਾਲ 26 ਨਵੰਬਰ ਨੂੰ ਫਿਲੌਰ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ।

ਵਿਦਿਅਕ ਮੁਕਾਬਲਿਆਂ 'ਚ ਸਰਕਾਰੀ ਪ੍ਰਾਇਮਰੀ ਸਕੂਲ ਨਲੋਈਆਂ ਦਾ ਸ਼ਾਨਦਾਰ ਪ੍ਰਦਰਸ਼ਨ

ਗੁਜ਼ਿਆਰਪੁਰ (ਬਲਵੀਰ ਸਿੰਘ ਸੈਣੀ)- ਬਲਾਕ ਪੱਧਰੀ ਵਿਦਿਅਕ ਮੁਕਾਬਲਿਆਂ ਦੌਰਾਨ ਸਰਕਾਰੀ ਪ੍ਰਾਇਮਰੀ ਸਕੂਲ ਨਲੋਈਆਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਵੰਨਗੀਆਂ ਵਿੱਚ ਅਹਿਮ ਪੁਜ਼ੀਸ਼ਨਾਂ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਮੁਕਾਬਲਿਆਂ ਦੇ ਪਹਿਲੇ ਵਰਗ (ਜਮਾਤ ਪਹਿਲੀ ਅਤੇ ਦੂਜੀ) ਵਿੱਚੋਂ ਬੋਲ ਲਿਖਤ ਵਿੱਚ ਸਿਮਰਨ, ਸੁੰਦਰ ਲਿਖਾਈ ਵਿੱਚ ਜੈਵਿਨ ਅਤੇ ਚਿੱਤਰਕਲਾ ਵਿੱਚ ਫੈਸ਼ਨਵੀ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਬਾਲ ਗੀਤ ਮੁਕਾਬਲੇ ਵਿੱਚ ਲਵਿਤਾ ਅਤੇ 'ਬੈਸਟ ਆਊਟ ਆਫ਼ ਵੇਸਟ' ਵਿੱਚ ਨਵਜੋਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਵਰਗ ਦੇ ਪੜ੍ਹਨ ਮੁਕਾਬਲੇ ਵਿੱਚ ਗੋਲੂ ਅਤੇ ਕਵਿਤਾ ਗਾਇਨ ਵਿੱਚ ਹਰਸ਼ਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਦੂਜੇ ਵਰਗ (ਜਮਾਤ ਤੀਜੀ ਤੋਂ ਪੰਜਵੀਂ) ਦੇ ਮੁਕਾਬਲਿਆਂ ਵਿੱਚ ਚਿੱਤਰਕਲਾ ਵਿੱਚ ਨੰਦਨੀ ਅਤੇ ਸੁੰਦਰ ਲਿਖਾਈ ਵਿੱਚ ਹਰਸ਼ ਨੇ ਪਹਿਲਾ, ਭਾਸ਼ਣ ਮੁਕਾਬਲੇ ਵਿੱਚ ਆਰਤੀ ਨੇ ਦੂਜਾ ਅਤੇ ਕੁਇਜ਼ ਮੁਕਾਬਲੇ ਵਿੱਚ ਕਨਿਕਾ, ਮਨੀਸ਼ ਤੇ ਇਸ਼ਾਨ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਅਧਿਆਪਕ ਲਿਖਾਈ ਮੁਕਾਬਲੇ ਵਿੱਚ ਸਕੂਲ ਦੀ ਅਧਿਆਪਕਾ ਮੈਡਮ ਸੁਮੀਤ ਭਾਰਦਵਾਜ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਸਕੂਲ ਪਹੁੰਚਣ 'ਤੇ ਸਮੂਹ ਸਟਾਫ਼ ਵੱਲੋਂ ਜੇਤੂਆਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਸੀ ਪੀ ਆਈ 3 ਦਸੰਬਰ ਨੂੰ ਜੇਲ੍ਹ ਭਰੋ ਅੰਦੋਲਨ ਕਰੇਗੀ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਸਥਾਨਕ ਪਿੰਡ ਦੱਪਰ ਵਿਖੇ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਤਹਿਸੀਲ ਡੇਰਾਬੱਸੀ ਕਮੇਟੀ ਦੀ ਇੱਕ ਅਹਿਮ ਮੀਟਿੰਗ ਸਾਥੀ ਅਵਤਾਰ ਸਿੰਘ ਦੱਪਰ ਅਤੇ ਵਿਨੋਦ ਚੁੰਘ ਲਾਲੜੂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਡੀ ਪੱਧਰ 'ਤੇ ਆਗੂਆਂ



ਤੇ ਸਰਗਰਮ ਵਰਕਰਾਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਜਸਪਾਲ ਸਿੰਘ ਦੱਪਰ ਨੇ ਪੰਜਾਬੀਆਂ ਨੂੰ ਖ਼ਬਰਦਾਰ ਕਰਦਿਆਂ ਕਿਹਾ ਕਿ 'ਜੇਲ੍ਹ ਭਰੋ ਅੰਦੋਲਨ' ਤਹਿਤ 'ਦੇਸ਼ ਬਚਾਓ ਪੰਜਾਬ ਬਚਾਓ, ਗਿਆਨੇਸ਼ ਕੁਮਾਰ ਹਟਾਓ-ਵੋਟ ਚੋਰੀ ਬਚਾਓ, ਜਮਹੂਰੀਅਤ ਬਚਾਓ-ਦੇਸ਼ ਬਚਾਓ, ਨਸ਼ੇ ਰੋਕੋ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਦੂਰ ਕਰਨ ਸਮੇਤ ਪੰਜਾਬ ਦੇ ਹੱਕਾਂ 'ਤੇ ਵੱਜ ਰਹੇ ਡਾਕਿਆਂ ਨੂੰ ਰੋਕਣ' ਆਦਿ ਮੰਗਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਕਾਮਰੇਡ ਦੱਪਰ ਨੇ ਅੱਗੇ ਕਿਹਾ ਕਿ ਸੂਬੇ ਦੀ ਵਿਗੜ ਰਹੀ ਕਾਨੂੰਨੀ ਵਿਵਸਥਾ, ਗੈਂਗਸਟਰਵਾਦ, ਨਸ਼ੇ, ਡਾਕੇ, ਕਤਲ, ਲੁੱਟਾਂ-ਖੋਹਾਂ ਤੇ ਚੋਰੀਆਂ ਨੂੰ ਰੋਕਣ ਵਿੱਚ ਸਰਕਾਰ ਬੁਰੀ ਤਰ੍ਹਾਂ ਅਸਫਲ ਰਹੀ ਹੈ। ਇਨਸਾਫ਼ ਮੰਗਦੇ ਸੰਘਰਸ਼ੀ ਲੋਕਾਂ ਨੂੰ ਪੁਲਸ ਦੇ ਡੰਡੇ ਦੇ ਜ਼ੋਰ 'ਤੇ ਰੋਕਿਆ ਜਾ ਰਿਹਾ ਹੈ। ਇਨ੍ਹਾਂ ਧੱਕੇਸ਼ਾਹੀਆਂ ਖ਼ਿਲਾਫ਼ 3 ਦਸੰਬਰ ਨੂੰ ਸੀ ਪੀ ਆਈ ਵੱਲੋਂ ਪੂਰੇ ਦੇਸ਼ ਵਿੱਚ ਜੇਲ੍ਹ ਭਰੋ ਅੰਦੋਲਨ ਕੀਤਾ ਜਾਵੇਗਾ। ਇਸ ਮੌਕੇ ਤਹਿਸੀਲ ਸਕੱਤਰ ਅਵਤਾਰ ਸਿੰਘ ਦੱਪਰ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਵਿਰੁੱਧ ਸੀ ਪੀ ਆਈ ਵੱਲੋਂ 3 ਦਸੰਬਰ ਨੂੰ ਮੋਹਾਲੀ ਵਿਖੇ ਕੀਤੇ ਜਾ ਰਹੇ ਜੇਲ੍ਹ ਭਰੋ ਅੰਦੋਲਨ ਵਿੱਚ ਜਥੇ ਬੰਨ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਸਮੂਹ ਵਰਕਰਾਂ ਤੇ ਇਨਸਾਫ਼ ਪਸੰਦ ਲੋਕਾਂ ਨੂੰ ਸਵੇਰੇ 11:00 ਵਜੇ ਡਿਪਟੀ ਕਮਿਸ਼ਨਰ ਦਫ਼ਤਰ, ਮੋਹਾਲੀ ਦੇ ਬਾਹਰ ਇਕੱਠੇ ਹੋ ਕੇ ਗ੍ਰਿਫ਼ਤਾਰੀਆਂ ਦੇਣ ਲਈ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਜ਼ਿਲ੍ਹਾ ਮੋਹਾਲੀ ਦੇ ਸਹਾਇਕ ਸਕੱਤਰ ਵਿਨੋਦ ਚੁੰਘ ਨੇ ਭਰੋਸਾ ਦਿੱਤਾ ਕਿ ਇਸ ਅੰਦੋਲਨ ਵਿੱਚ ਇਲਾਕੇ ਵਿੱਚੋਂ ਵੱਡੀ ਗਿਣਤੀ ਵਿੱਚ ਸਾਥੀਆਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਬਲਵਿੰਦਰ ਸਿੰਘ, ਨਸੀਬ ਸਿੰਘ, ਸੁਰਿੰਦਰ ਸਿੰਘ ਜੜੌਤ ਅਤੇ ਮਹਿੰਦਰ ਸਿੰਘ ਸਰਸੀਣੀ ਅਸ਼ਵਨੀ ਮਿਨਹਾਸ ਲਾਲੜੂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

ਕਿਸਾਨ ਮੋਰਚੇ ਦੀ 6 ਵੀਂ ਵਰ੍ਹੇਗੰਢ ਮੌਕੇ ਅੰਮ੍ਰਿਤਸਰ ਵਿਖੇ ਰੈਲੀ 26 ਨੂੰ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ ਦਿੱਲੀ ਕਿਸਾਨ ਮੋਰਚੇ ਦੀ 6ਵੀਂ ਵਰੇ ਗੰਢ 'ਤੇ 26 ਨਵੰਬਰ ਨੂੰ ਮਾਝੇ ਦੇ ਜ਼ਿਲ੍ਹਿਆਂ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ ਅਤੇ ਪਠਾਨਕੋਟ ਦੀ ਸਾਂਝੀ ਵਿਸ਼ਾਲ ਰੈਲੀ ਅੰਮ੍ਰਿਤਸਰ ਵਿਖੇ ਕੀਤੀ ਜਾ ਰਹੀ ਹੈ। ਇਸ ਸਬੰਧੀ ਗੱਲ



ਕਰਦਿਆਂ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਕੌਮੀ ਪ੍ਰਧਾਨ ਡਾਕਟਰ ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਇਸ ਸਮੇਂ ਉਕਤ ਸਰਹੱਦੀ ਜ਼ਿਲ੍ਹਿਆਂ ਦੇ ਕਿਸਾਨ ਹਜ਼ਾਰਾਂ ਦੀ ਗਿਣਤੀ ਵਿੱਚ ਰੈਲੀ ਵਿੱਚ ਪਹੁੰਚਣਗੇ, ਜਿਸ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਉਹਨਾਂ ਦੱਸਿਆ ਕਿ ਭਗਵੰਤ ਮਾਨ ਸਰਕਾਰ ਐਸ.ਕੇ.ਐਮ.ਨਾਲ 7 ਸਤੰਬਰ ਨੂੰ ਚੰਡੀਗੜ੍ਹ ਵਿਖੇ ਲਿਖ਼ਤੀ ਸਮਝੌਤਾ ਕੀਤਾ ਗਿਆ ਸੀ ਜਿਸ ਤਹਿਤ ਸਰਕਾਰ ਨੇ ਮੰਨਿਆ ਸੀ ਕਿ ਪੰਜਾਬ ਪੁਨਰਗਠਨ ਐਕਟ ਦੀ ਪੰਜਾਬ ਵਿਰੋਧੀ 78,79 ਤੇ 80 ਧਾਰਾ ਨੂੰ ਰੱਦ ਕੀਤਾ ਜਾਵੇਗਾ , ਬੀਜ ਬਿੱਲ ਤੇ ਬਿਜਲੀ ਬਿੱਲ ਵਾਪਿਸ ਲੈਣ ਸਬੰਧੀ ਮੱਤੇ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਅਜਲਾਸ ਵਿੱਚ ਪਾਸ ਕੀਤੇ ਜਾਣਗੇ ਪ੍ਰੰਤੂ ਸਰਕਾਰ ਵੱਲੋਂ ਅਜਿਹਾ ਨਹੀਂ ਕੀਤਾ ਗਿਆ। ਉਨਾਂ ਦੱਸਿਆ ਕਿ ਇਸੇ ਤਰ੍ਹਾਂ ਇਹ ਵੀ ਵਾਅਦਾ ਕੀਤਾ ਗਿਆ ਸੀ ਕਿ ਪਿੰਡਾਂ – ਕਸਬਿਆਂ ਦੀਆਂ ਕੋਆਪਰੇਟਿਵ ਸੁਸਾਇਟੀਆਂ ਤੇ ਕੋਆਪਰੇਟਿਵ ਬੈਂਕਾਂ ਦੇ ਕਰਜ਼ੇ ਮੁਆਫ਼ ਕਰਨ ਲਈ ਵਨ ਟਾਈਮ ਸੈਟਲਮੈਂਟ ਸਕੀਮ ਲਿਆਂਦੀ ਜਾਵੇਗੀ ਪਰ ਉਸ 'ਤੇ ਵੀ ਅਮਲ ਨਹੀਂ ਹੋਇਆ। ਡਾ.ਅਜਨਾਲਾ ਨੇ ਦੱਸਿਆ ਕਿ ਇਸ ਵਾਅਦਾ ਖਿਲਾਫੀਆਂ ਵਿਰੁੱਧ 26 ਨਵੰਬਰ ਦੀ ਮਹਾਂ ਰੈਲੀ ਵਿੱਚ ਭਗਵੰਤ ਮਾਨ ਦੀ ਸਰਕਾਰ ਵਿਰੁੱਧ ਜ਼ੋਰਦਾਰ ਪ੍ਰਦਰਸ਼ਨ ਕੀਤਾ ਜਾਵੇਗਾ।

ਰੰਧਾਵਾ ਵੱਲੋਂ ਲਿੰਕ ਸੜਕ ਦਾ ਉਦਘਾਟਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਲਿੰਕ ਸੜਕ ਕਲਾਨੌਰ ਬੋਹੜ ਵਡਾਲਾ ਰੋਡ ਤੋਂ ਗੁਡਿਆਣਾ ਅਤੇ ਚੰਦੂ ਵਡਾਲਾ ਤੱਕ ਜਾਣ ਵਾਲੀ ਸੜਕ ਦੀ ਮੁਰੰਮਤ ਦਾ ਕੰਮ ਮੁਕੰਮਲ ਹੋਣ ਉਪਰੰਤ ਉਦਘਾਟਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ ਅਤੇ ਪਿੰਡਾਂ ਦੇ ਪੰਚ-ਸਰਪੰਚ ਮੌਜੂਦ ਸਨ। ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਆਵਾਜਾਈ ਦੀ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਸੜਕ ਦੀ ਮੁਰੰਮਤ ਦਾ ਕੰਮ ਪੂਰਾ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਸਿਰਫ਼ ਵਿਕਾਸ ਕਾਰਜਾਂ ਦੇ ਐਲਾਨ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਪੂਰਾ ਕਰਕੇ ਲੋਕਾਂ ਤੱਕ ਸਹੂਲਤਾਂ ਪਹੁੰਚਾਉਣਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਵਿਕਾਸ ਕਾਰਜ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ-ਨਾਲ ਪੇਂਡੂ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਜੇ ਐੱਮ ਕੇ ਇੰਟਰਨੈਸ਼ਨਲ ਸਕੂਲ ਦਾ ਸ਼ਾਨਦਾਰ ਸਿਲਵਰ ਜੁਬਲੀ ਸਮਾਰੋਹ

ਪਠਾਨਕੋਟ (ਦਵਿੰਦਰ ਸਿੰਘ) - ਜੇ.ਐਮ.ਕੇ. ਇੰਟਰਨੈਸ਼ਨਲ ਸਕੂਲ, ਪਠਾਨਕੋਟ ਵੱਲੋਂ ਆਪਣੀ ਸਥਾਪਨਾ ਦੇ 25 ਗੌਰਵਮਈ ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਸ਼ਨੀਵਾਰ ਨੂੰ ਆਪਣਾ ਸਿਲਵਰ ਜੁਬਲੀ ਸਮਾਰੋਹ ਬੜੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। 'ਪਰਿਵਰਤਨ: ਲੀਗੇਸੀ ਆਫ਼ ਪ੍ਰੋਗਰੈੱਸ' ਥੀਮ 'ਤੇ ਆਧਾਰਿਤ ਇਹ ਸਮਾਗਮ ਸੰਸਥਾ ਦੀ ਢਾਈ ਦਹਾਕਿਆਂ ਦੀ ਵਿੱਦਿਅਕ ਉੱਤਮਤਾ, ਪ੍ਰਾਪਤੀਆਂ ਅਤੇ ਨਿਰੰਤਰ ਤਰੱਕੀ ਦਾ ਜਿਉਂਦਾ-ਜਾਗਦਾ ਸਬੂਤ ਬਣਿਆ। ਡਾਇਰੈਕਟਰ ਅਤੇ ਪ੍ਰਿੰਸੀਪਲ ਡਾ. ਨੀਰਜ ਮੋਹਨ ਪੁਰੀ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਰੋਹ ਵਿੱਚ ਪਠਾਨਕੋਟ ਦੇ ਵਿਧਾਇਕ ਅਸ਼ਵਨੀ ਕੁਮਾਰ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸਕੂਲ ਦੇ ਚੇਅਰਮੈਨ ਅਨੂਜ ਸੂਦ, ਵਾਈਸ ਚੇਅਰਪਰਸਨ ਵੰਦਨਾ ਸੂਦ, ਮੈਨੇਜਿੰਗ ਡਾਇਰੈਕਟਰ ਤਾਨਿਆ ਸੂਦ ਅਤੇ ਡਾਇਰੈਕਟਰ ਸੋਮਾਂਸ਼ੂ ਸੂਦ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ। ਸਕੂਲ ਪ੍ਰਬੰਧਕ ਕਮੇਟੀ, ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਸਾਰੇ ਪਤਵੰਤੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੀ ਰਸਮੀ ਸ਼ੁਰੂਆਤ ਮਹਿਮਾਨਾਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ।ਸਮਾਰੋਹ ਦਾ ਮੁੱਖ ਆਕਰਸ਼ਣ



ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਰਿਹਾ, ਜਿਸ ਵਿੱਚ ਉਨ੍ਹਾਂ ਨੇ ਆਪਣੀ ਸਿਰਜਣਾਤਮਕਤਾ ਅਤੇ ਕਲਾ ਕੌਸ਼ਲ ਦਾ ਬਿਹਤਰੀਨ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਡਿਵਾਈਨ ਪਲਸ ਆਫ ਯੂਨੀਵਰਸ, ਸ਼ਿਵ ਵਿਆਹ, ਰਾਧਾ-ਕ੍ਰਿਸ਼ਨ ਲੀਲਾ, ਆਰਮੀ, ਸੁਪਰ ਹੀਰੋਜ਼ , ਫੋਕ ਕਲਚਰ ਡਾਇਵਰਸਿਟੀ, ਫ਼ੈਂਡਮ, ਬਾਲੀਵੁੱਡ ਅਤੇ ਹਿੱਪ-ਹੌਪ, ਪੈਸ਼ਨ ਵਰਸਿਜ਼ ਐਗਜ਼ਾਮ, ਮੋਬਾਈਲ, ਕਰਾਟੇ ਅਤੇ ਸੈਲਫ ਡਿਫੈਂਸ ਤੇ ਪੰਜਾਬੀ ਸੱਭਿਆਚਾਰ ਵਰਗੇ ਵੱਖ-ਵੱਖ ਵਿਸ਼ਿਆਂ 'ਤੇ ਸ਼ਾਨਦਾਰ ਪੇਸ਼ਕਾਰੀਆਂ ਦੇ ਕੇ ਦਰਸ਼ਕਾਂ ਦਾ ਮਨ ਮੋਹ ਲਿਆ। ਮੁੱਖ ਮਹਿਮਾਨ ਵਿਧਾਇਕ ਅਸ਼ਵਨੀ ਕੁਮਾਰ ਸ਼ਰਮ

ਨਵਾਂ ਜ਼ਮਾਨਾ
ਸੋਮਵਾਰ, 23 ਨਵੰਬਰ 2026

ਕਦਰਾਂ-ਕੀਮਤਾਂ ਬਚਾਉਣ ਦੀ ਲੜਾਈ

ਵਰਤਮਾਨ ਹਾਕਮ ਵੋਟਰ ਸੂਚੀਆਂ ਤੋਂ ਆਪਣੇ ਵਿਰੋਧੀਆਂ ਦੇ ਨਾਂਅ ਮਿਟਾਉਣਾ ਚਾਹੁੰਦੇ ਹਨ, ਤਾਂ ਜੋ ਉਹ ਚੋਣਾਂ ਜਿੱਤਦੇ ਰਹਿ ਸਕਣ, ਭਾਵੇਂ ਉਨ੍ਹਾਂ ਦੀ ਪ੍ਰਸਿੱਧੀ ਕਿੰਨੀ ਵੀ ਘਟ ਜਾਵੇ। ਵੋਟਰਾਂ ਨੂੰ ਛਾਂਗਣ ਲਈ ਵੋਟਰ ਸੂਚੀਆਂ ਦੀ ਡੂੰਘੀ ਸੁਧਾਈ (ਐੱਸ ਆਈ ਆਰ) ਨੂੰ ਜਾਇਜ਼ ਠਹਿਰਾਉਣ ਲਈ ਭਾਜਪਾ, ਇਸ ਦੀਆਂ ਸਰਕਾਰਾਂ ਅਤੇ ਨੇਤਾ ਉੱਚੀ ਆਵਾਜ਼ ਵਿੱਚ ਦਾਅਵੇ ਕਰ ਰਹੇ ਹਨ ਕਿ ਵੱਡੀ ਗਿਣਤੀ ਵਿੱਚ ਬੰਗਲਾਦੇਸ਼ੀ ਘੁਸਪੈਠੀਏ ਭਾਰਤ ਵਿੱਚ ਰਹਿ ਰਹੇ ਹਨ। ਹਾਲਾਂਕਿ ਤੱਥ ਉਨ੍ਹਾਂ ਦੇ ਦਾਅਵਿਆਂ ਨਾਲ ਮੇਲ ਨਹੀਂ ਖਾਂਦੇ।

ਭਾਰਤ ਦੀ ਸੱਤਾਧਾਰੀ ਪਾਰਟੀ ਪਹਿਲਾਂ ਹੀ ਨਿਆਂਪਾਲਿਕਾ ਵਿੱਚ ਘੁਸਪੈਠ ਕਰ ਚੁੱਕੀ ਹੈ। ਇਸ ਨੇ ਇਸ ਨੂੰ ਡੂੰਘਾ ਪ੍ਰਭਾਵਤ ਕੀਤਾ ਹੈ। ਇਸ ਨੇ ਕਈ ਖ਼ੁਦਮੁਖਤਿਆਰ ਸੰਸਥਾਵਾਂ ਨੂੰ ਕਠਪੁਤਲੀਆਂ ਵਿੱਚ ਬਦਲ ਦਿੱਤਾ ਹੈ ਅਤੇ ਲੋਕਾਂ ਦੇ ਜਮਹੂਰੀ ਅਧਿਕਾਰਾਂ ਨੂੰ ਹਰ ਤਰ੍ਹਾਂ ਨਾਲ ਖਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਅਜਿਹੀ ਸਥਿਤੀ ਵਿੱਚ ਆਪੋਜ਼ੀਸ਼ਨ ਪਾਰਟੀਆਂ, ਖਾਸਕਰ ਖੱਬੀਆਂ ਪਾਰਟੀਆਂ ਦਾ ਉਸ ਨੂੰ ਫਾਸ਼ੀਵਾਦੀ ਕਹਿਣਾ ਬੇਤੁਕਾ ਨਹੀਂ ਜਾਪਦਾ। ਭਾਜਪਾ ਨੂੰ ਪੈਦਾ ਕਰਨ ਵਾਲੇ ਰਾਸ਼ਟਰੀ ਸੋਇਮਸੇਵਕ ਸੰਘ (ਆਰ ਐੱਸ ਐੱਸ) ਦੀ ਸਥਾਪਨਾ ਸਮਾਜ ਦੇ ਉਨ੍ਹਾਂ ਹਿੱਸਿਆਂ ਵੱਲੋਂ ਕੀਤੀ ਗਈ ਸੀ, ਜੋ ਬ੍ਰਿਟਿਸ਼ ਸ਼ਾਸਨ ਦੌਰਾਨ ਸ਼ੁਰੂ ਹੋਏ ਲੋਕਤੰਤਰ-ਪੱਖੀ ਅੰਦੋਲਨਾਂ ਦਾ ਵਿਰੋਧ ਕਰਦੇ ਸਨ। ਇਹ ਵਿਅਕਤੀ ਜਗੀਰੂ, ਜ਼ਿਮੀਂਦਾਰ ਅਤੇ ਪੁਜਾਰੀ ਵਰਗ ਨਾਲ ਸੰਬੰਧਤ ਸਨ, ਜੋ ਜਗੀਰੂ ਦਰਜਾਬੰਦੀ ਦੀਆਂ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣਾ ਚਾਹੁੰਦੇ ਸਨ। ਇਹ ਵਿਅਕਤੀ ਨਾ ਸਿਰਫ ਬ੍ਰਿਟਿਸ਼ ਵਿਰੋਧੀ ਸੰਘਰਸ਼ ਤੋਂ ਦੂਰ ਰਹੇ, ਸਗੋਂ ਸਮਾਜਿਕ ਅਤੇ ਲੋਕਤੰਤਰੀ ਸੁਧਾਰ ਅੰਦੋਲਨਾਂ ਦਾ ਵੀ ਵਿਰੋਧ ਕਰਦੇ ਸਨ। ਉਹ ਨਹੀਂ ਚਾਹੁੰਦੇ ਸਨ ਕਿ ਮਜ਼ਦੂਰਾਂ ਨੂੰ ਯੂਨੀਅਨਾਂ ਬਣਾਉਣ ਦਾ ਅਧਿਕਾਰ ਮਿਲੇ ਅਤੇ ਉਹ ਨਹੀਂ ਚਾਹੁੰਦੇ ਸਨ ਕਿ ਦਲਿਤਾਂ ਅਤੇ ਔਰਤਾਂ ਨੂੰ ਸਿੱਖਿਆ ਮਿਲੇ। ਇੰਡੀਅਨ ਨੈਸ਼ਨਲ ਕਾਂਗਰਸ ਨੇ ਆਜ਼ਾਦੀ ਅਤੇ ਲੋਕਤੰਤਰ ਪ੍ਰਾਪਤ ਕਰਨ ਲਈ ਇੱਕ ਲੰਮੀ ਲੜਾਈ ਲੜਦੇ ਹੋਏ, ਰਾਸ਼ਟਰੀ ਅੰਦੋਲਨ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇੱਕ ਪਾਸੇ ਮੁਸਲਿਮ ਲੀਗ ਅਤੇ ਦੂਜੇ ਪਾਸੇ ਆਰ ਐੱਸ ਐੱਸ-ਹਿੰਦੂ ਮਹਾਂਸਭਾ ਨੇ ਆਪਣੇ-ਆਪਣੇ ਧਰਮਾਂ ਦੇ ਨਾਂਅ 'ਤੇ ਵੱਖਰੇ ਰਾਸ਼ਟਰਾਂ ਦੀ ਮੰਗ ਕੀਤੀ। ਬਾਅਦ ਵਿੱਚ ਆਰ ਐੱਸ ਐੱਸ ਨੇ ਭਾਰਤੀ ਸੰਵਿਧਾਨ ਅਤੇ ਤਿਰੰਗੇ ਝੰਡੇ ਦਾ ਵਿਰੋਧ ਕੀਤਾ, ਮਨੂੰ ਸਿਮਰਤੀ ਦੇ ਮੁੱਲਾਂ ਨੂੰ ਬਰਕਰਾਰ ਰੱਖਿਆ ਅਤੇ ਭਾਰਤੀ ਸੰਵਿਧਾਨ ਵਿੱਚ ਦਰਜ ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੇ ਮੁੱਲਾਂ ਦਾ ਵਿਰੋਧ ਕੀਤਾ। ਆਰ ਐੱਸ ਐੱਸ ਦੇ ਦੂਜੇ ਸਰਸੰਘਚਾਲਕ ਐੱਮ ਐੱਸ ਗੋਲਵਲਕਰ ਨੇ ਹਿੰਦੂ ਰਾਸ਼ਟਰਵਾਦੀ ਰਾਜਨੀਤੀ ਦੇ ਦੋ ਬੁਨਿਆਦੀ ਸਿਧਾਂਤ ਸਥਾਪਤ ਕੀਤੇ, ਜੋ ਅੱਜ ਦੀ ਭਾਜਪਾ ਰਾਜਨੀਤੀ ਦਾ ਆਧਾਰ ਬਣਦੇ ਹਨ। ਪਹਿਲਾ, ਉਸ ਨੇ ਮੁਸਲਮਾਨਾਂ, ਈਸਾਈਆਂ ਅਤੇ ਕਮਿਊਨਿਸਟਾਂ ਨੂੰ ਦੇਸ਼ ਦੇ ਅੰਦਰੂਨੀ ਦੁਸ਼ਮਣ ਐਲਾਨਿਆ ਅਤੇ ਦੂਜਾ, ਉਸ ਨੇ ਮਨੂੰ ਸਿਮਰਤੀ ਅਤੇ ਇਸ ਦੀ ਅੰਦਰੂਨੀ ਜਾਤੀ ਅਤੇ ਲਿੰਗ ਦਰਜਾਬੰਦੀ ਦੀ ਵਡਿਆਈ ਕੀਤੀ। ਭਾਰਤ ਦਾ ਫਾਸ਼ੀਵਾਦ ਜਰਮਨੀ ਤੋਂ ਥੋੜ੍ਹਾ ਵੱਖਰਾ ਹੈ, ਜਦੋਂ ਕਿ ਜਰਮਨੀ ਵਿੱਚ ਨਫਰਤ ਫੈਲਾਉਣ ਲਈ ਨਸਲ ਨੂੰ ਇੱਕ ਹਥਿਆਰ ਵਜੋਂ ਵਰਤਿਆ ਜਾਂਦਾ ਸੀ, ਭਾਰਤ ਵਿੱਚ ਇਸ ਉਦੇਸ਼ ਲਈ ਧਾਰਮਿਕ ਪਛਾਣ ਦੀ ਵਰਤੋਂ ਕੀਤੀ ਜਾ ਰਹੀ ਹੈ। ਰਾਮ ਮੰਦਰ, ਪਵਿੱਤਰ ਗਊ ਅਤੇ ਲਵ ਜੇਹਾਦ ਵਰਗੇ ਮੁੱਦਿਆਂ ਨੇ ਹਿੰਦੂ ਰਾਸ਼ਟਰਵਾਦ ਨੂੰ ਮਜ਼ਬੂਤ ਕਰਨ ਵਿੱਚ ਵੱਡੀ ਭੂਮਿਕਾ ਨਿਭਾਈ ਹੈ। ਮਹਾਤਮਾ ਗਾਂਧੀ ਨੇ ਆਰ ਐੱਸ ਐੱਸ ਨੂੰ 'ਤਾਨਾਸ਼ਾਹੀ ਮਾਨਸਿਕਤਾ ਵਾਲਾ ਫਿਰਕੂ ਸੰਗਠਨ' ਦੱਸਿਆ ਸੀ।

ਅੱਜ ਜਦੋਂ ਅਸੀਂ ਐੱਸ ਆਈ ਆਰ ਦੇ ਵਿਰੁੱਧ ਖੜ੍ਹੇ ਹਾਂ, ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਭਾਜਪਾ ਸਰਕਾਰ ਕੋਈ ਆਮ ਸਰਕਾਰ ਨਹੀਂ ਹੈ। ਇਸ ਨੇ ਸੱਤਾ ਵਿੱਚ ਆਉਣ ਲਈ ਹਰ ਸੰਭਵ ਹੱਥਕੰਡੇ ਵਰਤੇ ਹਨ ਅਤੇ ਹੁਣ ਅਣਮਿੱਥੇ ਸਮੇਂ ਲਈ ਸੱਤਾ ਵਿੱਚ ਬਣੇ ਰਹਿਣਾ ਚਾਹੁੰਦੀ ਹੈ। ਇਹ ਇਸ ਤੱਥ ਦੇ ਬਾਵਜੂਦ ਹੈ ਕਿ ਇਸ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਵੱਡੀ ਗਿਣਤੀ ਵਿੱਚ ਲੋਕ ਇਸ ਦੇ ਵਿਰੁੱਧ ਹੋ ਗਏ ਹਨ। ਐੱਸ ਆਈ ਆਰ ਭਾਰਤੀ ਲੋਕਤੰਤਰ ਲਈ ਸਭ ਤੋਂ ਵੱਡਾ ਖਤਰਾ ਹੈ ਕਿਉਂਕਿ ਇਹ ਵੱਡੀ ਗਿਣਤੀ ਵਿੱਚ ਉਨ੍ਹਾਂ ਲੋਕਾਂ ਨੂੰ ਵਾਂਝੇ ਕਰ ਰਹੀ ਹੈ, ਜੋ ਭਾਜਪਾ ਦੇ ਵਿਰੁੱਧ ਵੋਟ ਪਾਉਂਦੇ ਹਨ। ਸੰਵਿਧਾਨ ਅਤੇ ਆਜ਼ਾਦੀ ਅੰਦੋਲਨ ਦੀਆਂ ਕਦਰਾਂ-ਕੀਮਤਾਂ ਅੱਜ ਗੰਭੀਰ ਖਤਰੇ ਵਿੱਚ ਹਨ, ਪਰ ਸਾਨੂੰ ਉਮੀਦ ਨਹੀਂ ਛੱਡਣੀ ਚਾਹੀਦੀ। ਸਾਨੂੰ ਭਰੋਸਾ ਰੱਖਣਾ ਚਾਹੀਦਾ ਹੈ ਕਿ ਸਾਡੇ ਯਤਨ ਲੋਕਤੰਤਰੀ ਸਿਧਾਂਤਾਂ ਨੂੰ ਬਹਾਲ ਕਰਨਗੇ।

ਠਾਹ ਨਹੀਂ ਠੁੱਸ-ਫੁੱਸ !

ਵਫਾਦਾਰੀ ਛੱਡ ਪੌਣ-ਕੁੱਕੜ ਹੀ ਬਣੀ ਜਾਂਦੇ,
ਜਿੱਧਰੋਂ ਵੀ 'ਚਾਰਾ' ਮਿਲੇ ਉੱਧਰੋਂ ਚਰਨਗੇ।
ਚਾਰ ਦਿਨ ਮੀਡੀਏ 'ਚ ਖੂਬ ਹੋਊ ਚਰਚਾ ਵੀ,
'ਫੰਡ' ਲੈ ਕੇ ਜਾਣੂਆਂ ਤੋਂ ਜੇਬਾਂ ਵੀ ਭਰਨਗੇ।
ਪਹਿਲੇ ਲਾਏ ਹੋਏ ਲਾਰੇ ਹਵਾ 'ਚ ਲਟਕਦੇ ਨੇ,
ਨਵੇਂ ਵਾਅਦੇ ਕਰਨੇ ਤੋਂ ਜ਼ਰਾ ਨਹੀਂ ਡਰਨਗੇ।
ਆਵੇ ਭੋਰਾ ਸੰਗ ਨਾ ਝੂਠਿਆਂ ਮੱਕਾਰਾਂ ਤਾਈਂ,
ਲਾਹਣਤਾਂ ਜੋ ਪੈਣੀਆਂ ਨੇ 'ਹੱਸ ਕੇ' ਜਰਨਗੇ।
ਹੋਣਾ ਨਹੀਂ ਅਨੋਖਾ ਕੁਝ ਬੀਤੇ ਹੋਏ ਸਮੇਂ ਨਾਲੋਂ,
ਲੀਡਰਾਂ ਨੇ ਜਿੱਤ ਜਾਣਾ 'ਲੋਕ' ਹੀ ਹਰਨਗੇ।
'ਚੱਲੇ ਕਾਰਤੂਸਾਂ' ਨੂੰ ਜੋ ਫੇਰ ਤੋਂ ਚਲਾਉਣ ਲੱਗੇ,
'ਠਾਹ' ਦੀ ਬਜਾਏ 'ਠੁੱਸ-ਫੁੱਸ' ਹੀ ਕਰਨਗੇ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

ਜੇਲ੍ਹ ਭਰੋ ਅੰਦੋਲਨ ਦਾ ਮੌਜੂਦਾ ਸਿਆਸੀ ਹਾਲਾਤ 'ਚ ਮਹੱਤਵ


ਐੱਮ ਐੱਸ ਭਾਟੀਆ

ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਜਦੋਂ ਵੀ ਸੱਤਾ 'ਤੇ ਕਾਬਜ਼ ਹਾਕਮ ਆਮ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਵਿੱਚ ਅਸਫਲ ਰਹਿੰਦੇ ਹਨ, ਜਦੋਂ ਸਰਕਾਰਾਂ ਲੋਕਾਂ ਦੀਆਂ ਬੁਨਿਆਦੀ ਲੋੜਾਂ ਅਤੇ ਆਸਾਂ-ਉਮੀਦਾਂ ਅਨੁਸਾਰ ਨੀਤੀਆਂ ਬਣਾਉਣ ਦੀ ਬਜਾਏ ਆਪਣੇ ਸਿਆਸੀ ਅਤੇ ਆਰਥਿਕ ਹਿੱਤਾਂ ਨੂੰ ਪਹਿਲ ਦੇਣ ਲੱਗਦੀਆਂ ਹਨ ਅਤੇ ਜਦੋਂ ਲੋਕਾਂ ਦੀ ਆਵਾਜ਼ ਨੂੰ ਦਬਾਉਣ ਲਈ ਸਰਕਾਰੀ ਤਾਕਤ ਦੀ ਵਰਤੋਂ ਕੀਤੀ ਜਾਂਦੀ ਹੈ ਤਾਂ ਲੋਕਾਂ ਦਾ ਗੁੱਸਾ ਸੰਘਰਸ਼ ਦੇ ਰੂਪ ਵਿੱਚ ਸਾਹਮਣੇ ਆਉਂਦਾ ਹੈ।

ਦੁਨੀਆ ਦੇ ਇਤਿਹਾਸ ਵਿੱਚ ਅਜਿਹੀਆਂ ਅਨੇਕਾਂ ਉਦਾਹਰਣਾਂ ਮੌਜੂਦ ਹਨ, ਜਿੱਥੇ ਜਨਤਕ ਲਹਿਰਾਂ, ਅਸਹਿਯੋਗ ਅੰਦੋਲਨ, ਲੰਮੇ ਮਾਰਚ, ਸਿਵਲ ਨਾ-ਫ਼ਰਮਾਨੀ ਅਤੇ ਬਗਾਵਤਾਂ ਨੇ ਸਥਾਪਤ ਸੱਤਾ ਪ੍ਰਬੰਧਾਂ ਨੂੰ ਬਦਲਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਸੱਤਾ ਭਾਵੇਂ ਕਿੰਨੀ ਵੀ ਤਾਕਤਵਰ ਜਾਂ ਦਮਨਕਾਰੀ ਕਿਉਂ ਨਾ ਹੋਵੇ, ਜੇਕਰ ਉਸ ਦੇ ਵਿਰੁੱਧ ਲੋਕਾਂ ਦਾ ਵਿਸ਼ਾਲ ਜਨਤਕ ਰੋਹ ਖੜ੍ਹਾ ਹੋ ਜਾਵੇ ਤਾਂ ਉਸ ਨੂੰ ਲੋਕਾਂ ਦੀ ਤਾਕਤ ਅੱਗੇ ਝੁਕਣਾ ਹੀ ਪੈਂਦਾ ਹੈ।

ਭਾਰਤ ਦੀ ਆਜ਼ਾਦੀ ਦਾ ਇਤਿਹਾਸ ਵੀ ਅਜਿਹੇ ਸੰਘਰਸ਼ਾਂ, ਕੁਰਬਾਨੀਆਂ ਅਤੇ ਲੋਕ ਏਕਤਾ ਦੀ ਦਾਸਤਾਨ ਹੈ। ਭਗਤ ਸਿੰਘ, ਰਾਜਗੁਰੂ, ਸੁਖਦੇਵ ਵਰਗੇ ਨੌਜਵਾਨਾਂ ਨੇ ਫਾਂਸੀ ਦੇ ਰੱਸੇ ਚੁੰਮ ਕੇ ਸਾਮਰਾਜਵਾਦ ਵਿਰੁੱਧ ਆਪਣੀ ਜ਼ਿੰਦਗੀ ਕੁਰਬਾਨ ਕਰ ਦਿੱਤੀ। ਗ਼ਦਰ ਲਹਿਰ, ਕਿਸਾਨਾਂ ਅਤੇ ਮਜ਼ਦੂਰਾਂ ਦੇ ਸੰਘਰਸ਼, ਜੇਲ੍ਹਾਂ ਵਿੱਚ ਭੁੱਖ ਹੜਤਾਲਾਂ ਅਤੇ ਦੇਸ਼ ਵਿੱਚ ਚਲਾਏ ਗਏ ਅਸਹਿਯੋਗ ਤੇ ਸਿਵਲ ਨਾ-ਫ਼ਰਮਾਨੀ ਦੇ ਅੰਦੋਲਨਾਂ ਨੇ ਅੰਗਰੇਜ਼ੀ ਹਕੂਮਤ ਦੀਆਂ ਜੜ੍ਹਾਂ ਹਿਲਾ ਦਿੱਤੀਆਂ। ਇਹ ਆਜ਼ਾਦੀ ਕਿਸੇ ਹਾਕਮ ਦੀ ਮਿਹਰਬਾਨੀ ਨਾਲ ਨਹੀਂ, ਸਗੋਂ ਲੱਖਾਂ ਲੋਕਾਂ ਦੀਆਂ ਕੁਰਬਾਨੀਆਂ ਅਤੇ ਲੰਮੇ ਸੰਘਰਸ਼ਾਂ ਨਾਲ ਪ੍ਰਾਪਤ ਹੋਈ ਸੀ।

ਅੱਜ ਦੇਸ਼ ਇੱਕ ਵਾਰ ਫਿਰ ਗੰਭੀਰ ਸਿਆਸੀ, ਸਮਾਜਿਕ, ਸੱਭਿਆਚਾਰਕ ਅਤੇ ਆਰਥਿਕ ਦੌਰ ਵਿੱਚੋਂ ਲੰਘ ਰਿਹਾ ਹੈ। ਮਹਿੰਗਾਈ, ਬੇਰੁਜ਼ਗਾਰੀ, ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ, ਸਿੱਖਿਆ ਅਤੇ ਸਿਹਤ ਸੇਵਾਵਾਂ ਦਾ ਵਧ ਰਿਹਾ ਨਿੱਜੀਕਰਨ, ਸਮਾਜਿਕ ਅਸਮਾਨਤਾ ਅਤੇ ਲੋਕਤੰਤਰੀ ਸੰਸਥਾਵਾਂ ਦੀ ਭਰੋਸੇਯੋਗਤਾ ਬਾਰੇ ਉਠ ਰਹੇ ਸਵਾਲ ਆਮ ਲੋਕਾਂ ਦੀ ਜ਼ਿੰਦਗੀ ਨੂੰ ਪ੍ਰਭਾਵਤ ਕਰ ਰਹੇ ਹਨ। ਦੂਜੇ ਪਾਸੇ, ਫਿਰਕੂ ਅਤੇ ਜਾਤੀ ਆਧਾਰਿਤ ਵੰਡਪਾਊ ਸਿਆਸਤ ਸਮਾਜਿਕ ਏਕਤਾ ਲਈ ਗੰਭੀਰ ਚੁਣੌਤੀ ਬਣ ਰਹੀ ਹੈ।

ਲੋਕਤੰਤਰ ਸਿਰਫ਼ ਪੰਜ ਸਾਲ ਬਾਅਦ ਵੋਟ ਪਾਉਣ ਦਾ ਨਾਂਅ ਨਹੀਂ, ਸਗੋਂ ਸਰਕਾਰਾਂ ਨੂੰ ਲੋਕਾਂ ਪ੍ਰਤੀ ਜਵਾਬਦੇਹ ਬਣਾਉਣ ਦਾ ਪ੍ਰਬੰਧ ਵੀ ਹੈ। ਜੇਕਰ ਲੋਕ ਆਪਣੀਆਂ ਸਮੱਸਿਆਵਾਂ ਬਾਰੇ ਸਵਾਲ ਉਠਾਉਣ, ਵਿਰੋਧ ਕਰਨ ਅਤੇ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਨ ਦੇ ਅਧਿਕਾਰ ਤੋਂ ਵਾਂਝੇ ਕਰ ਦਿੱਤੇ ਜਾਣ ਤਾਂ ਲੋਕਤੰਤਰ ਦੀ ਬੁਨਿਆਦੀ ਭਾਵਨਾ ਹੀ ਖ਼ਤਰੇ ਵਿੱਚ ਪੈ ਜਾਂਦੀ ਹੈ।

ਇਸੇ ਪ੍ਰਸੰਗ ਵਿੱਚ ਚੋਣ ਪ੍ਰਣਾਲੀ ਅਤੇ ਵੋਟਰ ਸੂਚੀਆਂ ਦੀ ਭਰੋਸੇਯੋਗਤਾ ਦਾ ਸਵਾਲ ਵੀ ਬੇਹੱਦ ਮਹੱਤਵਪੂਰਨ ਬਣ ਗਿਆ ਹੈ। ਭਾਰਤੀ ਕਮਿਊਨਿਸਟ ਪਾਰਟੀ ਦਾ ਦੋਸ਼ ਹੈ ਕਿ ਮੁੱਖ ਚੋਣ ਕਮਿਸ਼ਨਰ ਦੀ ਨਿਯੁਕਤੀ ਸੰਬੰਧੀ 2023 ਦਾ ਕਾਨੂੰਨ ਚੋਣ ਕਮਿਸ਼ਨ ਦੀ ਸੰਸਥਾਗਤ ਨਿਰਪੱਖਤਾ ਨੂੰ ਕਮਜ਼ੋਰ ਕਰਦਾ ਹੈ। ਇਸ ਤੋਂ ਇਲਾਵਾ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੁਧਾਈ (ਐੱਸ ਆਈ ਆਰ) ਦੌਰਾਨ ਵੱਡੀ ਗਿਣਤੀ ਵਿੱਚ ਵੋਟਰਾਂ ਦੇ ਨਾਂਅ ਕੱਟੇ ਜਾਣ ਨੂੰ ਲੈ ਕੇ ਵੀ ਗੰਭੀਰ ਇਤਰਾਜ਼ ਉੱਠ ਰਹੇ ਹਨ। ਸੀ ਪੀ ਆਈ ਅਨੁਸਾਰ 13 ਕਰੋੜ ਤੋਂ ਵੱਧ ਵੋਟਰਾਂ ਦੇ ਨਾਂਅ ਕੱਟੇ ਜਾਣ ਦੇ ਮਾਮਲੇ ਦੀ ਜਾਂਚ ਕਰਕੇ ਯੋਗ ਵੋਟਰਾਂ ਦੇ ਨਾਂਅ ਬਹਾਲ ਕੀਤੇ ਜਾਣੇ ਚਾਹੀਦੇ ਹਨ। ਚੋਣ ਪ੍ਰਣਾਲੀ ਵਿੱਚ ਲੋਕਾਂ ਦਾ ਵਿਸ਼ਵਾਸ ਬਣਾਈ ਰੱਖਣਾ ਕਿਸੇ ਇੱਕ ਪਾਰਟੀ ਦਾ ਨਹੀਂ, ਸਗੋਂ ਸਮੁੱਚੇ ਲੋਕਤੰਤਰ ਦਾ ਸਵਾਲ ਹੈ।

ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਸੰਘਰਸ਼ ਵੀ ਇਸੇ ਬੇਚੈਨੀ ਦਾ ਪ੍ਰਗਟਾਵਾ ਹਨ। ਪੇਪਰ ਲੀਕ, ਭਰਤੀ ਪ੍ਰੀਖਿਆਵਾਂ ਵਿੱਚ ਬੇਨਿਯਮੀਆਂ, ਸਰਕਾਰੀ ਨੌਕਰੀਆਂ ਦੀਆਂ ਖਾਲੀ ਅਸਾਮੀਆਂ ਅਤੇ ਸਿੱਖਿਆ ਪ੍ਰਬੰਧ ਦੀਆਂ ਖਾਮੀਆਂ ਵਿਰੁੱਧ ਨੌਜਵਾਨਾਂ ਵੱਲੋਂ ਵਾਰ-ਵਾਰ ਆਵਾਜ਼ ਉਠਾਈ ਜਾ ਰਹੀ ਹੈ। ਉਨ੍ਹਾਂ ਦੀ ਮੰਗ ਸਿਰਫ਼ ਨੌਕਰੀਆਂ ਦੀ ਨਹੀਂ, ਸਗੋਂ ਇੱਕ ਅਜਿਹੇ ਭਵਿੱਖ ਦੀ ਹੈ ਜਿਸ ਵਿੱਚ ਮਿਹਨਤ ਅਤੇ ਯੋਗਤਾ ਨੂੰ ਸਨਮਾਨ ਮਿਲੇ।

ਇਸੇ ਤਰ੍ਹਾਂ ਪਹਿਲੀ ਨਵੰਬਰ ਨੂੰ ਦਿੱਲੀ ਵਿੱਚ 'ਇੰਡੀਆ' ਗਠਜੋੜ ਵੱਲੋਂ ਕੀਤੀ ਗਈ ਵਿਸ਼ਾਲ ਰੈਲੀ ਵੀ ਵਿਰੋਧੀ ਪਾਰਟੀਆਂ ਅਤੇ ਜਮਹੂਰੀ ਤਾਕਤਾਂ ਦੀ ਏਕਤਾ ਦਾ ਮਹੱਤਵਪੂਰਨ ਪ੍ਰਗਟਾਵਾ ਸੀ। ਇਸ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਨੇ ਵੀ ਆਪਣੀ ਸਰਗਰਮ ਭੂਮਿਕਾ ਨਿਭਾਈ। ਇਹ ਰੈਲੀ ਇਸ ਗੱਲ ਦਾ ਸੰਦੇਸ਼ ਸੀ ਕਿ ਦੇਸ਼ ਵਿੱਚ ਲੋਕਤੰਤਰ, ਸੰਵਿਧਾਨ, ਧਰਮ ਨਿਰਪੱਖਤਾ ਅਤੇ ਲੋਕਾਂ ਦੇ ਅਧਿਕਾਰਾਂ ਦੀ ਰਾਖੀ ਲਈ ਵੱਖ-ਵੱਖ ਸਿਆਸੀ ਅਤੇ ਸਮਾਜਿਕ ਤਾਕਤਾਂ ਇਕੱਠੀਆਂ ਹੋ ਰਹੀਆਂ ਹਨ।

ਇਸੇ ਸੰਘਰਸ਼ ਦੀ ਅਗਲੀ ਕੜੀ ਵਜੋਂ ਭਾਰਤੀ ਕਮਿਊਨਿਸਟ ਪਾਰਟੀ ਨੇ 1, 2 ਤੇ 3 ਦਸੰਬਰ ਨੂੰ ਦੇਸ਼ ਭਰ ਵਿੱਚ ਜ਼ਿਲ੍ਹਾ ਪੱਧਰ 'ਤੇ ਜੇਲ੍ਹ ਭਰੋ ਅੰਦੋਲਨ ਕਰਨ ਦਾ ਸੱਦਾ ਦਿੱਤਾ ਹੈ।

ਇਸ ਅੰਦੋਲਨ ਦਾ ਨਾਅਰਾ ਹੈ—ਵੱਡੇ ਪੱਧਰ 'ਤੇ ਹੋ ਰਹੀ ਲੁੱਟ ਅਤੇ ਜ਼ੁਲਮ ਦੇ ਨਿਜ਼ਾਮ ਨੂੰ ਬਦਲੋ ਜਾਂ ਸਾਨੂੰ ਜੇਲ੍ਹਾਂ ਵਿੱਚ ਡੱਕ ਦਿਓ' ਯਾਨੀ ਕਿ ਬਦਲਾਵ ਜਾਂ ਜੇਲ੍ਹ।

ਇਹ ਸੱਦਾ ਸਿਰਫ਼ ਇੱਕ ਸਿਆਸੀ ਨਾਅਰਾ ਨਹੀਂ, ਸਗੋਂ ਦੇਸ਼ ਦੀਆਂ ਮੌਜੂਦਾ ਸਮੱਸਿਆਵਾਂ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨ ਦੀ ਕੋਸ਼ਿਸ਼ ਹੈ। ਪਾਰਟੀ ਨੇ ਆਪਣੀਆਂ ਮੰਗਾਂ ਵਿੱਚ ਚੋਣ ਪ੍ਰਣਾਲੀ ਵਿੱਚ ਸੁਧਾਰ, ਮੁੱਖ ਚੋਣ ਕਮਿਸ਼ਨਰ ਨੂੰ ਅਹੁਦੇ ਤੋਂ ਹਟਾਉਣ, ਵੋਟਰ ਸੂਚੀਆਂ ਵਿੱਚੋਂ ਗੈਰ-ਕਾਨੂੰਨੀ ਢੰਗ ਨਾਲ ਕੱਟੇ ਗਏ ਨਾਮ ਬਹਾਲ ਕਰਨ, ਈ ਵੀ ਐੱਮ ਦੀ ਥਾਂ ਬੈਲਟ ਪੇਪਰ ਰਾਹੀਂ ਵੋਟਿੰਗ, ਮਹਿੰਗਾਈ 'ਤੇ ਕਾਬੂ ਅਤੇ ਹਰ ਨੌਜਵਾਨ ਨੂੰ ਰੁਜ਼ਗਾਰ ਦੇਣ ਵਰਗੀਆਂ ਮੰਗਾਂ ਉਠਾਈਆਂ ਹਨ।

ਇਸ ਤੋਂ ਇਲਾਵਾ ਕੇਂਦਰ ਅਤੇ ਰਾਜ ਸਰਕਾਰਾਂ ਦੇ ਵਿਭਾਗਾਂ, ਜਨਤਕ ਅਤੇ ਨਿੱਜੀ ਖੇਤਰ ਦੇ ਅਦਾਰਿਆਂ, ਵਿਦਿਅਕ ਸੰਸਥਾਵਾਂ ਅਤੇ ਹਸਪਤਾਲਾਂ ਵਿੱਚ ਖਾਲੀ ਪਈਆਂ ਅਸਾਮੀਆਂ ਭਰਨ, ਸਾਰਿਆਂ ਲਈ ਮੁਫ਼ਤ ਅਤੇ ਵਿਗਿਆਨਕ ਸਿੱਖਿਆ ਤੇ ਸਿਹਤ ਸੇਵਾਵਾਂ ਯਕੀਨੀ ਬਣਾਉਣ, ਮਹਿਲਾ ਰਾਖਵਾਂਕਰਨ ਕਾਨੂੰਨ ਲਾਗੂ ਕਰਨ ਅਤੇ ਅਨੁਸੂਚਿਤ ਜਾਤੀਆਂ ਤੇ ਜਨਜਾਤੀਆਂ ਦੇ ਅਧਿਕਾਰਾਂ ਦੀ ਕਾਨੂੰਨੀ ਗਾਰੰਟੀ ਦੇਣ ਦੀ ਮੰਗ ਵੀ ਕੀਤੀ ਗਈ ਹੈ।

ਮੰਗਾਂ ਦਾ ਇੱਕ ਅਹਿਮ ਹਿੱਸਾ ਮਜ਼ਦੂਰਾਂ ਦੇ ਅਧਿਕਾਰਾਂ ਦੀ ਰਾਖੀ ਅਤੇ ਚਾਰ ਲੇਬਰ ਕੋਡਾਂ ਨੂੰ ਰੱਦ ਕਰਨਾ ਹੈ। ਕਮਿਊਨਿਸਟ ਪਾਰਟੀ ਦਾ ਮੰਨਣਾ ਹੈ ਕਿ ਇਨ੍ਹਾਂ ਕਿਰਤ

ਨਸ਼ਿਆਂ ਕਾਰਨ ਪੁੱਤਾਂ ਨੂੰ ਗੁਆਉਣ ਵਾਲੀਆਂ ਮਾਵਾਂ ਦੀ ਪੀੜ ਸ਼ਬਦਾਂ 'ਚ ਬਿਆਨ ਕਰਨੀ ਔਖੀ : ਚੰਨੀ

ਜਲਾਲਪੁਰ ਕਾਂਗਰਸ ਦਾ ਸੱਚਾ ਸਿਪਾਹੀ, ਘਨੌਰ ਤੋਂ ਹੀ ਲੜੇਗਾ ਚੋਣ



ਪਟਿਆਲਾ/ਸਨੌਰ/ਘਨੌਰ (ਰਾਜਿੰਦਰ ਸਿੰਘ ਥਿੰਦ)-ਪੰਜਾਬ ਦੀ ਰਾਜਨੀਤੀ 'ਚ ਅੱਜ ਸਭ ਤੋਂ ਭਾਵੁਕ ਤੇ ਸਭ ਤੋਂ ਵੱਡੀ ਖ਼ਬਰ ਸਾਹਮਣੇ ਆਈ, ਜਦੋਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਾਬਕਾ ਵਿਧਾਇਕ ਮਦਨ ਜਲਾਲਪੁਰ ਦੇ ਘਰ ਦਸਤਕ ਦਿੱਤੀ ਤੇ ਨਸ਼ਿਆਂ ਕਾਰਨ ਪੁੱਤਾਂ ਨੂੰ ਗੁਆਉਣ ਵਾਲੀਆਂ ਮਾਵਾਂ ਦੀ ਪੀੜ 'ਤੇ ਮਾਨ ਸਰਕਾਰ ਨੂੰ ਘੇਰ ਲਿਆ।ਚੰਨੀ ਦੇ ਪਹੁੰਚਦੇ ਹੀ ਘਨੌਰ ਹਲਕੇ ਦੇ ਸੈਂਕੜੇ ਆਗੂ ਤੇ ਵਰਕਰ ਇਸ ਮੌਕੇ ਹਜ਼ਰ ਸਨ। ਇਸ ਮੌਕੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਤੇ ਬਿਜਲੀ ਬੋਰਡ ਦੇ ਸਾਬਕਾ ਪ੍ਰਬੰਧਕੀ ਮੈਂਬਰ ਗਗਦੀਪ ਸਿੰਘ ਜੌਲੀ, ਕਾਂਗਰਸੀ ਆਗੂ ਬਲਿਹਾਰ ਸਿੰਘ ਸਮਸਪੁਰ, ਗੁਰਦੀਪ ਸਿੰਘ ਉਲਟਸਰ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦਾ ਭਰਵਾਂ ਸਵਾਗਤ ਕੀਤਾ ਗਿਆ। ਚੰਨੀ ਨੇ ਕਿਹਾ ਕਿ ਮਦਨ ਲਾਲ ਜਲਾਲਪੁਰ ਕਾਂਗਰਸ ਦਾ ਨਿੱਡਰ ਤੇ ਸੱਚਾ ਸਿਪਾਹੀ ਹੈ ਅਤੇ ਹਲਕਾ ਘਨੌਰ ਤੋਂ ਉਹ ਸ਼ਾਨਦਾਰ ਜਿੱਤ ਹਾਸਲ ਕਰਕੇ ਕਾਂਗਰਸ ਦੀ ਝੋਲੀ 'ਚ ਪਏਗਾ। ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਦੇ ਬੀ ਜੀ ਪੀ 'ਚ ਸ਼ਾਮਲ ਹੋਣ 'ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਨੇ ਕਿਹਾ ਕਿ ਉਸ ਦੀ ਮਾੜੀ ਕਾਰਗੁਜ਼ਾਰੀ ਕਾਰਨ ਕਾਂਗਰਸ ਵੱਲੋਂ ਉਸ ਨੂੰ ਟਿਕਟ ਨਹੀਂ ਮਿਲਣੀ ਸੀ, ਜਿਸ ਕਾਰਨ ਉਸ ਨੇ ਪਾਰਟੀ ਦੀ ਪਿੱਠ 'ਚ ਛੁਰਾ ਮਾਰ ਕੇ ਬੀਜੇਪੀ 'ਚ ਛਾਲ ਮਾਰੀ ਹੈ, ਜਿਸ ਦਾ ਖਮਿਆਜ਼ਾ ਉਸ ਨੂੰ ਇੱਕ ਨਾ ਇੱਕ ਦਿਨ ਭੁਗਤਣਾ ਪਵੇਗਾ। ਇਸ ਮੌਕੇ ਚੰਨੀ ਨੇ ਕਿਹਾ ਕਿ ਨਸ਼ਿਆਂ ਕਾਰਨ ਪੁੱਤਾਂ ਨੂੰ ਗੁਆਉਣ ਵਾਲੀਆਂ ਮਾਵਾਂ ਦੀ ਪੀੜ ਸ਼ਬਦਾਂ 'ਚ ਬਿਆਨ ਕਰਨੀ ਔਖੀ ਹੈ, ਉਹ ਮਾਂ ਹੀ ਜਾਣਦੀ ਹੈ, ਜਿਸ ਦੀ ਗੋਦ ਉੱਜੜ ਗਈ ਹੈ, ਜਿਸ ਦਾ ਜਵਾਨ ਪੁੱਤ ਨਸ਼ੇ ਦੀ ਭੇਟ ਚੜ੍ਹ ਗਿਆ ਹੈ।ਉਨ੍ਹਾਂ ਕਿਹਾ ਕਿ ਮੈਂ ਜਦੋਂ ਵੀ ਕਿਸੇ ਅਜਿਹੀ ਮਾਂ ਨੂੰ ਮਿਲਦਾ ਹਾਂ ਤਾਂ ਮੇਰਾ ਕਲੇਜਾ ਫਟ ਜਾਂਦਾ ਹੈ, ਮੈਂ ਰਾਤਾਂ ਨੂੰ ਸੌਂ ਨਹੀਂ ਸਕਦਾ।

ਸਾਬਕਾ ਮੁੱਖ ਮੰਤਰੀ ਨੇ ਮਾਨ ਸਰਕਾਰ 'ਤੇ ਸਿੱਧਾ ਤੇ ਸਭ ਤੋਂ ਵੱਡਾ ਹਮਲਾ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਨੂੰ ਨਸ਼ਿਆਂ ਦੀ ਭੇਟ ਚੜ੍ਹਾ ਦਿੱਤਾ ਹੈ।ਸਰਕਾਰ ਕਹਿੰਦੀ ਸੀ ਕਿ ਅਸੀਂ ਨਸ਼ੇ ਖ਼ਤਮ ਕਰ ਦਿਆਂਗੇ, ਪਰ ਅੱਜ ਹਾਲਾਤ ਇਹ ਹਨ ਕਿ ਪੰਜਾਬ ਦੇ ਹਰ ਪਿੰਡ, ਹਰ ਸ਼ਹਿਰ, ਹਰ ਗਲੀ 'ਚ ਨਸ਼ਾ ਵਿਕ ਰਿਹਾ ਹੈ, ਹਰ ਘਰ 'ਚ ਇੱਕ ਮਾਂ ਆਪਣੇ ਪੁੱਤ ਲਈ ਰੋ ਰਹੀ ਹੈ।ਸਰਕਾਰ ਨੇ ਨਸ਼ਾ ਤਸਕਰਾਂ ਨੂੰ ਖੁੱਲ੍ਹੀ ਛੁੱਟੀ ਦੇ ਦਿੱਤੀ ਹੈ, ਪੁਲਸ ਮੂਕ ਦਰਸ਼ਕ ਬਣੀ ਹੋਈ ਹੈ, ਵੱਡੇ ਤਸਕਰਾਂ ਨੂੰ ਸਰਕਾਰੀ ਸਰਪ੍ਰਸਤੀ ਮਿਲ ਰਹੀ ਹੈ।ਇਸ ਮੌਕੇ ਸਾਬਕਾ ਵਿਧਾਇਕ ਮਦਨ ਜਲਾਲਪੁਰ ਨੇ ਵੀ ਮਾਨ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਮੇਰੇ ਹਲਕੇ 'ਚ ਹੀ ਸੈਂਕੜੇ ਮਾਵਾਂ ਨੇ ਆਪਣੇ ਪੁੱਤ ਗੁਆ ਦਿੱਤੇ ਹਨ, ਹਰ ਰੋਜ਼ ਕਿਸੇ ਨਾ ਕਿਸੇ ਘਰ 'ਚੋਂ ਕਿਸੇ ਨੌਜਵਾਨ ਦੀ ਲਾਸ਼ ਆ ਰਹੀ ਹੈ।ਉਨ੍ਹਾਂ ਕਿਹਾ ਕਿ ਚੰਨੀ ਸਾਹਿਬ ਹੀ ਪੰਜਾਬ ਨੂੰ ਬਚਾ ਸਕਦੇ ਹਨ, ਚੰਨੀ ਸਾਹਿਬ ਦੇ ਰਾਜ 'ਚ ਨਸ਼ਾ ਤਸਕਰ ਡਰਦੇ ਸਨ, ਅੱਜ ਤਸਕਰ ਬੇਖੌਫ਼ ਘੁੰਮ ਰਹੇ ਹਨ।ਚੰਨੀ ਨੇ ਮਾਵਾਂ ਨੂੰ ਭਰੋਸਾ ਦਿੱਤਾ ਕਿ ਕਾਂਗਰਸ ਪਾਰਟੀ ਉਨ੍ਹਾਂ ਦੇ ਨਾਲ ਖੜ੍ਹੀ ਹੈ, ਉਨ੍ਹਾਂ ਦੇ ਪੁੱਤਾਂ ਦੀ ਮੌਤ ਦਾ ਬਦਲਾ ਲਿਆ ਜਾਵੇਗਾ, ਨਸ਼ਾ ਤਸਕਰਾਂ ਨੂੰ ਫਾਂਸੀ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਜਦੋਂ ਕਾਂਗਰਸ ਦੀ ਸਰਕਾਰ ਆਵੇਗੀ ਤਾਂ ਪੰਜਾਬ 'ਚੋਂ ਨਸ਼ੇ ਨੂੰ ਜੜ੍ਹੋਂ ਖ਼ਤਮ ਕੀਤਾ ਜਾਵੇਗਾ, ਹਰ ਪਿੰਡ 'ਚ ਨਸ਼ਾ ਮੁਕਤੀ ਕੇਂਦਰ ਖੋਲ੍ਹਿਆ ਜਾਵੇਗਾ, ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾਣਗੀਆਂ।

ਰੁਜ਼ਗਾਰ ਮੰਗ ਰਹੇ ਅਪ੍ਰੈਂਟਿਸਸ਼ਿਪ ਲਾਈਨਮੈਨਾਂ ਦੀ ਗ੍ਰਿਫ਼ਤਾਰੀ ਦੀ ਨਿਖੇਧੀ

ਲੁਧਿਆਣਾ (ਸਤੀਸ਼ ਸਚਦੇਵਾ)

ਇਨਕਲਾਬੀ ਕੇਂਦਰ ਪੰਜਾਬ ਵੱਲੋਂ ਰੁਜ਼ਗਾਰ ਮੰਗ ਰਹੇ ਅਪ੍ਰੈਂਟਿਸਸ਼ਿਪ ਲਾਈਨਮੈਨਾਂ ਦੀ ਗ੍ਰਿਫ਼ਤਾਰੀ ਦੀ ਨਿਖੇਧੀ ਨਿਖੇਧੀ ਕਰਦਿਆਂ ਉਨ੍ਹਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ।ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਅਪ੍ਰੈਂਟਿਸਸ਼ਿਪ ਪਾਸ ਕਰ ਚੁੱਕੇ ਇਹ ਸਹਾਇਕ ਲਾਈਨਮੈਨ ਦੀ ਨੌਕਰੀ ਦੀ ਮੰਗ ਲਈ ਚਾਰ ਦਿਨਾਂ ਤੋਂ ਭੇਡਪੁਰਾ ਪਿੰਡ ਵਿਚਲੇ ਹਾਈ ਵੋਲਟੇਜ ਵਾਲੇ ਟਾਵਰ 'ਤੇ ਚੜ੍ਹੇ ਅਪਰੈਂਟਿਸਸ਼ਿਪ ਵਰਕਰਾਂ ਨੂੰ ਅੱਜ ਪੁਲਸ ਨੇ ਮੀਟਿੰਗ ਦੇ ਬਹਾਨੇ ਹੇਠਾਂ ਉਤਾਰ ਲਿਆ।ਬਾਅਦ 'ਚ ਇੱਥੇ ਪਾਵਰਕਾਮ ਦੇ ਮੁੱਖ ਦਫ਼ਤਰ ਅੱਗ 10 ਦਿਨਾਂ ਤੋਂ ਚੱਲ ਰਿਹਾ ਉਨ੍ਹਾਂ ਦਾ ਪੱਕਾ ਮੋਰਚਾ ਵੀ ਖਦੇੜ ਦਿੱਤਾ ਤੇ ਕਈ ਵਰਕਰ ਹਿਰਾਸਤ ਵਿੱਚ ਵੀ ਲੈ ਲਏ।ਪੁਲਸ ਨੇ ਉਨ੍ਹਾਂ ਦਾ ਤੰਬੂ ਵੀ ਪੁੱਟ ਸੁੱਟਿਆ।ਜ਼ਿਕਰਯੋਗ ਹੈ ਕਿ ਇਨ੍ਹਾਂ ਪ੍ਰਦਰਸ਼ਨਕਾਰੀ ਵਰਕਰਾਂ ਦੀ ਪੰਜਾਬ ਭਰ ਵਿੱਚ ਗਿਣਤੀ 2437 ਹੈ।ਪਿਛਲੇ ਸਾਲ ਵੀ ਕਈ ਵਰਕਰ 10 ਦਿਨ ਟਾਵਰ 'ਤੇ ਬੈਠੇ ਰਹੇ ਸਨ।ਉਦੋਂ ਉਹ ਸਰਕਾਰ ਵੱਲੋਂ ਉਨ੍ਹਾਂ ਨੂੰ ਸਹਾਇਕ ਲਾਈਨਮੈਨ ਦੀ ਨੌਕਰੀ ਦੇਣ ਦੇ ਵਾਅਦੇ ਉਪਰੰਤ ਹੀ ਹੇਠਾਂ ਉੱਤਰੇ ਸਨ।ਉਂਜ ਪਾਵਰਕਾਮ ਮੈਨੇਜਮੈਂਟ ਵੱਲੋਂ ਨੌਕਰੀ ਲਈ ਲੋੜੀਂਦਾ ਟੈਸਟ ਵੀ ਜੁਲਾਈ 2025 ਵਿੱਚ ਲੈ ਲਿਆ ਗਿਆ ਸੀ।ਇਨ੍ਹਾਂ ਅਪਰੈਂਟਿਸਸ਼ਿਪ ਵਰਕਰਾਂ ਨੇ ਟੈਸਟ ਦਾ ਨਤੀਜਾ ਐਲਾਨਣ ਦੀ ਮੰਗ ਲਈ 11 ਨਵੰਬਰ ਨੂੰ ਪਾਵਰਕਾਮ ਦਫ਼ਤਰ ਮੂਹਰੇ ਪੱਕਾ ਮੋਰਚਾ ਸ਼ੁਰੂ ਕੀਤਾ ਸੀ, ਪਰ ਪਾਵਰਕਾਮ ਮਨੇਜਮੈਂਟ ਵੱਲੋਂ ਧਰਨੇ ਨੂੰ ਅਣਗੌਲਿਆ ਕਰਨ ਤੇ 17 ਨਵੰਬਰ ਨੂੰ ਕਈ ਵਰਕਰ ਪਿੰਡ ਭੇਡਪੁਰਾ ਵਿਖੇ ਹਾਈ ਵੋਲਟੇਜ ਵਾਲੇ ਟਾਵਰ 'ਤੇ ਜਾ ਬੈਠਣ ਲਈ ਮਜਬੂਰ ਹੋਏ।ਉਨ੍ਹਾਂ ਕਿਹਾ ਸੀ ਕਿ ਉਹ ਹੁਣ ਨਿਯੁਕਤੀ ਪੱਤਰ ਲੈ ਕੇ ਹੀ ਉਤਰਨਗੇ।ਇਸੇ ਦੌਰਾਨ ਕਸੂਤੀ ਫਸੀ ਪੁਲਸ ਨੇ ਉਨ੍ਹਾਂ ਨੂੰ ਹੇਠਾਂ ਉਤਾਰਨ ਲਈ ਮੈਨੇਜਮੈਂਟ ਨਾਲ ਮੀਟਿੰਗ ਕਰਵਾਉਣ ਦਾ ਦਾਅ ਖੇਡਿਆ ਗਿਆ ਭਾਵੇਂ ਇਹ ਮੀਟਿੰਗ ਕਰਵਾ ਵੀ ਦਿੱਤੀ ਗਈ, ਪ੍ਰੰਤੂ ਗਿਣੀਮਿਥੀ ਸਾਜ਼ਿਸ਼ ਤਹਿਤ ਇਹ ਬੇਸਿੱਟਾ ਹੀ ਰਹੀ।ਫਿਰ ਇਨ੍ਹਾਂ ਵਰਕਰਾਂ ਨੂੰ ਟਾਵਰ ਵੱਲ ਨਾ ਜਾਣ ਦਿੱਤਾ ਗਿਆ।ਰੁਜ਼ਗਾਰ ਦੇਣ ਦੀ ਥਾਂ ਇਨ੍ਹਾਂ ਅਪ੍ਰੈਂਟਿਸਸ਼ਿਪ ਲਾਈਨਮੈਨਾਂ ਨੂੰ ਗ੍ਰਿਫ਼ਤਾਰ ਕਰਕੇ ਥਾਣਿਆਂ ਵਿੱਚ ਡੱਕ ਦਿੱਤਾ ਹੈ।ਉਨ੍ਹਾਂ ਸਮੂਹ ਇਨਸਾਫ਼ ਪਸੰਦ ਲੋਕਾਂ ਤੇ ਜਥੇਬੰਦੀਆਂ ਨੂੰ ਗ੍ਰਿਫ਼ਤਾਰ ਕੀਤੇ ਬੇਰੁਜ਼ਗਾਰ ਲਾਈਨਮੈਨਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ ਹੈ।ਇਨਕਲਾਬੀ ਕੇਂਦਰ ਦੇ ਸੂਬਾ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਨੇ ਕਿਹਾ ਕਿ ਪੁਲਸ ਜਬਰ ਦਾ ਮਾਮਲਾ ਇਕੱਲੇ ਬੇਰੁਜ਼ਗਾਰ ਲਾਈਨਮੈਨਾਂ ਦਾ ਨਹੀਂ, ਸਗੋਂ ਪੰਜਾਬ ਸਰਕਾਰ ਤਾਂ ਰੁਜ਼ਗਾਰ ਦੇਣ ਦੀ ਥਾਂ 4161 ਅਧਿਆਪਕ ਭਰਤੀ ਵਿੱਚੋਂ 253 ਅਧਿਆਪਕਾਂ ਨੂੰ ਅਦਾਲਤ ਦੇ ਲੰਗੜੇ ਬਹਾਨੇ ਹੇਠ ਨੌਕਰੀ ਤੋਂ ਕੱਢਣ 'ਤੇ ਤੁਲੀ ਹੋਈ ਹੈ।ਆਗੂਆਂ ਨੇ ਅਪ੍ਰੈਂਟਿਸਸ਼ਿਪ ਲਾਈਨਮੈਨਾਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਬਿਨਾਂ ਸ਼ਰਤ ਰਿਹਾਅ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।

'ਮੇਰਾ ਘਰ ਮੇਰੇ ਨਾਮ' ਤਹਿਤ ਡਗਰੂ ਦੇ 411 ਪਰਵਾਰਾਂ ਨੂੰ ਮਿਲੇ ਮਾਲਕੀ ਹੱਕ

ਵਿਧਾਇਕ ਡਾ. ਅਰੋੜਾ ਨੇ ਸੌਂਪੀਆਂ ਰਜਿਸਟਰੀਆਂ



ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਿਵਾਉਣ ਦੇ ਮਕਸਦ ਨਾਲ ਚਲਾਈ ਜਾ ਰਹੀ 'ਮੁੱਖ ਮੰਤਰੀ ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਪਿੰਡ ਡਗਰੂ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਦੌਰਾਨ ਲਾਲ ਲਕੀਰ ਅੰਦਰ ਆਉਂਦੇ 411 ਮਕਾਨਾਂ ਦੇ ਮਾਲਕਾਂ ਨੂੰ ਉਨ੍ਹਾਂ ਦੇ ਮਕਾਨਾਂ ਦੇ ਮਾਲਕੀ ਹੱਕ ਪ੍ਰਦਾਨ ਕਰਦਿਆਂ ਰਜਿਸਟਰੀਆਂ ਸੌਂਪੀਆਂ ਗਈਆਂ।ਇਸ ਪਹਿਲਕਦਮੀ ਨਾਲ ਪਿੰਡ ਦੇ ਸੈਂਕੜੇ ਪਰਵਾਰਾਂ ਨੂੰ ਆਪਣੇ ਘਰਾਂ ਦਾ ਕਾਨੂੰਨੀ ਮਾਲਕੀ ਹੱਕ ਪ੍ਰਾਪਤ ਹੋਇਆ ਹੈ।ਇਸ ਮੌਕੇ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਮ ਲੋਕਾਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਸਮੱਸਿਆਵਾਂ ਦਾ ਹੱਲ ਕਰਨ ਤੇ ਉਨ੍ਹਾਂ ਨੂੰ ਬਣਦੇ ਹੱਕ ਦਿਵਾਉਣ ਲਈ ਲਗਾਤਾਰ ਯਤਨਸ਼ੀਲ ਹੈ।'ਮੁੱਖ ਮੰਤਰੀ ਮੇਰਾ ਘਰ ਮੇਰੇ ਨਾਮ' ਯੋਜਨਾ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਉਪਰਾਲਾ ਹੈ, ਜਿਸ ਰਾਹੀਂ ਲਾਲ ਲਕੀਰ ਅੰਦਰ ਰਹਿਣ ਵਾਲੇ ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਦਿੱਤੇ ਜਾ ਰਹੇ ਹਨ।ਡਾ. ਅਰੋੜਾ ਨੇ ਕਿਹਾ ਕਿ ਕਿਸੇ ਵੀ ਪਰਵਾਰ ਲਈ ਆਪਣਾ ਘਰ ਸਿਰਫ਼ ਰਹਿਣ ਦੀ ਜਗ੍ਹਾ ਹੀ ਨਹੀਂ ਹੁੰਦਾ, ਸਗੋਂ ਇਹ ਉਸ ਦੀ ਮਿਹਨਤ, ਸੁਪਨਿਆਂ ਤੇ ਭਾਵਨਾਵਾਂ ਨਾਲ ਜੁੜਿਆ ਹੁੰਦਾ ਹੈ।ਪਿੰਡਾਂ ਵਿੱਚ ਅਜਿਹੇ ਬਹੁਤ ਸਾਰੇ ਪਰਵਾਰ ਸਨ, ਜੋ ਕਈ ਦਹਾਕਿਆਂ ਤੋਂ ਆਪਣੇ ਮਕਾਨਾਂ ਵਿੱਚ ਰਹਿ ਰਹੇ ਸਨ, ਪਰ ਉਨ੍ਹਾਂ ਕੋਲ ਘਰਾਂ ਦੀ ਕਾਨੂੰਨੀ ਮਾਲਕੀ ਸਾਬਿਤ ਕਰਨ ਲਈ ਲੋੜੀਂਦੇ ਦਸਤਾਵੇਜ਼ ਨਹੀਂ ਸਨ।ਹੁਣ 411 ਪਰਵਾਰਾਂ ਨੂੰ ਰਜਿਸਟਰੀਆਂ ਮਿਲਣ ਨਾਲ ਉਨ੍ਹਾਂ ਨੂੰ ਆਪਣੇ ਘਰਾਂ ਦੇ ਮਾਲਕੀ ਹੱਕਾਂ ਦਾ ਕਾਨੂੰਨੀ ਸਬੂਤ ਪ੍ਰਾਪਤ ਹੋਇਆ ਹੈ।ਇਸ ਨਾਲ ਪਰਵਾਰਾਂ ਵਿੱਚ ਖੁਸ਼ੀ ਤੇ ਸੰਤੁਸ਼ਟੀ ਦਾ ਮਾਹੌਲ ਹੈ।

ਉਨ੍ਹਾਂ ਲਾਭਪਾਤਰੀ ਪਰਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਪਣੇ ਘਰ ਦੀ ਰਜਿਸਟਰੀ ਪ੍ਰਾਪਤ ਕਰਨਾ ਉਨ੍ਹਾਂ ਲਈ ਬੇਹੱਦ ਖੁਸ਼ੀ ਤੇ ਮਾਣ ਵਾਲਾ ਯਾਦਗਾਰੀ ਪਲ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਸੰਕਲਪ ਹੈ ਕਿ ਕੋਈ ਵੀ ਯੋਗ ਪਰਵਾਰ ਆਪਣੇ ਘਰ ਦੇ ਮਾਲਕੀ ਹੱਕ ਤੋਂ ਵਾਂਝਾ ਨਾ ਰਹੇ।ਮਾਨ ਸਰਕਾਰ ਦਾ ਵਾਅਦਾ ਹੈ ਕਿ ਹਰ ਪਰਵਾਰ ਨੂੰ ਉਸ ਦੇ ਘਰ ਦਾ ਪੱਕਾ ਮਾਲਕੀ ਹੱਕ ਮਿਲੇ ਤੇ ਲੋਕ ਸਨਮਾਨ ਤੇ ਸੁਰੱਖਿਆ ਨਾਲ ਆਪਣਾ ਜੀਵਨ ਬਤੀਤ ਕਰ ਸਕਣ।

ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ



ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਅਵਤਾਰ ਪੁਰਬ ਦੀ ਖੁਸ਼ੀ 'ਚ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਜਗਰਾਓਂ ਰੋਡ ਰਾਏਕੋਟ ਦੀ ਪ੍ਰਬੰਧਕੀ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਸ੍ਰੀ ਗੁਰੂ ਗ੍ਰੰਥ ਸਾਹਿਬ ਫੁੱਲਾਂ ਨਾਲ ਸਜਾਈ ਪਾਲਕੀ ਵਿੱਚ ਸ਼ਸ਼ੋਭਿਤ ਸਨ।ਨਗਰ ਕੀਰਤਨ ਅੱਗੇ ਫੌਜੀ ਬੈਂਡ ਤੇ ਗੱਤਕਾ ਪਾਰਟੀਆਂ ਆਪਣੀ ਕਲਾ ਦੇ ਜੌਹਰ ਦਿਖਾ ਰਹੀਆਂ ਸਨ, ਸੰਗਤਾ ਦਾ ਵਿਸ਼ਾਲ ਕਾਫਲਾ ਗੁਰਬਾਣੀ ਦਾ ਜਾਪ ਕਰਦਾ ਜਾ ਰਿਹਾ ਸੀ ਤੇ ਨਗਰ ਕੀਰਤਨ ਦੀ ਸ਼ੋਭਾ ਵਧਾਉਣ ਰਿਹਾ ਸੀ।ਨਗਰ ਕੀਰਤਨ ਦੇ ਸਵਾਗਤ ਲਈ ਸੰਗਤਾਂ ਵੱਲੋਂ ਜਗ੍ਹਾ-ਜਗ੍ਹਾ ਲੰਗਰ ਲਗਾਏ ਗਏ ਸਨ।ਨਗਰ ਕੀਰਤਨ ਦੌਰਾਨ ਪ੍ਰਸਿੱਧ ਢਾਡੀ ਜੱਥਾ ਬਲਬੀਰ ਸਿੰਘ ਨਿਹਾਲੂਵਾਲ ਵੱਲੋਂ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਤੇ ਭਾਈ ਬਲਜਿੰਦਰ ਸਿੰਘ ਬਿੰਜਲ ਦੇ ਕੀਰਤਨੀ ਜੱਥੇ ਵੱਲੋਂ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ ਅਤੇ ਸ੍ਰੀ ਗੁਰੂ ਨਾਨਕ ਦੇਵ ਦੀ ਦੇ ਸਿਧਾਂਤ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ 'ਤੇ ਪਹਿਰਾ ਦੇਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਅਵਤਾਰ ਸਿੰਘ ਚੀਮਾ, ਪ੍ਰਿੰਸੀਪਲ ਕਰਮਜੀਤ ਸਿੰਘ ਸਕੱਤਰ, ਮੁਖਤਿਆਰ ਸਿੰਘ ਖਜ਼ਾਨਚੀ, ਕੁਲਦੀਪ ਸਿੰਘ ਨੱਥੋਵਾਲ, ਮਾਸਟਰ ਜੰਗਪਾਲ ਸਿੰਘ, ਪ੍ਰਕਾਸ਼ ਸਿੰਘ ਪਾਸੀ, ਮਾ. ਪ੍ਰੀਤਮ ਸਿੰਘ ਬਰ੍ਹਮੀ, ਕੁਲਵੰਤ ਸਿੰਘ, ਬਲਬੀਰ ਸਿੰਘ, ਗਿਆਨੀ ਕੁਲਵੰਤ ਸਿੰਘ, ਗ੍ਰੰਥੀ ਭਾਈ ਬਲਜਿੰਦਰ ਸਿੰਘ, ਬਰਮਾ ਸਿੰਘ, ਗੁਰਦੀਪ ਸਿੰਘ, ਰਵਿੰਦਰ ਸਿੰਘ, ਜਗਤਾਰ ਸਿੰਘ ਚੀਮਾ ਸਮੇਤ ਸੰਗਤਾਂ ਹਾਜ਼ਰ ਸਨ।

ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ ਨਵੇਂ ਵਿਦਿਆਰਥੀਆਂ ਲਈ ਫਰੈਸ਼ਰ ਪਾਰਟੀ

ਤਲਵੰਡੀ ਸਾਬੋ (ਜਗਦੀਪ ਗਿੱਲ)



ਪੰਜਾਬੀ ਯੂਨੀਵਰਸਿਟੀ ਕੈਂਪਸ ਦਮਦਮਾ ਸਾਹਿਬ ਦੇ ਯਾਦਵਿੰਦਰਾ ਸਾਇੰਸਜ਼ ਵਿਭਾਗ ਵਿਖੇ ਬੀ.ਐੱਸ.ਸੀ. ਭਾਗ ਪਹਿਲਾ ਵਿੱਚ ਦਾਖਲ ਹੋਏ ਨਵੇਂ ਵਿਦਿਆਰਥੀਆਂ ਲਈ ਵਿਭਾਗ ਦੇ ਬੀ.ਐੱਸ.ਸੀ. ਭਾਗ ਦੂਜਾ ਤੇ ਤੀਜਾ ਦੇ ਵਿਦਿਆਰਥੀਆਂ ਵੱਲੋਂ ਇੱਕ ਫਰੈ

ਵਿਦਿਆਰਥੀਆਂ ਨੂੰ ਐੱਨ ਆਰ ਆਈ ਪਰਵਾਰ ਵੱਲੋਂ ਬੂਟ-ਕੋਟੀਆਂ ਭੇਟ



ਰਾਏਕੋਟ (ਸੰਤੋਖ ਗਿੱਲ)-ਸਰਕਾਰੀ ਹਾਈ ਸਕੂਲ ਐਤੀਆਣਾ ਦੀ ਸਾਬਕਾ ਵਿਦਿਆਰਥਣ ਅਮਰੀਕਾ ਨਿਵਾਸੀ ਬਲਵੀਰ ਕੌਰ ਪਤਨੀ ਸੁਖਦੇਵ ਸਿੰਘ ਝਾਂਡੇ ਨੇ ਆਪਣੇ ਸਵਰਗੀ ਪਿਤਾ ਬਾਬੂ ਸਿੰਘ ਐਤੀਆਣਾ ਦੀ ਯਾਦ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਕੋਟੀਆਂ ਤੇ ਬੂਟ ਸਕੂਲ ਦੇ ਵਿਦਿਆਰਥੀਆਂ ਨੂੰ ਭੇਟ ਕੀਤੇ।ਉਨ੍ਹਾਂ ਵਿਦਿਆਰਥੀਆਂ ਨੂੰ ਫਲ਼ ਵੀ ਤਕਸੀਮ ਕੀਤੇ।ਇਸ ਮੌਕੇ ਸਾਬਕਾ ਸਰਪੰਚ ਲਖਬੀਰ ਸਿੰਘ, ਗੁਰਮੀਤ ਸਿੰਘ ਗਿੱਲ, ਸਕੂਲ ਮੁਖੀ ਹਰਪ੍ਰੀਤ ਕੌਰ ਤੋਂ ਇਲਾਵਾ ਪਰਿਵਾਰਕ ਮੈਂਬਰ ਗੁਰਿੰਦਰਜੀਤ ਸਿੰਘ ਤੇ ਦਵਿੰਦਰ ਸਿੰਘ ਵੀ ਮੌਜੂਦ ਸਨ।ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਰਛਵਿੰਦਰ ਸਿੰਘ ਘੋਲਾ, ਪ੍ਰੀਤਮ ਸਿੰਘ ਖੰਗੂੜਾ, ਨੰਬਰਦਾਰ ਰਜਿੰਦਰ ਸਿੰਘ, ਮੇਹਰ ਸਿੰਘ, ਵੇਰਕਾ ਡੇਅਰੀ ਦੇ ਪ੍ਰਧਾਨ ਬਲਜੀਤ ਸਿੰਘ, ਬਲਾਕ ਸੰਮਤੀ ਮੈਂਬਰ ਸੁਖਵਿੰਦਰ ਕੌਰ ਸਮੇਤ ਹੋਰ ਪਤਵੰਤੇ ਸੱਜਣਾਂ ਨੇ ਦਾਨੀ ਪਰਵਾਰ ਦਾ ਧੰਨਵਾਦ ਕੀਤਾ।ਇਸ ਮੌਕੇ ਸਕੂਲ ਸਟਾਫ਼ ਤੋਂ ਇਲਾਵਾ ਕਈ ਅਹਿਮ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

ਪਬਲਿਕ ਕਾਲਜ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸੈਮੀਨਾਰ



ਸਮਾਣਾ (ਇਕਬਾਲ ਸਿੰਘ ਬੱਲ)-ਪਬਲਿਕ ਕਾਲਜ ਸਮਾਣਾ ਵਿਖੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਚੇਅਰ ਦੀ ਕਨਵੀਨਰ ਪ੍ਰੋ. ਹਰਪ੍ਰੀਤ ਕੌਰ ਨੇ ਮੰਚ ਸੰਚਾਲਨ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਫ਼ਲਸਫ਼ੇ ਬਾਰੇ ਜਾਣਕਾਰੀ ਸਾਂਝੀ ਕੀਤੀ।ਵਾਈਸ ਪ੍ਰਿੰਸੀਪਲ ਡਾ. ਹਰਕੀਰਤਨ ਕੌਰ ਨੇ ਗੁਰੂ ਸਾਹਿਬ ਦੀਆਂ ਮਹਾਨ ਸਿੱਖਿਆਵਾਂ ਬਾਰੇ ਚਾਨਣਾ ਪਾਇਆ।ਇਸੇ ਦੌਰਾਨ ਧਰਮ ਅਧਿਐਨ ਵਿਭਾਗ ਤੋਂ ਪ੍ਰੋ. ਮਨਿੰਦਰ ਕੌਰ ਨੇ ਗੁਰੂ ਸਾਹਿਬ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਤੇ ਚਾਰ ਉਦਾਸੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਵਰਤਮਾਨ ਸਮੇਂ ਦੇ ਸੰਦਰਭ ਨਾਲ ਜੋੜਦਿਆਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਲਈ ਬਹੁਤ ਮਹੱਤਵਪੂਰਨ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਤੇ ਚੰਗੇ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਸੈਮੀਨਾਰ ਦੌਰਾਨ ਵਿਦਿਆਰਥੀਆਂ ਲਈ ਪ੍ਰਸ਼ਨੋਤਰੀ ਮੁਕਾਬਲਾ ਵੀ ਕਰਵਾਇਆ ਗਿਆ ਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਅੰਤ ਵਿੱਚ ਐੱਨ.ਐੱਸ.ਐੱਸ. ਦੇ ਪ੍ਰੋਗਰਾਮ ਅਫ਼ਸਰ ਪ੍ਰੋ. ਅਸ਼ਵਨੀ ਕੁਮਾਰ ਨੇ ਸੈਮੀਨਾਰ ਵਿੱਚ ਸ਼ਾਮਲ ਹੋਏ ਸਮੂਹ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰੋ. ਮੋਨੀਟਾ ਸਲੂਜਾ, ਪ੍ਰੋ. ਅਰਵਿੰਦਰ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਇਕਬਾਲ ਸਿੰਘ, ਪ੍ਰੋ. ਰਿਤਿਕਾ ਅਗਨੀਹੋਤਰੀ, ਪ੍ਰੋ. ਪਰਮਜੀਤ ਕੌਰ, ਪ੍ਰੋ. ਸੋਹਣ ਕੁਮਾਰ, ਪ੍ਰੋ. ਹਰਬੰਸ ਲਾਲ, ਪ੍ਰੋ. ਅਮਨਦੀਪ ਕੌਰ, ਪ੍ਰੋ. ਰਮਨਦੀਪ ਕੌਰ ਤੇ ਪ੍ਰੋ. ਪ੍ਰਗਟ ਸਿੰਘ ਸਮੇਤ ਕਾਲਜ ਦੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

ਬੀ ਕੇ ਯੂ ਕਾਦੀਆਂ ਦੀ ਮੀਟਿੰਗ 'ਚ ਕਿਸਾਨੀ ਮਸਲਿਆਂ 'ਤੇ ਚਰਚਾ



ਫਿਰੋਜ਼ਪੁਰ (ਗੁਰਬਚਨ ਸਿੰਘ)-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਫਿਰੋਜ਼ਪੁਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਖਾਰਾ ਤੇ ਬਲਾਕ ਪ੍ਰਧਾਨ ਗੁਰਮੇਲ ਸਿੰਘ ਦੀ ਪ੍ਰਧਾਨਗੀ ਹੇਠ ਮਾਰਕੀਟ ਕਮੇਟੀ ਦਫ਼ਤਰ ਫਿਰੋਜ਼ਪੁਰ ਛਾਉਣੀ ਵਿਖੇ ਹੋਈ।ਇਸ ਮੀਟਿੰਗ ਦੌਰਾਨ ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਸਰਕਾਰ ਤੋਂ ਕਿਸਾਨੀ ਮੰਗਾਂ ਨੂੰ ਜਲਦ ਪੂਰਾ ਕਰਨ ਦੀ ਮੰਗ ਕੀਤੀ ਗਈ।ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਕਿਹਾ ਕਿ ਮੰਡੀਆਂ ਬੰਦ ਹੋਣ ਕਾਰਨ ਕਿਸਾਨਾਂ ਦਾ ਝੋਨਾ ਮੰਡੀਆਂ ਵਿੱਚ ਰੁਲ ਰਿਹਾ ਹੈ, ਜਿਸ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਮੰਡੀਆਂ ਵਿੱਚ ਪਏ ਝੋਨੇ ਦੀ ਤੁਰੰਤ ਚੁਕਾਈ ਦਾ ਪ੍ਰਬੰਧ ਕੀਤਾ ਜਾਵੇ।ਇਸ ਤੋਂ ਇਲਾਵਾ ਖਾਦ ਦੇ ਨਾਲ ਨੈਨੋ ਤੇ ਹੋਰ ਵਾਧੂ ਸਾਮਾਨ ਕਿਸਾਨਾਂ ਨੂੰ ਦੇਣ ਦੀ ਪ੍ਰਥਾ ਬੰਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਇਸ ਨਾਲ ਕਿਸਾਨਾਂ ਦੇ ਨਾਲ-ਨਾਲ ਸਹਿਕਾਰੀ ਸਭਾਵਾਂ ਦੇ ਸਕੱਤਰਾਂ ਨੂੰ ਵੀ ਮੁਸ਼ਕਲਾਂ ਆਉਂਦੀਆਂ ਹਨ।ਕਿਸਾਨ ਆਗੂਆਂ ਨੇ ਦਿੱਲੀ ਕਿਸਾਨ ਮੋਰਚੇ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਰਕਾਰੀ ਨੌਕਰੀਆਂ ਦੇਣ ਦੀ ਮੰਗ ਵੀ ਉਠਾਈ।ਉਨ੍ਹਾਂ ਕਿਹਾ ਕਿ ਚੰਡੀਗੜ੍ਹ ਵਿਖੇ 1 ਸਤੰਬਰ ਤੋਂ 7 ਸਤੰਬਰ ਤੱਕ ਲਗਾਏ ਗਏ ਕਿਸਾਨ ਮੋਰਚੇ ਦੌਰਾਨ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਜਿਹੜੀਆਂ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਗਿਆ ਸੀ, ਉਨ੍ਹਾਂ ਨੂੰ ਵੀ ਜਲਦ ਲਾਗੂ ਕੀਤਾ ਜਾਵੇ।ਇਸ ਦੇ ਨਾਲ ਹੀ ਰਹਿੰਦੇ ਨਹਿਰੀ ਖਾਲਾਂ ਤੇ ਅੰਡਰਗਰਾਊਂਡ ਪਾਈਪਾਂ ਨੂੰ 100 ਫ਼ੀਸਦੀ ਸਬਸਿਡੀ 'ਤੇ ਮਨਜ਼ੂਰ ਕਰਨ ਦੀ ਮੰਗ ਕੀਤੀ ਗਈ।

ਮਿੰਨੀ ਬੱਸ ਅਪ੍ਰੇਟਰ ਐਸੋਸੀਏਸ਼ਨ ਪੰਜਾਬ ਦੀ ਮੋਗਾ 'ਚ ਸੂਬਾ ਪੱਧਰੀ ਮੀਟਿੰਗ



ਮੋਗਾ (ਇਕਬਾਲ ਸਿੰਘ ਖਹਿਰਾ)-ਮਿੰਨੀ ਬੱਸ ਅਪ੍ਰੇਟਰ ਐਸੋਸੀਏਸ਼ਨ ਪੰਜਾਬ ਦੀ ਮੋਗਾ ਦੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਬਲਦੇਵ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਦੌਰਾਨ ਮਿੰਨੀ ਬੱਸ ਅਪ੍ਰੇਟਰਾਂ ਨੂੰ ਆ ਰਹੀਆਂ ਸਮੱਸਿਆਵਾਂ ਤੇ ਪ੍ਰੇਸ਼ਾਨੀਆਂ ਸਬੰਧੀ ਵਿਸਥਾਰ ਸਹਿਤ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵੱਲੋਂ ਵੀ ਉਚੇਚੇ ਤੌਰ 'ਤੇ ਸ਼ਿਰਕਤ ਕਰਕੇ ਮਿਨੀ ਬੱਸ ਆਪ੍ਰੇਟਰਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਫੋਨ ਰਾਹੀਂ ਟਰਾਂਸਪੋਰਟ ਮੰਤਰੀ ਅਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨਾਲ ਗੱਲਬਾਤ ਕਰਵਾਈ ਗਈ, ਜਿਸ ਦੌਰਾਨ ਉਨ੍ਹਾਂ ਵੱਲੋਂ ਸਮੁੱਚੇ ਮਿੰਨੀ ਬੱਸ ਅਪ੍ਰੇਟਰਾਂ ਨੂੰ 23 ਨਵੰਬਰ ਨੂੰ 12 ਵਜੇ ਮੀਟਿੰਗ ਦਾ ਸੱਦਾ ਦਿੱਤਾ। ਇਸ ਮੀਟਿੰਗ ਦੌਰਾਨ ਸਵਿੰਦਰ ਸਿੰਘ ਪ੍ਰਧਾਨ ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਲੁਧਿਆਣਾ, ਭੀਮ ਸਿੰਘ ਚੇਅਰਮੈਨ, ਹਰਦੀਪ ਸਿੰਘ ਮਾਛੀਕੇ, ਇਕਬਾਲ ਸਿੰਘ ਪ੍ਰਧਾਨ, ਸੰਦੀਪ ਸਿੰਘ ਪ੍ਰਧਾਨ, ਜਗਜੀਤ ਸਿੰਘ, ਸਰਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ, ਅਮਨ ਨਾਗਰਾ ਜਲੰਧਰ, ਜਗਰਾਜ ਸਿੰਘ, ਰਾਜੂ ਪ੍ਰਧਾਨ, ਰਣਵੀਰ ਸਿੰਘ, ਗੁਰਦੀਪ ਸਿੰਘ ਫਰੀਦਕੋਟ, ਹਰਭਜਨ ਸਿੰਘ, ਹਰਬੰਸ ਸਿੰਘ ਪ੍ਰਧਾਨ ਮੋਗਾ, ਸੁਰਿੰਦਰ ਸਿੰਘ ਗੜ੍ਹਾਇਆ, ਪਰਗਟ ਸਿੰਘ ਬਟਾਲਾ ਪ੍ਰਧਾਨ, ਸੁਖਵਿੰਦਰ ਸਿੰਘ, ਪ੍ਰਦੀਪ ਸਿੰਘ ਛੰਝੇਟੀ, ਦਲਬੀਰ ਸਿੰਘ ਚੁਗਾਵਾਂ, ਗੁਰਦੇਵ ਸਿੰਘ ਕੋਹਾਲਾ, ਗੁਰਪ੍ਰੇਮ ਸਿੰਘ ਗੋਲਡੀ, ਜਰਨੈਲ ਸਿੰਘ ਜੱਜ, ਸਤਨਾਮ ਸਿੰਘ ਸੋਖੇ, ਅਜੀਤ ਸਿੰਘ ਜੋਏਕੇ, ਜੱਸਾ ਝੰਜੋਟੀ, ਸਾਬੂ ਤਰਸਿੱਕਾ, ਸਰਵਪੱਟੀ, ਜਸਵੀਰ ਸਿੰਘ ਸਰਪੰਚ, ਕੁਲਦੀਪ ਸਿੰਘ, ਮਲਕੀਤ ਸਿੰਘ ਚੋਗਾਮਾ, ਗੋਰਿੰਦਰ ਸਿੰਘ ਕਾਲਾ, ਜੋਬਨ ਕੱਕੜ, ਸੌਰਵ ਰਾਜ, ਸੌਰਵ ਰਾਜ ਸਿੰਘ ਤੇ ਸਾਰੇ ਸੀਨੀਅਰ ਪ੍ਰਧਾਨ ਸਾਹਿਬਾਨ ਮੌਜੂਦ ਸਨ।

ਵਿਸ਼ੇਸ਼ ਲੋਕ ਅਦਾਲਤ 'ਚ 22 ਚੈੱਕ ਬਾਊਂਸ ਕੇਸਾਂ ਦਾ ਨਿਪਟਾਰਾ

ਫ਼ਤਹਿਗੜ੍ਹ ਸਾਹਿਬ, ਅਮਲੋਹ ਤੇ ਖਮਾਣੋਂ ਵਿਖੇ ਲਗਾਏ ਗਏ 10 ਬੈਂਚ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਸੈਸ਼ਨ ਡਵੀਜ਼ਨ, ਫਤਹਿਗੜ੍ਹ ਸਾਹਿਬ ਵਿਖੇ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 ਅਧੀਨ ਵਿਸ਼ੇਸ਼ ਲੋਕ ਅਦਾਲਤ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਨਿਰਭਉ ਸਿੰਘ ਗਿੱਲ ਨੇ ਦੱਸਿਆ ਕਿ ਇਸ ਵਿਸ਼ੇਸ਼ ਲੋਕ ਅਦਾਲਤ ਦੇ ਸੁਚਾਰੂ ਅਤੇ ਪ੍ਰਭਾਵਸ਼ਾਲੀ ਸੰਚਾਲਨ ਲਈ ਸੈਸ਼ਨ ਡਵੀਜ਼ਨ, ਫਤਹਿਗੜ੍ਹ ਸਾਹਿਬ ਅਧੀਨ ਫਤਹਿਗੜ੍ਹ ਸਾਹਿਬ, ਅਮਲੋਹ ਅਤੇ ਖਮਾਣੋਂ ਵਿਖੇ ਕੁੱਲ 10 ਬੈਂਚਾਂ ਦਾ ਗਠਨ ਕੀਤਾ ਗਿਆ।ਇਸ ਲੋਕ ਅਦਾਲਤ ਦੌਰਾਨ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 ਅਧੀਨ ਚੈੱਕ ਬਾਊਂਸ ਨਾਲ ਸਬੰਧਤ ਕੁੱਲ 22 ਕੇਸਾਂ ਦਾ ਆਪਸੀ ਸਹਿਮਤੀ ਤੇ ਸਮਝੌਤੇ ਰਾਹੀਂ ਨਿਪਟਾਰਾ ਕੀਤਾ ਗਿਆ।ਇਨ੍ਹਾਂ ਕੇਸਾਂ ਵਿੱਚ ਕੁੱਲ 1,14,21,269/- ਰੁਪਏ ਦੀ ਰਕਮ ਦਾ ਨਿਪਟਾਰਾ ਕੀਤਾ ਗਿਆ।ਸ੍ਰੀ ਨਿਰਭਓ ਸਿੰਘ ਗਿੱਲ ਨੇ ਦੱਸਿਆ ਕਿ ਅਜਿਹੀਆਂ ਵਿਸ਼ੇਸ਼ ਲੋਕ ਅਦਾਲਤਾਂ ਲਗਾਉਣ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਸਤਾ, ਸੁਖਾਲਾ ਅਤੇ ਤੁਰੰਤ ਨਿਆਂ ਪ੍ਰਦਾਨ ਕਰਨਾ ਅਤੇ ਅਦਾਲਤਾਂ ਵਿੱਚ ਲੰਬਿਤ ਕੇਸਾਂ ਦਾ ਬੋਝ ਘਟਾਉਣਾ ਹੈ।ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਆਪਸੀ ਸਹਿਮਤੀ ਤੇ ਸਮਝੌਤੇ ਰਾਹੀਂ ਝਗੜਿਆਂ ਦੇ ਨਿਪਟਾਰੇ ਲਈ ਇੱਕ ਪ੍ਰਭਾਵਸ਼ਾਲੀ ਮੰਚ ਹਨ।ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਝਗੜਿਆਂ ਤੇ ਕੇਸਾਂ ਦਾ ਆਪਸੀ ਸਹਿਮਤੀ ਰਾਹੀਂ ਜਲਦੀ ਤੇ ਸੁਖਾਵੇਂ ਢੰਗ ਨਾਲ ਨਿਪਟਾਰਾ ਕਰਵਾਉਣ ਲਈ ਲੋਕ ਅਦਾਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।ਉਨ੍ਹਾ ਦੱਸਿਆ ਕਿ ਅਗਲੀ ਕੌਮੀ ਲੋਕ ਅਦਾਲਤ 12 ਦਸੰਬਰ 2026 ਨੂੰ ਲਗਾਈ ਜਾਵੇਗੀ।

ਜਨਗਣਨਾ ਡਿਊਟੀ ਸਮੇਂ ਦਰਪੇਸ਼ ਮੁਸ਼ਕਲਾਂ ਨੂੰ ਲੈ ਕੇ ਵਫ਼ਦ ਸਿੱਖਿਆ ਅਧਿਕਾਰੀਆਂ ਨੂੰ ਮਿਲਿਆ

ਪੱਤਰ ਜਾਰੀ ਨਾ ਹੋਣ ਦੀ ਸੂਰਤ 'ਚ ਧਰਨਾ ਦੇਣ ਦਾ ਐਲਾਨ



ਮਾਨਸਾ (ਆਤਮਾ ਸਿੰਘ ਪਮਾਰ)

ਮਾਨਸਾ ਜ਼ਿਲ੍ਹੇ ਦੀਆਂ ਅਧਿਆਪਕ ਜਥੇਬੰਦੀਆਂ ਨੇ ਜਨ ਗਣਨਾ ਡਿਊਟੀ ਸਮੇਂ ਦਰਪੇਸ਼ ਮੁਸ਼ਕਲਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਤੇ ਅਡਿਸ਼ਨਲ ਡਿਪਟੀ ਕਮਿਸ਼ਨਰ ਦੀ ਗ਼ੈਰ-ਮੌਜੂਦਗੀ 'ਚ ਜ਼ਿਲ੍ਹਾ ਸਿੱਖਿਆ ਅਫਸਰਾਂ (ਪ੍ਰਾਇਮਰੀ ਤੇ ਸੈਕੰਡਰੀ) ਨੂੰ ਮੰਗ ਪੱਤਰ ਦਿੱਤਾ। ਜਾਣਕਾਰੀ ਦਿੰਦਿਆਂ ਅਧਿਆਪਕ ਆਗੂਆਂ ਅਮੋਲਕ ਡੇਲੂਆਣਾ, ਗੁਰਦਾਸ ਸਿੰਘ ਰਾਏਪੁਰ, ਕਰਮਜੀਤ ਸਿੰਘ ਤਾਮਕੋਟ, ਗੁਰਜੀਤ ਲਾਲਿਆਂਵਾਲੀ ਤੇ ਦਰਸ਼ਨ ਅਲੀਸ਼ੇਰ ਨੇ ਦੱਸਿਆ ਕਿ 01 ਦਸੰਬਰ ਜਨ ਗਣਨਾ ਦਾ ਦੂਜਾ ਫੇਜ਼ ਸ਼ੁਰੂ ਹੋ ਰਿਹਾ ਹੈ, ਜਿਸ 'ਚ ਪਰਵਾਰ ਦੇ ਹਰ ਇੱਕ ਮੈਂਬਰ ਦੇ 40 ਪ੍ਰਸ਼ਨ ਔਨਲਾਈਨ ਐਪ ਉੱਪਰ ਦਰਜ ਕਰਨੇ ਹਨ, ਜੋ ਕਿ ਬਹੁਤ ਜ਼ਿਆਦਾ ਕੰਮ ਹੈ। ਮੌਸਮ ਦੇ ਅਤਿ ਸਰਦੀ, ਦਿਨਾਂ ਦੇ ਛੋਟੇ ਹੋਣ ਕਾਰਨ ਤੇ ਅਧਿਆਪਕਾਂ ਦੀ ਜਨ ਗਣਨਾ ਡਿਊਟੀ ਉਨ੍ਹਾਂ ਦੀ ਪੋਸਟਿੰਗ ਵਾਲੀ ਥਾਂ ਤੋਂ ਬਹੁਤ ਦੂਰ ਹੋਣ ਕਾਰਨ ਉਨ੍ਹਾਂ ਨੂੰ ਸਕੂਲ ਤੋਂ ਅੱਧੇ ਦਿਨ ਬਾਅਦ ਜਨ ਗਣਨਾ ਡਿਊਟੀ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਜ਼ਿਆਦਾ ਕੰਮ ਹੋਣ ਕਾਰਨ ਇਸ ਕੰਮ ਦਾ ਪੂਰੇ ਦਿਨ ਆਨ ਡਿਊਟੀ ਹੋਏ ਬਿਨਾਂ ਇਹ ਕੰਮ ਨੇਪਰੇ ਚਾੜ੍ਹਨਾ ਮੁਸ਼ਕਲ ਹੈ, ਜਿਸ ਕਰਕੇ ਬਾਅਦ 'ਚ ਅਧਿਆਪਕਾਂ ਉੱਪਰ ਬੇਲੋੜਾ ਦਬਾਅ ਬਣਾਇਆ ਜਾਵੇਗਾ। ਅਧਿਆਪਕ ਆਗੂਆਂ ਰਾਜਵਿੰਦਰ ਬੈਹਣੀਵਾਲ, ਲਖਵਿੰਦਰ ਸਿੰਘ ਮਾਨ, ਨਵੀਨ ਬੋਹਾ ਤੇ ਦਰਸ਼ਨ ਜਟਾਣਾ, ਨਵਦੀਪ ਮੱਤੀ ਨੇ ਕਿਹਾ ਕਿ ਮਈ-ਜੂਨ 'ਚ ਵੀ ਜਨਗਣਨਾ ਦੇ ਪਹਿਲੇ ਪੜਾਅ ਸਮੇਂ ਅਧਿਆਪਕਾਂ ਨੂੰ ਸਿਖ਼ਰ ਦੁਪਹਿਰੇ ਘਰਾਂ 'ਚ ਜਾਣ ਲਈ ਦਬਾਅ ਬਣਾਇਆ ਗਿਆ ਸੀ, ਜਿਸ ਕਰਕੇ ਅਧਿਆਪਕਾਂ ਨੇ ਡੀ ਸੀ ਦਫ਼ਤਰ ਅੱਗੇ ਧਰਨਾ ਲਗਾ ਕੇ ਆਪਣਾ ਮਸਲਾ ਹੱਲ ਕਰਵਾਇਆ ਸੀ। ਆਗੂਆਂ ਨੇ ਕਿਹਾ ਕਿ ਉਹ ਅੱਜ ਇਸ ਲਈ ਮੰਗ ਪੱਤਰ ਦੇਣ ਆਏ ਹਨ ਕਿ ਉਨ੍ਹਾਂ ਨੂੰ 1 ਦਸੰਬਰ ਤੋਂ ਪੂਰੇ ਦਿਨ ਲਈ ਡਿਊਟੀ 'ਤੇ ਸਮਝਿਆ ਜਾਵੇ।

ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਬੁੱਧਵਾਰ ਤੱਕ ਪੱਤਰ ਜਾਰੀ ਨਾ ਹੋਇਆ ਤਾਂ ਸਕੂਲ ਟਾਈਮ ਤੋਂ ਬਾਅਦ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਧਰਨਾ ਲਗਾਇਆ ਜਾਵੇਗਾ। ਇਸ ਸਮੇਂ ਸੁਖਵੀਰ ਕੌਰ, ਰਿਯ, ਅਮਨਦੀਪ ਕੌਰ, ਰਾਜਪਾਲ ਸਿੰਘ, ਅਨਮੋਲਦੀਪ ਸਿੰਘ, ਗੁਰਵਿੰਦਰ ਮਾਖਾ, ਰਣਜੀਤ ਸਿੰਘ, ਧਰਮਿੰਦਰ ਸਿੰਘ, ਗੁਰਪ੍ਰੀਤ ਭੀਖੀ, ਹਰਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਪਲਵਿੰਦਰ ਸਿੰਘ, ਜਸ

ਐੱਸ.ਆਰ.ਐੱਸ. ਵਿੱਦਿਆਪੀਠ ਵਿਖੇ ਐਲੂਮਨਾਈ ਮੀਟ



ਸਮਾਣਾ, (ਗੁਰਪਿਆਰ ਸਿੰਘ ਬੱਲ)-ਐੱਸ.ਆਰ.ਐੱਸ. ਵਿੱਦਿਆਪੀਠ ਵੱਲੋਂ ਵਿਸ਼ੇਸ਼ ਐਲੂਮਨਾਈ ਮੀਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਵੱਖ-ਵੱਖ ਬੈਚਾਂ ਦੇ ਸਾਬਕਾ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।ਇਹ ਸਮਾਗਮ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰਨ, ਪੁਰਾਣੇ ਦੋਸਤਾਂ ਨਾਲ ਮੁੜ ਮਿਲਣ ਤੇ ਆਪਣੇ ਸਕੂਲ ਨਾਲ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਦਾ ਯਾਦਗਾਰ ਮੌਕਾ ਬਣਿਆ।ਇਸ ਮੌਕੇ ਸਾਬਕਾ ਵਿਦਿਆਰਥੀਆਂ ਨੂੰ ਆਪਣੇ ਸਕੂਲੀ ਜੀਵਨ ਦੇ ਅਨਮੋਲ ਪਲਾਂ ਨੂੰ ਮੁੜ ਯਾਦ ਕਰਨ ਦਾ ਮੌਕਾ ਮਿਲਿਆ।ਸਮਾਗਮ ਦਾ ਮੁੱਖ ਆਕਰਸ਼ਣ ਸਕੂਲ ਦੀ ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਵੱਲੋਂ ਓਲਡ ਐੱਸ.ਆਰ.ਸੀਅਨਜ਼ ਸੋਸਾਇਟੀ (ਓ ਐੱਸ ਐੱਸ) ਦੀ ਰਸਮੀ ਸਥਾਪਨਾ ਸੀ।ਇਹ ਪਹਿਲ ਸਕੂਲ ਤੇ ਇਸ ਦੇ ਸਾਬਕਾ ਵਿਦਿਆਰਥੀਆਂ ਵਿਚਕਾਰ ਜੀਵਨ ਭਰ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਇਸ ਸੋਸਾਇਟੀ ਰਾਹੀਂ ਸਾਬਕਾ ਵਿਦਿਆਰਥੀਆਂ ਨੂੰ ਆਪਸੀ ਸਹਿਯੋਗ, ਮਾਰਗਦਰਸ਼ਨ, ਵਿਚਾਰਾਂ ਦੇ ਆਦਾਨ-ਪ੍ਰਦਾਨ ਤੇ ਸੰਸਥਾ ਦੀ ਤਰੱਕੀ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਇੱਕ ਸਾਂਝਾ ਮੰਚ ਮਿਲੇਗਾ।ਸਮਾਗਮ ਵਿੱਚ ਵੱਖ-ਵੱਖ ਸਾਲਾਂ ਦੌਰਾਨ ਸਕੂਲ ਤੋਂ ਸਿੱਖਿਆ ਪ੍ਰਾਪਤ ਕਰ ਚੁੱਕੇ ਸਾਬਕਾ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਆਪਣੇ ਪੁਰਾਣੇ ਸਕੂਲ ਵਿੱਚ ਵਾਪਸੀ ਕਰਕੇ ਉਨ੍ਹਾਂ ਨੇ ਵਿਦਿਆਰਥੀ ਜੀਵਨ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਪੁਰਾਣੇ ਦੋਸਤਾਂ ਨਾਲ ਸਮਾਂ ਬਿਤਾਇਆ।ਇਸ ਮੌਕੇ ਸਕੂਲ ਦੀ ਯਾਤਰਾ ਨੂੰ ਸਮਰਪਤ ਕੇਕ ਕੱਟਣ ਦੀ ਰਸਮ, ਆਪਸੀ ਮਿਲਣ-ਜੁਲਣ, ਪੁਰਾਣੀਆਂ ਯਾਦਾਂ ਸਾਂਝੀਆਂ ਕਰਨ ਤੇ ਜਲਪਾਨ ਦਾ ਪ੍ਰਬੰਧ ਕੀਤਾ ਗਿਆ। ਪੁਰਾਣੇ ਸਾਥੀਆਂ ਦੇ ਮੁੜ ਮਿਲਣ ਨਾਲ ਸਮੁੱਚਾ ਮਾਹੌਲ ਪਿਆਰ, ਉਤਸ਼ਾਹ ਤੇ ਆਪਣੇਪਣ ਦੀ ਭਾਵਨਾ ਨਾਲ ਭਰਪੂਰ ਰਿਹਾ।ਸਕੂਲ ਦੇ ਚੇਅਰਮੈਨ ਸੀ.ਏ. ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀ.ਏ. ਲਲਿਤ ਸਿੰਗਲਾ ਤੇ ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਦੀ ਅਗਵਾਈ ਹੇਠ ਪ੍ਰਿੰਸੀਪਲ ਡਾ. ਚੰਦਨਦੀਪ ਦੇ ਸਹਿਯੋਗ ਨਾਲ, ਸੰਸਥਾ ਆਤਮਵਿਸ਼ਵਾਸੀ, ਸਮਰੱਥ ਤੇ ਜ਼ਿੰਮੇਵਾਰ ਸ਼ਖ਼ਸੀਅਤਾਂ ਤਿਆਰ ਕਰਨ ਦੇ ਆਪਣੇ ਉਦੇਸ਼ ਵੱਲ ਲਗਾਤਾਰ ਅੱਗੇ ਵਧ ਰਹੀ ਹੈ।ਓਲਡ ਐੱਸ.ਆਰ.ਸੀਅਨਜ਼ ਸੋਸਾਇਟੀ ਰਾਹੀਂ ਸਕੂਲ ਆਪਣੇ ਸਾਬਕਾ ਵਿਦਿਆਰਥੀਆਂ ਨਾਲ ਸਥਾਈ ਸਾਂਝ ਬਣਾਉਣ ਅਤੇ ਉਨ੍ਹਾਂ ਦੀ ਨਿਰੰਤਰ ਭਾਗੀਦਾਰੀ ਨੂੰ ਉਤਸ਼ਾਹਤ ਕਰੇਗਾ।

ਬਲਾਕ ਪੱਧਰੀ ਸਬ-ਨੈਸ਼ਨਲ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ



ਬੁਢਲਾਡਾ (ਅਸ਼ੋਕ ਲਾਕੜਾ)-ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵੱਲੋਂ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਤੇ ਸਿਹਤ ਮੰਤਰੀ ਸ੍. ਬਲਵੀਰ ਸਿੰਘ ਦੀ ਅਗਵਾਈ ਹੇਠ ਚਲਾਈ ਜਾ ਰਹੀ ਸਬ-ਨੈਸ਼ਨਲ ਪਲਸ ਪੋਲੀਓ ਮੁਹਿੰਮ ਤਹਿਤ ਬੁਢਲਾਡਾ ਵਿਖੇ ਬਲਾਕ ਪੱਧਰੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਇੱਕ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਮੁਹਿੰਮ ਦਾ ਆਗਾਜ਼ ਕੀਤਾ।ਇਸ ਮੌਕੇ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਬੱਚਿਆਂ ਨੂੰ ਪੋਲੀਓ ਵਰਗੀ ਗੰਭੀਰ ਬਿਮਾਰੀ ਤੋਂ ਸੁਰੱਖਿਅਤ ਰੱਖਣ ਲਈ ਪੋਲੀਓ ਰੋਕੂ ਬੂੰਦਾਂ ਪਿਲਾਉਣਾ ਬੇਹੱਦ ਜ਼ਰੂਰੀ ਹੈ।ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਸਹਿਯੋਗ ਦੇਣ ਤੇ ਆਪਣੇ ਪੰਜ ਸਾਲ ਤੱਕ ਦੀ ਉਮਰ ਦੇ ਸਾਰੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ।ਸਿਹਤ ਵਿਭਾਗ ਵੱਲੋਂ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਬਲਾਕ ਵਿੱਚ ਕੁੱਲ 137 ਟੀਮਾਂ ਦਾ ਗਠਨ ਕੀਤਾ ਗਿਆ ਹੈ, ਜਿਨ੍ਹਾਂ ਦੀ ਨਿਗਰਾਨੀ ਲਈ 25 ਸੁਪਰਵਾਈਜ਼ਰ ਤਾਇਨਾਤ ਕੀਤੇ ਗਏ ਹਨ।ਇਸ ਮੁਹਿੰਮ ਤਹਿਤ ਲਗਭਗ 20 ਹਜ਼ਾਰ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਦਾ ਟੀਚਾ ਮਿੱਥਿਆ ਗਿਆ ਹੈ।ਇਸ ਮੌਕੇ ਡਾ. ਮਿਆਂਕ ਜੋਤ ਸਿੰਘ ਡਿਪਟੀ ਮੈਡੀਕਲ ਕਮਿਸ਼ਨਰ, ਡਾ. ਸਤਿੰਦਰ ਕੌਰ ਐੱਸ.ਐੱਮ.ਓ. ਬੁਢਲਾਡਾ, ਡਾ. ਵਿਜੇ ਜੈਨ ਜ਼ਿਲ੍ਹਾ ਮੀਡੀਆ ਅਫ਼ਸਰ, ਡਾ. ਧੀਰਜ ਜੈਨ ਮੈਡੀਕਲ ਅਫ਼ਸਰ ਤੇ ਡਾ. ਹਰਬੰਸ ਲਾਲ ਬਲਾਕ ਐਕਸਟੈਂਸ਼ਨ ਐਜੂਕੇਟਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਕਰਮਚਾਰੀ ਤੇ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਬਲਵਿੰਦਰ ਸਿੰਘ ਅੱਲਖ ਹਾਜ਼ਰ ਸਨ।

ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

ਇਮਾਨਦਾਰ ਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ ਕਾਮਰੇਡ ਪ੍ਰੇਮ ਰੱਕੜ



ਜਦੋਂ ਕਿਸੇ ਵੀ ਨੌਜਵਾਨ ਨੂੰ ਸਹੀ ਸਿੱਖਿਆ, ਸੇਧ ਮਿਲ ਜਾਵੇ ਤਾਂ ਉਹ ਆਪਣੇ ਪਰਿਵਾਰ ਦੀਆਂ ਤੰਗੀਆਂ ਤੁਰਸ਼ੀਆਂ ਤੋਂ ਬਾਅਦ ਵੀ ਕੁਰੀਤੀਆਂ ਅਤੇ ਸਰਕਾਰਾਂ ਦੀਆਂ ਵਧੀਕੀਆਂ ਖਿਲਾਫ਼ ਸੰਘਰਸ਼ ਕਰਦਿਆਂ ਲੋਕ ਹਿੱਤਾਂ ਦੀ ਰਾਖੀ ਕਰਨ ਲਈ ਚੇਤਨ ਹੋ ਜਾਂਦਾ ਹੈ। ਇਹ ਸਾਰਾ ਕੁਝ ਸਾਡੇ ਤੋਂ 16 ਨਵੰਬਰ 2026 ਨੂੰ ਹਮੇਸ਼ਾ ਲਈ ਵਿਛੜ ਚੁੱਕੇ ਕਾਮਰੇਡ ਪ੍ਰੇਮ ਰੱਕੜ 'ਤੇ ਲਾਗੂ ਹੁੰਦਾ ਹੈ। ਸਧਾਰਨ ਅਤੇ ਗਰੀਬ ਪਰਵਾਰ ਵਿੱਚ 8 ਫਰਵਰੀ 1955 ਨੂੰ ਪਿਤਾ ਫੂਲ ਰਾਮ ਅਤੇ ਮਾਤਾ ਮਲਾਵੀ ਦੇ ਘਰ ਪਿੰਡ ਰੱਕੜਾ ਢਾਹਾਂ ਵਿਖੇ ਜਨਮੇ ਪ੍ਰੇਮ ਚੰਦ ਰੱਕੜ ਨੇ ਦਸਵੀਂ ਤੱਕ ਦੀ ਸਿੱਖਿਆ ਪਿੰਡ ਦੇ ਹੀ ਸਕੂਲ ਤੋਂ ਪ੍ਰਾਪਤ ਕਰਨ ਤੋਂ ਬਾਅਦ ਬੱਬਰ ਅਕਾਲੀ ਖਾਲਸਾ ਗੜ੍ਹਸ਼ੰਕਰ ਵਿਖੇ ਦਾਖਲਾ ਲੈ ਲਿਆ। ਖਾਲਸਾ ਕਾਲਜ ਦੇ ਵਿੱਚ ਪੜ੍ਹਦਿਆਂ ਪ੍ਰੇਮ ਰੱਕੜ ਪਾੜ੍ਹਿਆਂ ਦੇ ਹਰਮਨ ਪਿਆਰੇ ਆਗੂ ਕਾਮਰੇਡ ਰਘੁਨਾਥ ਸਿੰਘ, ਕਾਮਰੇਡ ਦਰਸ਼ਨ ਸਿੰਘ ਮੱਟੂ ਦੇ ਸੰਪਰਕ 'ਚ ਆ ਕੇ ਵਿਦਿਆਰਥੀਆਂ ਦੇ ਮਸਲਿਆਂ ਲਈ ਸੰਘਰਸ਼ੀਲ ਜਥੇਬੰਦੀ ਐਸ.ਐਫ.ਆਈ ਦੇ ਝੰਡੇ ਨੂੰ ਚੁੱਕ ਕੇ ਵਿਦਿਆਰਥੀਆਂ ਦੇ ਮਸਲਿਆਂ ਲਈ ਸਰਗਰਮ ਹੋ ਗਏ। 12ਵੀਂ ਪਾਸ ਕਰਨ ਤੋਂ ਬਾਅਦ ਪ੍ਰੇਮ ਰੱਕੜ ਨੇ ਥੋੜੋਂ ਵਿਖੇ ਜੇ. ਬੀ. ਟੀ ਕਰਨ ਲੱਗ ਪਏ। ਜੇ. ਬੀ. ਟੀ ਕਰਨ ਤੋਂ ਬਾਅਦ ਸਾਥੀ ਪ੍ਰੇਮ ਚੰਦ ਰੱਕੜ ਨੂੰ 04 ਮਈ 1978 ਨੂੰ ਸਰਕਾਰੀ ਪ੍ਰਾਇਮਰੀ ਸਕੂਲ ਚੰਦਿਆਨੀ ਖੁਰਦ ਵਿਖੇ ਪ੍ਰਾਇਮਰੀ ਅਧਿਆਪਕ ਵਜੋਂ ਨੌਕਰੀ ਮਿਲ ਗਈ। ਸਰਕਾਰੀ ਨੌਕਰੀ ਦੌਰਾਨ ਹੀ ਸਾਥੀ ਪ੍ਰੇਮ ਚੰਦ ਰੱਕੜ ਨੇ ਉਚੇਰੀ ਸਿੱਖਿਆ ਪ੍ਰਾਪਤ ਕਰਕੇ ਪੰਜਾਬੀ ਅਧਿਆਪਕ ਵਜੋਂ ਵਿਭਾਗੀ ਤਰੱਕੀ ਪ੍ਰਾਪਤ ਕਰ ਲਈ। ਕਾਲਜ 'ਚ ਪੜ੍ਹਦਿਆਂ ਸਾਥੀ ਪ੍ਰੇਮ ਰੱਕੜ ਨੇ ਐੱਸ. ਐਫ. ਆਈ ਦੇ ਝੰਡੇ ਹੇਠ 1972-73 ਦੇ ਬਸ ਪਾਸ ਵਿਦਿਆਰਥੀ ਘੋਲ ਅਤੇ 1975 ਵੇਲੇ ਲੱਗੀ ਐਮਰਜੰਸੀ ਦਾ ਵਿਰੋਧ ਕਰਦਿਆਂ ਸੰਘਰਸ਼ 'ਚ ਸਰਗਰਮੀ ਨਾਲ ਭਾਗ ਲੈਂਦਿਆਂ ਆਗੂ ਰੋਲ ਅਦਾ ਕੀਤਾ। ਸਰਕਾਰੀ ਨੌਕਰੀ ਕਰਦਿਆਂ ਸਾਥੀ ਪ੍ਰੇਮ ਚੰਦ ਰੱਕੜ ਉੱਘੇ ਟਰੇਡ ਯੂਨੀਅਨ ਆਗੂ ਮਾਸਟਰ ਹਰਕਮਲ ਸਿੰਘ, ਯੋਧ ਸਿੰਘ ਜੀ ਦੇ ਸੰਪਰਕ ਵਿਚ ਆ ਕੇ ਗੌਰਮਿੰਟ ਟੀਚਰ ਯੂਨੀਅਨ ਵਿਚ ਕੰਮ ਕਰਨ ਲੱਗ ਪਏ। ਸਾਥੀ ਰੱਕੜ ਨੇ ਜਥੇਬੰਦੀ ਵਿਚ ਜਿਸ ਲਗਨ, ਸ਼ਿਦਤ ਅਤੇ ਇਮਾਨਦਾਰੀ ਨਾਲ ਅਧਿਆਪਕਾ ਲਈ ਕੰਮ ਕਰਨਾ ਜਾਗੀ ਰੱਖਿਆ ਉਸ ਨਾਲ ਉਹ ਗੌਰਮਿਟ ਟੀਚਰ ਯੂਨੀਅਨ (ਵਿਗਿਆਨਕ) ਦੇ ਸੂਬਾਈ ਪ੍ਰਧਾਨ ਅਤੇ ਸਮੁਚੇ ਪੰਜਾਬ ਦੇ ਮੁਲਾਜਮਾਂ ਦੀ ਜਥੇਬੰਦੀ ਪ :ਸ :ਫ (ਵਿਗਿਆਨਕ) ਦੇ ਸੂਬਾਈ ਪ੍ਰਧਾਨ, ਆਲ ਇੰਡੀਆ ਸਟੇਟ ਇੰਪਲਾਈ ਯੂਨੀਅਨ ਫੈਡਰੇਸ਼ਨ ਦੇ ਮੈਂਬਰ ਬਣੇ। 28 ਫਰਵਰੀ 2015 ਨੂੰ ਰਿਟਾਇਰ ਹੋਣ ਤੋਂ ਬਾਅਦ ਸਾਥੀ ਪ੍ਰੇਮ ਰੱਕੜ ਲਗਾਤਾਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅੰਦਰ ਸੀ. ਪੀ. ਆਈ ਐਮ ਦੇ ਝੰਡੇ ਹੇਠ ਲੋਕ ਪੱਖੀ ਅਤੇ ਇਨਕਲਾਬੀ ਸੋਚ ਉਤੇ ਪਹਿਰਾ ਦਿੰਦਿਆਂ ਮੁਲਾਜਮਾਂ, ਮਜਦੂਰਾਂ, ਨੌਜਵਾਨਾਂ, ਕਿਸਾਨਾਂ ਅਤੇ ਆਮ ਲੋਕਾਂ ਦੀਆਂ ਮੰਗਾਂ ਅਤੇ ਸਰਕਾਰਾਂ ਦੀਆਂ ਵਧੀਕੀਆਂ ਦੇ ਖਿਲਾਫ ਸੰਘਰਸ਼ ਕਰਦੇ ਹੋਏ ਲੋਕਾਂ ਦੇ ਨੇਤਾ ਵਜੋਂ ਸਥਾਪਿਤ ਹੋ ਗਏ। ਵਿਦਿਆਰਥੀ ਜ਼ਿੰਦਗੀ ਤੋਂ ਲੈ ਕੇ 2024 ਤੱਕ ਲਗਾਤਾਰ ਸਾਥੀ ਪ੍ਰੇਮ ਚੰਦ ਰੱਕੜ ਵੱਲੋਂ ਸੀ. ਪੀ. ਆਈ (ਐਮ) ਦੀ ਲੋਕ ਪੱਖੀ, ਇਨਕਲਾਬੀ ਸੋਚ ਉਤੇ ਪਹਿਰਾ ਦਿੰਦਿਆਂ ਕਿਸਾਨਾਂ, ਮਜਦੂਰਾਂ, ਨੌਜਵਾਨਾਂ, ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਦੇਖਦੇ ਹੋਏ ਪਿੰਡ ਰੱਕੜਾ ਢਾਹਾਂ ਦੇ ਲੋਕਾਂ ਨੇ ਭਾਰੀ ਬਹੁਮਤ ਨਾਲ ਸਰਪੰਚ ਚੁਣਿਆ। ਸਾਥੀ ਪ੍ਰੇਮ ਰੱਕੜ ਨੇ ਸੀ. ਪੀ. ਆਈ (ਐਮ) ਤਹਿਸੀਲ ਬਲਾਚੌਰ ਦੇ ਸਕੱਤਰ ਦੀ ਡਿਊਟੀ ਦੇ ਨਾਲ ਨਾਲ ਪਿੰਡ ਵਲੋਂ ਦਿੱਤੀ ਸਰਪੰਚ ਦੀ ਜਿੰਮੇਵਾਰੀ ਨੂੰ ਪਿੰਡ ਦੇ ਸਮੁਚੇ ਵਿਕਾਸ ਅਤੇ ਆਮ ਲੋਕਾਂ ਦੇ ਦੁੱਖ ਦਰਦ ਨੂੰ ਦੂਰ ਕਰਨ ਲਈ ਅੰਤਿਮ ਸਾਹ ਤੱਕ ਬਾਖੂਬੀ ਨਿਭਾਇਆ। ਕਾਮਰੇਡ ਪ੍ਰੇਮ ਰੱਕੜ ਵਰਗੇ ਲਾਲ ਝੰਡੇ ਦੇ ਸਿਪਾਹੀ , ਸਮੁੱਚੀ ਮਜਦੂਰ ਜਮਾਤ ਦੇ ਬੁਧੀਜੀਵੀ, ਨਿਧੜਕ, ਸੰਘਸ਼ੀਲ ਆਗੂ ਦਾ ਬੇਵਕਤੀ ਮੌਤ ਰੂਪੀ ਸਦੀਵੀ ਵਿਛੋੜਾ ਉਹਨਾਂ ਦੇ ਪਰਿਵਾਰ, ਸੀ. ਪੀ. ਆਈ (ਐਮ), ਟਰੇਡ ਯੂਨੀਅਨਾਂ, ਆਮ ਲੋਕਾਂ ਦੇ ਨਾਲ ਨਾਲ ਸਮੁੱਚੀ ਖੱਬੀ ਲਹਿਰ, ਇਲਾਕੇ ਅਤੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਹੈ। ਅੱਜ ਮਿਤੀ 23 ਨਵੰਬਰ 2026 ਨੂੰ ਉਹਨਾਂ ਦੇ ਸ਼ਰਧਾਂਜਲੀ ਸਮਾਗਮ ਪਿੰਡ ਰੱਕੜਾ ਢਾਹਾਂ, ਤਹਿਸੀਲ ਬਲਾਚੌਰ, ਜਿਲ੍ਹਾ ਸ਼ਹੀਦ ਭਗਤ ਸਿੰਘ ਵਿਖੇ ਕਰਵਾਇਆ ਜਾ ਰਿਹਾ ਹੈ।

-ਜਸਵਿੰਦਰ ਬੈਂਸ, ਬਲਾਚੌਰ

ਬਜਾਜ ਏ ਐੱਮ ਸੀ ਵੱਲੋਂ ਬਿਜ਼ਨਸ ਸਾਈਕਲ ਫੰਡ ਲਾਂਚ ਕਰਨ ਦਾ ਐਲਾਨ

ਚੰਡੀਗੜ੍ਹ-ਬਜਾਜ ਐਸੇਟ ਮੈਨੇਜਮੈਂਟ ਲਿਮਟਿਡ (ਬਜਾਜ ਏ ਐੱਮ ਸੀ) ਨੇ 'ਬਜਾਜ ਫਿਨਸਰਵ ਬਿਜ਼ਨਸ ਸਾਈਕਲ ਫੰਡ' ਲਾਂਚ ਕਰਨ ਦਾ ਐਲਾਨ ਕੀਤਾ ਹੈ। ਇਹ ਕਾਰੋਬਾਰੀ ਚੱਕਰਾਂ 'ਤੇ ਆਧਾਰਿਤ ਓਪਨ-ਐਂਡਿਡ ਇਕੁਇਟੀ ਸਕੀਮ ਹੈ, ਜਿਸ ਦਾ ਨਿਊ ਫੰਡ ਆਫ਼ਰ 20 ਨਵੰਬਰ ਤੋਂ 4 ਦਸੰਬਰ ਤੱਕ ਖੁੱਲ੍ਹਾ ਰਹੇਗਾ।ਫੰਡ ਦਾ ਉਦੇਸ਼ ਕਾਰੋਬਾਰੀ ਚੱਕਰ ਦੇ ਵੱਖ-ਵੱਖ ਪੜਾਵਾਂ ਅਨੁਸਾਰ ਸੰਭਾਵੀ ਲਾਭ ਵਾਲੀਆਂ ਕੰਪਨੀਆਂ ਦੀ ਪਛਾਣ ਕਰਕੇ ਵੱਖ-ਵੱਖ ਸੈਕਟਰਾਂ ਵਿੱਚ ਨਿਵੇਸ਼ ਕਰਨਾ ਹੈ। ਇਸ ਤਹਿਤ ਆਰਥਿਕ ਵਿਕਾਸ, ਵਿਆਜ ਦਰਾਂ, ਕਰਜ਼ਾ ਗਤੀਵਿਧੀਆਂ, ਖਪਤ, ਕਮੋਡਿਟੀ ਬਾਜ਼ਾਰ ਅਤੇ ਕੰਪਨੀਆਂ ਦੀ ਕਮਾਈ ਵਰਗੇ ਕਾਰਕਾਂ ਦਾ ਵਿਸ਼ਲੇਸ਼ਣ ਕੀਤਾ ਜਾਵੇਗਾ। ਬਜਾਜ ਏ ਐੱਮ ਸੀ ਦੇ ਮੈਨੇਜਿੰਗ ਡਾਇਰੈਕਟਰ ਗਣੇਸ਼ ਮੋਹਨ ਨੇ ਕਿਹਾ ਕਿ ਇਸ ਫੰਡ ਰਾਹੀਂ ਨਿਵੇਸ਼ਕਾਂ ਨੂੰ ਭਾਰਤ ਦੀ ਬਦਲਦੀ ਵਿਕਾਸ ਯਾਤਰਾ ਵਿੱਚ ਹਿੱਸਾ ਲੈਣ ਦਾ ਮੌਕਾ ਮਿਲੇਗਾ।

ਸ਼ਿਕਾਇਤਾਂ ਦੇ ਹੱਲ ਲਈ ਨੀਤੀ 'ਚ ਬਦਲਾਅ ਕਰਨ ਦਾ ਫੈਸਲਾ : ਨਾਇਬ ਸਿੰਘ ਸੈਣੀ



ਚੰਡੀਗੜ੍ਹ (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਲੋਕਾਂ ਦੀਆਂ ਸ਼ਿਕਾਇਤਾਂ ਦੇ ਆਧਾਰ 'ਤੇ ਸੂਬਾ ਪੱਧਰੀ ਨੀਤੀਆਂ ਵਿੱਚ ਲੋੜੀਂਦੇ ਬਦਲਾਅ ਕਰਨ ਦਾ ਫੈਸਲਾ ਲਿਆ ਗਿਆ ਹੈ, ਤਾਂ ਜੋ ਆਮ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਆਸਾਨੀ ਨਾਲ ਮਿਲ ਸਕੇ। ਉਹ ਐਤਵਾਰ ਨੂੰ ਸਥਾਨਕ ਪੰਚਾਇਤ ਭਵਨ ਵਿਖੇ ਆਯੋਜਿਤ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮਾਸਿਕ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਆਮ ਲੋਕਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨ, ਭ੍ਰਿਸ਼ਟਾਚਾਰ 'ਤੇ ਰੋਕ ਲਗਾਉਣ ਅਤੇ ਵਿਕਾਸ ਕਾਰਜਾਂ ਨੂੰ ਗਤੀ ਦੇਣ ਲਈ ਵਚਨਬੱਧ ਹੈ। ਸਿਰਸਾ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਕਸ਼ਟ ਨਿਵਾਰਣ ਕਮੇਟੀ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਮੀਟਿੰਗ ਵਿੱਚ ਕੁੱਲ 15 ਸ਼ਿਕਾਇਤਾਂ ਰੱਖੀਆਂ ਗਈਆਂ, ਜਿਨ੍ਹਾਂ ਵਿੱਚੋਂ 13 ਸ਼ਿਕਾਇਤਾਂ ਦਾ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ, ਜਦਕਿ ਦੋ ਸ਼ਿਕਾਇਤਾਂ ਅਗਲੀ ਮੀਟਿੰਗ ਲਈ ਲੰਬਿਤ ਰੱਖੀਆਂ ਗਈਆਂ ਹਨ। ਮੁੱਖ ਮੰਤਰੀ ਨੇ ਵਿਕਾਸ ਕਾਰਜਾਂ ਵਿੱਚ ਲਾਪਰਵਾਹੀ ਅਤੇ ਬੇਨਿਯਮੀਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਦੱਸਿਆ ਕਿ ਲੰਬਿਤ ਕੰਮਾਂ ਵਿੱਚ ਲਾਪਰਵਾਹੀ ਵਰਤਣ ਵਾਲੇ ਠੇਕੇਦਾਰ ਵਿਰੁੱਧ ਐੱਫ ਆਈ ਆਰ ਦਰਜ ਕਰਨ, ਉਸ ਤੋਂ ਹੋਏ ਨੁਕਸਾਨ ਦੀ ਭਰਪਾਈ ਕਰਵਾਉਣ ਅਤੇ ਉਸ ਨੂੰ ਬਲੈਕਲਿਸਟ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਮਾਮਲੇ ਵਿੱਚ ਮਿਲੀਭੁਗਤ ਅਤੇ ਲਾਪਰਵਾਹੀ ਪਾਏ ਜਾਣ 'ਤੇ ਇੱਕ ਐਕਸੀਅਨ, ਇੱਕ ਜੇ ਈ ਅਤੇ ਇੱਕ ਐੱਮ ਈ ਨੂੰ ਮੁਅੱਤਲ ਕਰਨ ਦੇ ਹੁਕਮ ਦਿੱਤੇ ਗਏ ਹਨ, ਜਦਕਿ ਡੀ ਐੱਮ ਸੀ ਦੀ ਇੱਕ ਮਹੀਨੇ ਦੀ ਤਨਖਾਹ ਕੱਟਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰੀ ਕੰਮਾਂ ਵਿੱਚ ਲਾਪਰਵਾਹੀ ਅਤੇ ਭ੍ਰਿਸ਼ਟਾਚਾਰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਿਰਸਾ ਵਿਧਾਨ ਸਭਾ ਹਲਕੇ ਵ

ਨਾਇਬ ਤਹਿਸੀਲਦਾਰ ਵੱਲੋਂ ਫਿਲੌਰ ਤੇ ਦੁਸਾਂਝ ਕਲਾਂ ਦੀਆਂ ਮੰਡੀਆਂ ਦਾ ਦੌਰਾ



ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ) ਪੰਜਾਬ ਦੀਆਂ ਦਾਣਾ ਮੰਡੀਆਂ ਵਿੱਚ 12 ਨਵੰਬਰ ਤੋਂ ਝੋਨੇ ਦੀ ਖਰੀਦ ਬੰਦ ਹੋਣ ਕਾਰਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਥਿਤੀ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਜਲੰਧਰ ਦੇ ਨਿਰਦੇਸ਼ਾਂ 'ਤੇ ਨੂਰਮਹਿਲ ਦੇ ਨਾਇਬ ਤਹਿਸੀਲਦਾਰ ਅਤੇ ਫਿਲੌਰ ਦੇ ਵਾਧੂ ਚਾਰਜ ਵਾਲੇ ਅਧਿਕਾਰੀ ਵਰਿੰਦਰ ਕੁਮਾਰ ਰੱਤੀ ਨੇ ਫਿਲੌਰ ਅਤੇ ਦੁਸਾਂਝ ਕਲਾਂ ਦੀਆਂ ਦਾਣਾ ਮੰਡੀਆਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਮਾਰਕੀਟ ਕਮੇਟੀ ਫਿਲੌਰ ਦੇ ਚੇਅਰਮੈਨ ਸੁਖਦੀਪ ਸਿੰਘ ਅੱਪਰਾ, ਮਾਰਕੀਟ ਕਮੇਟੀ ਦੇ ਸਕੱਤਰ ਸੁਖਜਿੰਦਰ ਸਿੰਘ, ਕਿਸਾਨਾਂ, ਆੜ੍ਹਤੀਆਂ ਅਤੇ ਖਰੀਦ ਏਜੰਸੀਆਂ ਦੇ ਇੰਸਪੈਕਟਰਾਂ ਨਾਲ ਮੀਟਿੰਗ ਕਰਕੇ ਝੋਨੇ ਦੀ ਖਰੀਦ ਸਬੰਧੀ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਮੰਡੀਆਂ ਵਿੱਚ ਪਏ ਝੋਨੇ ਦੇ ਸਟਾਕ ਅਤੇ ਖਰੀਦ ਸਬੰਧੀ ਆ ਰਹੀਆਂ ਮੁਸ਼ਕਲਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਾਇਬ ਤਹਿਸੀਲਦਾਰ ਵਰਿੰਦਰ ਕੁਮਾਰ ਰੱਤੀ ਨੇ ਦੱਸਿਆ ਕਿ ਫਿਲੌਰ ਦੀ ਦਾਣਾ ਮੰਡੀ ਵਿੱਚ ਲਗਭਗ 60,000 ਬੈਗ, ਗੁਰਾਇਆ ਦੀ ਦਾਣਾ ਮੰਡੀ ਵਿੱਚ 25,000 ਬੈਗ ਅਤੇ ਦੁਸਾਂਝ ਕਲਾਂ ਦੀ ਦਾਣਾ ਮੰਡੀ ਵਿੱਚ ਝੋਨੇ ਦੇ 68,706 ਦੇ ਸਟਾਕ ਸਬੰਧੀ ਅੰਕੜੇ ਇਕੱਠੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਅੰਕੜਿਆਂ ਦੇ ਆਧਾਰ 'ਤੇ ਰਿਪੋਰਟ ਤਿਆਰ ਕਰਕੇ ਉੱਚ ਅਧਿਕਾਰੀਆਂ ਅਤੇ ਸਰਕਾਰ ਨੂੰ ਭੇਜੀ ਜਾਵੇਗੀ। ਸਰਕਾਰ ਵੱਲੋਂ ਇਸ ਸਬੰਧੀ ਜੋ ਵੀ ਫੈਸਲਾ ਲਿਆ ਜਾਵੇਗਾ, ਉਸ ਬਾਰੇ ਅੱਗੇ ਜਾਣਕਾਰੀ ਦਿੱਤੀ ਜਾਵੇਗੀ। ਇਸ ਮੌਕੇ ਮਾਰਕੀਟ ਕਮੇਟੀ ਫਿਲੌਰ ਦੇ ਚੇਅਰਮੈਨ ਸੁਖਦੀਪ ਸਿੰਘ ਅੱਪਰਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਅਨੁਸਾਰ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਫਿਲੌਰ ਦੇ ਪ੍ਰਧਾਨ ਗੁਲਸ਼ਨ ਕੁਮਾਰ ਅਹੂਜਾ, ਇੰਸਪੈਕਟਰ ਤਰਨਜੀਤ ਸਿੰਘ, ਭਾਰਤੀ ਕਿਸਾਨ ਯੂਨੀਅਨ ਦੁਆਬਾ ਦੇ ਜਨਰਲ ਸਕੱਤਰ ਤਰਸੇਮ ਸਿੰਘ ਢਿੱਲੋਂ, ਜਥੇਦਾਰ ਸਤਨਾਮ ਸਿੰਘ ਜੱਜਾ ਖੁਰਦ, ਗੁਰਾਇਆ ਸਰਕਲ ਪ੍ਰਧਾਨ ਰਣਜੀਤ ਸਿੰਘ ਖੇਲਾ, ਹਰਮਿੰਦਰ ਸਿੰਘ ਰਾਣਾ ਮੁਠੱਡਾ, ਗੁਰਦੀਪ ਸਿੰਘ ਦੇਬੀ ਕੰਗ ਤੇਹਿੰਗ, ਕਸ਼ਮੀਰ ਸਿੰਘ ਬੱਕਾਪੁਰ, ਆੜ੍ਹਤੀ ਇਕਬਾਲ ਸਿੰਘ ਅੱਪਰਾ ਸਮੇਤ ਗੁਰਾਇਆ ਮੰਡੀ ਦੇ ਆੜ੍ਹਤੀਏ ਅਤੇ ਕਿਸਾਨ ਹਾਜ਼ਰ ਸਨ।

ਐੱਲ ਪੀ ਯੂ ਨੇ ਲਗਾਤਾਰ ਦੂਜੇ ਸਾਲ ਪੰਜਾਬ ਸਟੇਟ ਯੂਥ ਫੈਸਟੀਵਲ ਚੈਂਪੀਅਨਸ਼ਿਪ ਜਿੱਤੀ

ਜਲੰਧਰ (ਸ਼ੈਲੀ ਐਲਬਰਟ)- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ ਪੰਜਾਬ ਸਟੇਟ ਯੂਥ ਫੈਸਟੀਵਲ ਵਿੱਚ 200 ਤੋਂ ਵੱਧ ਅੰਕ ਪ੍ਰਾਪਤ ਕਰਕੇ ਇਤਿਹਾਸ ਰਚਿਆ ਹੈ, ਅਜਿਹਾ ਕਰਨ ਵਾਲੀ ਪਹਿਲੀ ਯੂਨੀਵਰਸਿਟੀ (ਐੱਲ ਪੀ ਯੂ) ਬਣ ਗਈ ਹੈ। 56 ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ, ਐੱਲ ਪੀ ਯੂ ਨੇ ਕੁੱਲ 42 ਤਗਮੇ ਜਿੱਤੇ ਜਿਸ ਵਿੱਚ 23 ਸੋਨੇ, 13 ਚਾਂਦੀ ਅਤੇ 6 ਕਾਂਸੀ ਸ਼ਾਮਲ ਹਨ ਅਤੇ ਲਗਾਤਾਰ ਦੂਜੇ ਸਾਲ ਸਮੁੱਚੀ ਚੈਂਪੀਅਨਸ਼ਿਪ ਟਰਾਫੀ। ਕਲਾਤਮਕ, ਸਾਹਿਤਕ, ਪ੍ਰਦਰਸ਼ਨ ਅਤੇ ਰਵਾਇਤੀ ਸੱਭਿਆਚਾਰਕ ਮੁਕਾਬਲਿਆਂ ਵਿੱਚ ਹਿੱਸਾ ਲੈਂਦੇ ਹੋਏ, ਐੱਲ ਪੀ ਯੂ ਦੇ ਵਿਦਿਆਰਥੀਆਂ ਨੇ 23 ਸੋਨੇ ਦੇ ਤਗਮੇ ਜਿੱਤੇ। ਇਹ ਮੈਡਲ ਸਮੂਹ ਸ਼ਬਦ/ਭਜਨ ਗਾਇਨ, ਕਲਾਸੀਕਲ ਡਾਂਸ, ਭਾਂਡ, ਪੰਜਾਬੀ ਮੁਹਾਵਰੇਦਾਰ ਵਾਰਤਾਲਾਪ, ਕਰੋਸ਼ੀਏ ਦੀ ਬੁਣਤੀ, ਕਢਾਈ (ਬਾਗ), ਗੁੱਡੀ-ਪਟੋਲਾ ਬਣਾਉਣਾ, ਪਰਾਂਦਾ ਬਣਾਉਣਾ, ਟੋਕਰੀ ਬਣਾਉਣਾ, ਛਿੱਕੂ ਬਣਾਉਣਾ, ਪੀੜ੍ਹੀ ਬੁਣਨੀ, ਮਿੱਟੀ ਦੇ ਖਿਡੌਣੇ ਬਣਾਉਣਾ, ਖਿੱਦੋ ਬਣਾਉਣਾ, ਇੰਨੂੰ ਬਣਾਉਣਾ, ਫੋਕ ਆਰਕੈਸਟਰਾ, ਇੱਕ-ਐਕਟ ਪਲੇਅ, ਸ਼ਾਸਤਰੀ ਸੰਗੀਤ ਵਾਦਨ (ਤਾਲ), ਸ਼ਾਸਤਰੀ ਸੰਗੀਤ ਵਾਦਨ (ਸਵਰ), ਪੰਜਾਬੀ ਸਮੂਹ ਗੀਤ, ਲੋਕ ਗੀਤ, ਵਾਦ ਵਿਵਾਦ, ਪੱਗ ਬੰਨ੍ਹਣਾ, ਅਤੇ ਰਵਾਇਤੀ ਲੋਕ-ਗੀਤ (ਲੰਮੀਆਂ ਹੇਕਾਂ ਵਾਲੇ ਗੀਤ) ਵਿੱਚ ਦਿੱਤੇ ਗਏ। ਮੈਡਲਾਂ ਦੀ ਗਿਣਤੀ ਤੋਂ ਇਲਾਵਾ ਐੱਲਪੀਯੂ ਨੇ 13 ਚਾਂਦੀ ਦੇ ਤਗਮੇ ਵੀ ਜਿੱਤੇ। ਇਹ ਮੈਡਲ ਸ਼ਾਸਤਰੀ ਸੰਗੀਤ ਗਾਇਨ, ਮਿਮਿਕਰੀ, ਪੰਜਾਬੀ ਲੋਕਧਾਰਾ ਅਤੇ ਸੱਭਿਆਚਾਰ ਕੁਇਜ਼, ਨਾਲਾ ਬਣਾਉਣਾ, ਰੱਸਾ ਵੱਟਣਾ, ਕਲੀ ਗਾਇਣ, ਵਾਰ ਗਾਇਣ, ਮੌਕੇ ਤੇ ਪੇਂਟਿੰਗ, ਕੋਲਾਜ ਬਣਾਉਣਾ, ਓਪਨ ਲੋਕ ਨਾਚ



ਲੜਕੇ (ਮੁੰਡਿਆਂ ਦਾ ਝੁਮਰ), ਭਾਸ਼ਣ, ਗਤਕਾ ਅਤੇ ਰਵਾਇਤੀ ਪਹਿਰਾਵਾ (ਰਿਵਤੀ ਪੋਰਵਾ) ਵਰਗੀਆਂ ਸ਼੍ਰੇਣੀਆਂ ਵਿੱਚ ਦਿੱਤੇ ਗਏ। ਇਸ ਤੋਂ ਇਲਾਵਾ, ਯੂਨੀਵਰਸਿਟੀ ਨੇ ਸਰਕਿੱਟ, ਕਾਰਟੂਨਿੰਗ, ਇੰਸਟਾਲੇਸ਼ਨ ਆਰਟ, ਓਪਨ ਲੋਕ ਨਾਚ (ਲੜਕੀਆਂ), ਗ਼ਜ਼ਲ ਅਤੇ ਸਟਰੀਟ ਪਲੇ ਵਿੱਚ ਛੇ ਕਾਂਸੀ ਦੇ ਤਗਮੇ ਵੀ ਜਿੱਤੇ। ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਡਾ. ਅਸ਼ੋਕ ਕੁਮਾਰ ਮਿੱਤਲ ਸੰਸਦ ਮੈਂਬਰ (ਰਾਜ ਸਭਾ) ਤੇ ਐੱਲਪੀਯੂ ਦੇ ਸੰਸਥਾਪਕ ਚਾਂਸਲਰ, ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਉੱਚ-ਪੱਧਰੀ ਪ੍ਰਾਪਤੀਆਂ ਸਖ਼ਤ ਮਿਹਨਤ, ਅਨੁਸ਼ਾਸਿਤ ਤਿਆਰੀ, ਮਾਹਰ ਮਾਰਗਦਰਸ਼ਨ ਅਤੇ ਇੱਕ ਸੰਸਥਾਗਤ ਵਾਤਾਵਰਣ ਦਾ ਨਤੀਜਾ ਹਨ ਜੋ ਅਕਾਦਮਿਕ ਉੱਤਮਤਾ ਦੇ ਨਾਲ-ਨਾਲ ਕਲਾਤਮਕ ਪ੍ਰਗਟਾਵੇ ਨੂੰ ਉਤਸ਼ਾਹਿਤ ਕਰਦਾ ਹੈ।

ਏ ਜੀ ਆਈ ਇਨਫਰਾ ਲਿਮਟਿਡ ਵੱਲੋਂ ਪ੍ਰਕਾਸ਼ ਪੁਰਬ ਮਨਾਇਆ

ਜਲੰਧਰ, (ਰਾਜੇਸ਼ ਥਾਪਾ) ਏਜੀਆਈ ਇਨਫਰਾ ਲਿਮਟਿਡ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ।ਸਮਾਗਮ ਜਲੰਧਰ ਹਾਈਟਸ-2, 66 ਫੁੱਟ ਰੋਡ, ਜਲੰਧਰ ਵਿਖੇ ਏਜੀਆਈ ਅਰਬਾਨਾ ਦੇ ਸੁੰਦਰ ਢੰਗ ਨਾਲ ਸਜਾਏ ਗਏ ਗਲਾਸ ਹਾਊਸ ਵਿੱਚ ਕਰਵਾਇਆ ਗਿਆ।ਸਮਾਗਮ ਵਿੱਚ ਏਜੀਆਈ ਦੇ ਵੱਖ-ਵੱਖ ਰਿਹਾਇਸ਼ੀ ਪ੍ਰੋਜੈਕਟਾਂ ਜਿਵੇਂ ਜਲੰਧਰ ਹਾਈਟਸ-1, 2 ਅਤੇ 3, ਏਜੀਆਈ ਮੈਕਸੀਮਾ, ਸਮਾਰਟ ਹੋਮਜ਼, ਸਕਾਈ ਗਾਰਡਨ ਅਤੇ ਨੇੜਲੇ ਇਲਾਕਿਆਂ ਤੋਂ ਲਗਭਗ 8,000 ਲੋਕਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੀ ਸ਼ੁਰੂਆਤ ਰਹਿਰਾਸ ਸਾਹਿਬ ਦੇ ਪਾਠ ਨਾਲ ਹੋਈ। ਇਸ ਤੋਂ ਬਾਅਦ



ਕੀਰਤਨ ਅਤੇ ਅਰਦਾਸ ਕੀਤੀ ਗਈ। ਏਜੀਆਈ ਇਨਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਆਪਣੇ ਪਰਿਵਾਰ ਸਮੇਤ ਇਸ ਸਮਾਗਮ ਵਿੱਚ ਸ਼ਾਮਲ ਹੋਏ।ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਦੁਨੀਆ ਨੂੰ ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ ਦਾ ਸੁਨੇਹਾ ਦਿੱਤਾ। ਸਾਨੂੰ ਇਨ੍ਹਾਂ ਸਿੱਖਿਆਵਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਇਸ ਮੌਕੇ ਪਿਆਰ, ਸ਼ਾਂਤੀ, ਬਰਾਬਰੀ ਅਤੇ ਆਪਸੀ ਭਾਈਚਾਰੇ ਦਾ ਸੁਨੇਹਾ ਦਿੱਤਾ ਗਿਆ।

ਵਿਸ਼ੇਸ਼ ਲੋਕ ਅਦਾਲਤ 'ਚ 226 ਕੇਸਾਂ ਦਾ ਮੌਕੇ 'ਤੇ ਨਿਪਟਾਰਾ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵੱਲੋਂ ਪੰਜਾਬ ਸਟੇਟ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ



ਦੂਜੀ ਵਿਸ਼ੇਸ਼ ਲੋਕ ਅਦਾਲਤ ਲਗਾਈ ਗਈ।ਇਸ ਲੋਕ ਅਦਾਲਤ ਵਿਚ ਐਨ.ਆਈ ਐਕਟ ਕੇਸਾ ਅਧੀਨ ਧਾਰਾ 138, (ਲੰਬਿਤ) ਕੇਸ ਰੱਖੇ ਗਏ।ਇਹ ਲੋਕ ਅਦਾਲਤ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ, ਰਜਿੰਦਰ ਅਗਰਵਾਲ ਦੀ ਯੋਗ ਅਗਵਾਈ ਹੇਠਾਂ ਲਗਾਈ ਗਈ ਹੈ।ਜ਼ਿਲ੍ਹਾ ਹੁਸ਼ਿਆਰਪੁਰ ਦੀ ਵਿਸ਼ੇਸ਼ ਲੋਕ ਅਦਾਲਤ ਵਿੱਚ 554 ਕੇਸਾਂ ਦੀ ਸੁਣਵਾਈ ਹੋਈ, 226 ਕੇਸਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਅਤੇ ਧਿਰਾਂ ਦੇ ਕੁੱਲ 47669555 ਰੁਪਏ ਦੇ ਅਵਾਰਡ ਪਾਸ ਕੀਤੇ ਗਏ।ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਨੀਰਜ ਗੋਇਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਅਦਾਲਤਾਂ ਵਿੱਚ ਕੇਸ ਲਗਾ ਕੇ ਵੱਧ ਤੋਂ ਵੱਧ ਲਾਭ ਲੈਣ, ਕਿਉਂਕਿ ਇਸ ਨਾਲ ਸਮੇਂ ਅਤੇ ਧੰਨ ਦੀ ਬੱਚਤ ਹੁੰਦੀ ਹੈ। ਲੋਕ ਅਦਾਲਤ ਵਿੱਚ ਹੋਏ ਫੈਸਲੇ ਅੰਤਿਮ ਹੁੰਦੇ ਹਨ ਅਤੇ ਲੋਕ ਅਦਾਲਤ ਵਿੱਚ ਹੋਏ ਫੈਸਲੇ ਖਿਲਾਫ ਕੋਈ ਵੀ ਅਪੀਲ ਨਹੀਂ ਹੁੰਦੀ, ਇਸ ਨਾਲ ਦੋਵੇਂ ਧਿਰਾਂ ਵਿਚਕਾਰ ਪਿਆਰ ਵੱਧਦਾ ਹੈ।

ਸ੍ਰੀ ਗੁਰੂ ਨਾਨਕ ਦੇਵ ਨੇ ਮਨੁੱਖਤਾ ਨੂੰ ਇਕਜੁੱਟ ਕਰਨ ਦਾ ਦਿੱਤਾ ਸੰਦੇਸ਼ : ਸਾਈਂ ਕਰਨੈਲ ਸ਼ਾਹ



ਫਗਵਾੜਾ (ਜਸਵਿੰਦਰ ਢੱਡਾ)- ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤ ਨੂੰ ਸ਼ੁਭ ਇੱਛਾਵਾਂ ਦਿੰਦਿਆਂ ਧੰਨ ਧੰਨ ਨੂਰ-ਏ-ਖੁਦਾ ਦਰਬਾਰ ਸਾਂਈ ਬਾਬਾ ਮੰਗੂ ਸ਼ਾਹ, ਪਿੰਡ ਸਾਹਨੀ ਦੇ ਗੱਦੀਨਸ਼ੀਨ ਸਾਂਈ ਕਰਨੈਲ ਸ਼ਾਹ, ਪਿੰਡ ਵਜੀਦੋਵਾਲ ਦੇ ਸਰਪੰਚ ਰਿੰਪਲ ਕੁਮਾਰ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ ਅਤੇ ਕਿਸਾਨ ਆਗੂ ਹਰਵਿੰਦਰ ਸਿੰਘ ਖੁਣਖੁਣ ਮਾਨਾਂਵਾਲੀ ਨੇ ਕਿਹਾ ਕਿ ਗੁਰੂ ਸਾਹਿਬ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਇਕ ਪਰਮਾਤਮਾ ਦੀ ਬੰਦਗੀ, ਆਪਸੀ ਪਿਆਰ, ਬਰਾਬਰਤਾ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਜਾਤ-ਪਾਤ ਅਤੇ ਧਰਮ ਦੇ ਭੇਦਭਾਵ ਤੋਂ ਉੱਪਰ ਉੱਠ ਕੇ ਸਮੁੱਚੀ ਮਨੁੱਖਤਾ ਨੂੰ ਇਕ ਪਰਮਾਤਮਾ ਦੀ ਸੰਤਾਨ ਦੱਸਿਆ ਅਤੇ ਸਮਾਜ ਨੂੰ ਸਾਂਝੀਵਾਲਤਾ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਸਾਂਈ ਕਰਨੈਲ ਸ਼ਾਹ ਨੇ ਕਿਹਾ ਕਿ ਗੁਰੂ ਸਾਹਿਬ ਦੇ 'ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ' ਦੇ ਸਿਧਾਂਤ ਅੱਜ ਵੀ ਸਮਾਜ ਲਈ ਬੇਹੱਦ ਮਹੱਤਵਪੂਰਨ ਹਨ। ਇਨ੍ਹਾਂ ਉਪਦੇਸ਼ਾਂ ਨੂੰ ਘਰ-ਘਰ ਪਹੁੰਚਾਉਣ ਦੀ ਲੋੜ ਹੈ, ਤਾਂ ਜੋ ਲੋਕ ਜਾਤੀ ਅਤੇ ਧਾਰਮਿਕ ਵਖਰੇਵਿਆਂ ਤੋਂ ਉੱਪਰ ਉੱਠ ਕੇ ਆਪਸੀ ਸਦਭਾਵਨਾ, ਪਿਆਰ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾ ਸਕਣ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀ ਸਿੱਖਿਆ ਮਨੁੱਖ ਨੂੰ ਸੱਚਾਈ, ਮਿਹਨਤ, ਸੇਵਾ ਅਤੇ ਦੂਜਿਆਂ ਨਾਲ ਆਪਣੀ ਕਮਾਈ ਸਾਂਝੀ ਕਰਨ ਦਾ ਰਾਹ ਦਿਖਾਉਂਦੀ ਹੈ। ਸਰਪੰਚ ਰਿੰਪਲ ਕੁਮਾਰ ਅਤੇ ਸਰਪੰਚ ਕਾਲਾ ਅਠੌਲੀ ਨੇ ਵੀ ਸਮੂਹ ਇਲਾਕਾ ਨਿਵਾਸੀਆਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ।

ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ ਲਗਾਇਆ

ਚੰਡੀਗੜ੍ਹ (ਸੁਰਜੀਤ ਸੁਮਨ)- ਗਿੱਲਕੋ ਗਰੁੱਪ ਦੇ 25 ਸਾਲ ਪੂਰੇ ਹੋਣ 'ਤੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਗੁਰਪੁਰਬ ਮੌਕੇ ਗਿੱਲਕੋ ਹਾਈਟਸ ਵਿਖੇ ਸ੍ਰੀ ਗੁਰੂ ਗਰੰਥ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ, ਜਿਸ ਮੌਕੇ ਗੁਰੂ ਸਾਹਿਬ ਅੱਗੇ ਸੀਸ ਨਿਵਾ, ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਇੰਨਚਾਰਜ ਵਿਧਾਨ ਸਭਾ ਹਲਕਾ ਖਰੜ ਰਾਣਾ ਰਣਜੀਤ ਸਿੰਘ ਗਿੱਲ ਵੱਲੋਂ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ ਕਰਦਿਆਂ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਦੂਜੇ ਪਾਸੇ ਰਾਣਾ ਗਿੱਲ ਵੱਲੋਂ ਗਿੱਲਕੋ ਇੰਟਰਨੈਸ਼ਨਲ ਸਕੂਲ ਵਿਖੇ ਲਗਾਏ ਗਏ ਅੱਖਾਂ ਦੇ ਮੁਫ਼ਤ ਚੈੱਕਅਪ ਕੈਂਪ ਵਿੱਚ ਸ਼ਮੂਲੀਅਤ ਕੀਤੀ ਗਈ।



ਸ੍ਰੀ ਗੁਰੂ ਹਰਿ ਰਾਇ ਸਾਹਿਬ ਆਈ ਹਸਪਤਾਲ ਮੋਹਾਲੀ ਦੇ ਡਾਕਟਰਾਂ ਦੀ ਟੀਮ ਵੱਲੋਂ ਦੱਸਿਆ ਗਿਆ ਕਿ ਇਸ ਕੈਂਪ ਵਿੱਚ 176 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅੱਪ ਕੀਤਾ ਗਿਆ। 30 ਮਰੀਜ਼ਾਂ ਨੂੰ ਨੇੜੇ ਦੀ ਨਜ਼ਰ ਵਾਲੀਆਂ ਐਨਕਾਂ ਵੰਡੀਆਂ ਗਈਆਂ। ਡਾਕਟਰ ਪਰੀਨੀਤਾ ਵੱਲੋਂ ਦੱਸਿਆ ਗਿਆ ਕਿ ਇਸ ਮੌਕੇ 25 ਮਰੀਜ਼ਾਂ ਦੀਆਂ ਅੱਖਾਂ ਦੇ ਅਪਰੇਸ਼ਨ ਲਈ ਉਨ੍ਹਾਂ ਦੀ ਪਛਾਣ ਹੋਈ ਹੈ, ਜਿਨ੍ਹਾਂ ਦਾ ਬਾਅਦ ਵਿੱਚ ਅਪਰੇਸ਼ਨ ਕੀਤਾ ਜਾਵੇਗਾ। ਦੂਜੇ ਪਾਸੇ ਦੁਸ਼ਹਿਰਾ ਗਰਾਊਂਡ ਖਰੜ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਰਸਤਾ ਸੰਕਲਪ ਯਾਤਰਾ ਦਾ ਹਲਕਾ ਖਰੜ ਵਿਖੇ, ਭਾਰਤੀ ਜਨਤਾ ਪਾਰਟੀ ਦੀ ਸਮੁੱਚੀ ਲੀਡਰਸ਼ਿੱਪ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਵੱਖ ਵੱਖ ਆਗੂਆਂ ਵੱਲੋਂ ਆਪਣੇ ਸੰਬੋਧਨ ਵਿੱਚ ਜਾਤ-ਪਾਤ ਰਹਿਤ ਸਮਾਜ ਸਿਰਜਣ ਅਤੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਦੀ ਗੱਲ ਆਖੀ ਗਈ।

ਰਾਣਾ ਰਣਜੀਤ ਸਿੰਘ ਗਿੱਲ ਨੇ ਕਿਹਾ ਕਿ ਉਹ ਹਮੇਸ਼ਾ ਸਮਾਜਿਕ ਕੰਮਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਂਦੇ ਹੋਏ ਲੋਕ ਭਲਾਈ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਸ

ਸਾਰੰਗਵਾਲ ਦੇ 35 ਪਰਵਾਰਾਂ ਨੇ 'ਆਪ' ਦਾ ਸਾਥ ਛੱਡ ਕਾਂਗਰਸ ਨਾਲ ਹੱਥ ਮਿਲਾਇਆ

ਸ਼ੇਰੋਵਾਲੀਆ ਨੇ 5 ਲੱਖ ਦੀ ਗਰਾਂਟ ਦੇਣ ਦਾ ਕੀਤਾ ਵਾਅਦਾ



ਸ਼ਾਹਕੋਟ (ਅਮਨਦੀਪ ਸੈਦਪੁਰੀ) ਐਤਵਾਰ ਨੂੰ ਨੇੜਲੇ ਪਿੰਡ ਸਾਰੰਗਵਾਲ ਵਿਖੇ ਸੋਨੂ ਥਿੰਦ ਨੰਬਰਦਾਰ ਕਿਲੀ ਦੇ ਯਤਨਾ ਸਦਕਾ 35 ਪਰਵਾਰਾਂ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ ਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਮੌਜੂਦਗੀ ਵਿੱਚ ਕਾਂਗਰਸ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਨੇ ਸੰਬੋਧਨ ਕਰਦਿਆਂ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਵਿਸ਼ਵਾਸ ਦਵਾਇਆ ਕਿ ਉਹਨਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਸ਼ੇਰੋਵਾਲੀਆਂ ਨੇ ਐਮਪੀ ਲੈਂਡ ਫੰਡ ਵਿੱਚੋਂ 5 ਲੱਖ ਰੁਪਏ ਦੀ ਗਰਾਂਟ ਭਗਵਾਨ ਵਾਲਮੀਕਿ ਧਰਮਸ਼ਾਲਾ ਨੂੰ ਦੇਣ ਦਾ ਵਾਅਦਾ ਵੀ ਕੀਤਾ।ਸਮਾਗਮ ਦੌਰਾਨ ਸੋਨੂੰ ਥਿੰਦ ਨੰਬਰਦਾਰ ਕਿਲੀ ਨੇ ਵੀ ਸੰਬੋਧਨ ਕੀਤਾ। ਸਟੇਜ ਸਕੱਤਰ ਦੇ ਫਰਜ਼ ਬੰਟੀ ਬੱਠਲਾ ਜ਼ਿਲ੍ਹਾ ਵਾਈਸ ਪ੍ਰਧਾਨ ਨੇ ਨਿਭਾਏ।ਇਸ ਮੌਕੇ ਸ਼ਾਮਲ ਹੋਣ ਵਾਲਿਆਂ ਵਿੱਚ ਵਿਪਨ ਕੁਮਾਰ, ਅਮਨਦੀਪ, ਮੰਗਾ ਮਿਸਤਰੀ, ਜਗਤਾਰ ਮਿਸਤਰੀ, ਬਲਵੀਰ ਟਿੱਬਾ, ਮੇਜਰ ਸਿੰਘ, ਕਮਲਦੀਪ ਹਲਵਾਈ, ਪਰਮਜੀਤ ਕੌਰ, ਜੀਵਨ ਥਾਪਰ, ਮੰਗਾ ਟਿੱਬਾ, ਗੋਪੀ ਟਿੱਬਾ, ਸੰਨੀ ਹੇਅਰ ਡਰੈਸਰ, ਪ੍ਰੀਤ ਥਾਪਰ, ਮੇਜਰ ਟਿੱਬਾ, ਲਵਲੀ, ਲਾਲੀ, ਜੱਜ ਥਾਪਰ, ਸੋਢੀ ਥਾਪਰ, ਅਜੂਬਾ, ਰਵਿੰਦਰ, ਸਮਰਦੀਪ, ਪਲਵਿੰਦਰ, ਲਖਵਿੰਦਰ ਹਲਵਾਈ, ਹੈਪੀ, ਸੁਨੀਤਾ ਰਾਣੀ, ਸੁਖਵਿੰਦਰ ਕੌਰ, ਬੀਰਾ ਹਲਵਾਈ, ਰਮਨ, ਜਸਵੰਤ, ਬਲਜੀਤ, ਗੁਰਮੇਲ ਆਦਿ ਮੌਜੂਦ ਸਨ।

ਗੁੱਗਾ ਮਾੜੀ ਵਿੱਚ ਦੂਜੀ ਵਾਰ ਚੋਰੀ ਦੀ ਨਾਕਾਮ ਕੋਸ਼ਿਸ਼

ਡੇਰਾਬੱਸੀ (ਵਿਨੈ ਕੁਮਾਰ ਜੈਨ)- ਖੇਤਰ ਵਿੱਚ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਦੀਆਂ ਘਟਨਾਵਾਂ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ। ਇਸੇ ਕੜੀ ਤਹਿਤ ਨੇੜਲੇ ਪਿੰਡ ਇੱਸਾਪੁਰ ਸਥਿਤ ਗੁੱਗਾ ਮਾੜੀ ਵਿੱਚ ਚੋਰਾਂ ਨੇ ਇੱਕ ਵਾਰ ਫਿਰ ਚੋਰੀ ਕਰਨ ਦੀ ਕੋਸ਼ਿਸ਼ ਕੀਤੀ। ਡੇਢ ਮਹੀਨੇ ਦੇ ਅੰਦਰ ਇਹ ਦੂਜੀ ਘਟਨਾ ਹੈ, ਜਦੋਂ ਚੋਰਾਂ ਨੇ ਧਾਰਮਿਕ ਸਥਾਨ ਵਿੱਚ ਦਾਖਲ ਹੋ ਕੇ ਗੋਲਕ ਤੋੜਨ ਦਾ ਯਤਨ ਕੀਤਾ। ਹਾਲਾਂਕਿ ਚੋਰ ਆਪਣੇ ਮਨਸੂਬਿਆਂ ਵਿੱਚ ਕਾਮਯਾਬ ਨਹੀਂ ਹੋ ਸਕੇ। ਉਨ੍ਹਾਂ ਨੇ ਅਲਮਾਰੀ ਤੋੜ ਕੇ ਉਸ ਵਿੱਚ ਰੱਖੇ ਸਾਮਾਨ ਦੀ ਫਰੋਲਾ-ਫਰਾਲੀ ਵੀ ਕੀਤੀ, ਪਰ ਕੋਈ ਕੀਮਤੀ ਸਾਮਾਨ ਹੱਥ ਨਾ ਲੱਗਣ ਕਾਰਨ ਉਨ੍ਹਾਂ ਨੂੰ ਖਾਲੀ ਹੱਥ ਪਰਤਣਾ ਪਿਆ। ਹੈਰਾਨੀ ਦੀ ਗੱਲ ਇਹ ਹੈ ਕਿ ਗੁੱਗਾ ਮਾੜੀ ਤੋਂ ਮਹਿਜ਼ 300 ਮੀਟਰ ਦੀ ਦੂਰੀ 'ਤੇ ਸਥਿਤ ਕਮਿਊਨਿਟੀ ਸੈਂਟਰ ਵਿੱਚ ਰਾਤ ਸਮੇਂ ਵਿਆਹ ਸਮਾਗਮ ਚੱਲ ਰਿਹਾ ਸੀ। ਇਸ ਦੇ ਬਾਵਜੂਦ ਚੋਰ ਬੇਖੌਫ ਹੋ ਕੇ ਧਾਰਮਿਕ ਸਥਾਨ ਵਿੱਚ ਦਾਖਲ ਹੋਏ ਅਤੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਦੀ ਕੋਸ਼ਿਸ਼ ਕੀਤੀ, ਜਿਸ ਦੀ ਕਿਸੇ ਨੂੰ ਭਿਣਕ ਤੱਕ ਨਹੀਂ ਲੱਗੀ। ਪਿੰਡ ਵਾਸੀ ਹਰਦੀਪ ਪਾਲੀ ਨੇ ਦੱਸਿਆ ਕਿ ਸਵੇਰੇ ਕਰੀਬ 6 ਵਜੇ ਜਦੋਂ ਉਹ ਰੋਜ਼ਾਨਾ ਵਾਂਗ ਗੁੱਗਾ ਮਾੜੀ ਵਿਖੇ ਮੱਥਾ ਟੇਕਣ ਪਹੁੰਚੇ ਤਾਂ ਉੱਥੇ ਗੋਲਕ ਅਤੇ ਅਲਮਾਰੀ ਨਾਲ ਛੇੜਛਾੜ ਹੋਈ ਮਿਲੀ। ਜਾਂਚ ਕਰਨ 'ਤੇ ਪਤਾ ਲੱਗਾ ਕਿ ਚੋਰਾਂ ਨੇ ਟਾਈਲ ਅਤੇ ਸਰੀਏ ਦੀ ਮਦਦ ਨਾਲ ਗੋਲਕ ਤੋੜਨ ਦੀ ਕੋਸ਼ਿਸ਼ ਕੀਤੀ ਸੀ, ਪਰ ਸਫ਼ਲ ਨਹੀਂ ਹੋ ਸਕੇ। ਇਸ ਤੋਂ ਇਲਾਵਾ ਅਲਮਾਰੀ ਦਾ ਤਾਲਾ ਤੋੜ ਕੇ ਅੰਦਰ ਰੱਖਿਆ ਸਾਮਾਨ ਵੀ ਖਿਲਾਰਿਆ ਹੋਇਆ ਸੀ। ਡੇਢ ਮਹੀਨੇ ਦੇ ਅੰਦਰ ਦੂਜੀ ਵਾਰ ਧਾਰਮਿਕ ਸਥਾਨ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕਾਰਨ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਹੈ। ਲੋਕਾਂ ਨੇ ਪੁਲਸ ਪ੍ਰਸ਼ਾਸਨ ਤੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਚੋਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਜਲਦ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਧਾਰਮਿਕ ਸਥਾਨਾਂ ਦੀ ਸੁਰੱਖਿਆ ਲਈ ਪੁਖ਼ਤਾ ਪ੍ਰਬੰਧ ਕਰਨ ਦੀ ਅਪੀਲ ਵੀ ਕੀਤੀ ਹੈ।

ਬਿਜਲੀ ਮੁਲਾਜ਼ਮਾਂ ਦੀਆਂ ਲਗਾਤਾਰ ਹੋ ਰਹੀਆਂ ਮੌਤਾਂ ਵਿਭਾਗ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ : ਬਰਾੜ



ਜਲੰਧਰ (ਸੁਰਿੰਦਰ ਕੁਮਾਰ)- ਭਾਜਪਾ ਦੇ ਜਲੰਧਰ ਦਿਹਾਤੀ ਦੱਖਣੀ ਦੇ ਜ਼ਿਲ੍ਹਾ ਪ੍ਰਧਾਨ ਜਗਬੀਰ ਸਿੰਘ ਬਰਾੜ ਨੇ ਨਕੋਦਰ ਦੇ ਪਿੰਡ ਗੰਧਰਾਂ ਵਿਖੇ ਡਿਊਟੀ ਦੌਰਾਨ ਕਰੰਟ ਲੱਗਣ ਕਾਰਨ ਪੀ ਐਸ ਪੀ ਸੀ ਐਲ ਦੇ 34 ਸਾਲਾ ਮੁਲਾਜ਼ਮ ਸਤਵਿੰਦਰ ਸਿੰਘ ਦੀ ਹੋਈ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਦੁਖੀ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਇੱਕ ਨੌਜਵਾਨ ਕਰਮਚਾਰੀ ਦਾ ਇਸ ਤਰ੍ਹਾਂ ਆਪਣੀ ਡਿਊਟੀ ਨਿਭਾਉਂਦਿਆਂ ਜਾਨ ਗੁਆਉਣਾ ਬੇਹੱਦ ਦੁਖਦਾਈ ਹੈ। ਜਗਬੀਰ ਸਿੰਘ ਬਰਾੜ ਨੇ ਕਿਹਾ ਕਿ ਦੋਆਬਾ ਖੇਤਰ ਵਿੱਚ ਪਿਛਲੇ ਪੰਜ ਮਹੀਨਿਆਂ ਦੌਰਾਨ ਬਿਜਲੀ ਕਰੰਟ ਲੱਗਣ ਨਾਲ ਤਿੰਨ ਮੁਲਾਜ਼ਮਾਂ ਦੀ ਮੌਤ ਹੋਣਾ ਬਹੁਤ ਗੰਭੀਰ ਮਾਮਲਾ ਹੈ। ਇਹ ਹਾਦਸੇ ਬਿਜਲੀ ਵਿਭਾਗ ਅਤੇ ਪੀ ਐਸ ਪੀ ਸੀ ਐਲ ਵਿੱਚ ਮੁਲਾਜ਼ਮਾਂ ਦੀ ਸੁਰੱਖਿਆ ਦੇ ਪ੍ਰਬੰਧਾਂ ਬਾਰੇ ਕਈ ਸਵਾਲ ਖੜ੍ਹੇ ਕਰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਨ੍ਹਾਂ ਹਾਦਸਿਆਂ ਨੂੰ ਸਿਰਫ਼ ਜਾਂਚ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ, ਸਗੋਂ ਇਨ੍ਹਾਂ ਦੇ ਅਸਲ ਕਾਰਨਾਂ ਦੀ ਪਛਾਣ ਕਰਕੇ ਜ਼ਿੰਮੇਵਾਰੀ ਤੈਅ ਕਰਨੀ ਚਾਹੀਦੀ ਹੈ। ਮੁਲਾਜ਼ਮ ਯੂਨੀਅਨ ਦੇ ਦਾਅਵੇ ਮੁਤਾਬਕ 2013 ਤੋਂ ਹੁਣ ਤੱਕ ਪੀ ਐਸ ਪੀ ਸੀ ਐਲ ਵਿੱਚ ਕੰਮ ਕਰਦੇ 300 ਤੋਂ ਵੱਧ ਸੀਐੱਚਬੀ ਮੁਲਾਜ਼ਮ ਬਿਜਲੀ ਲਾਈਨਾਂ ਦੀ ਮੁਰੰਮਤ ਦਾ ਕੰਮ ਕਰਦਿਆਂ ਕਰੰਟ ਲੱਗਣ ਕਾਰਨ ਆਪਣੀਆਂ ਜਾਨਾਂ ਗੁਆ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਮੁਲਾਜ਼ਮਾਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾਵਾਂ ਪੈਦਾ ਹੁੰਦੀਆਂ ਹਨ।

ਬਰਾੜ ਨੇ ਮੰਗ ਕੀਤੀ ਕਿ ਮ੍ਰਿਤਕ ਸਤਵਿੰਦਰ ਸਿੰਘ ਦੇ ਪਰਿਵਾਰ ਨੂੰ ਢੁਕਵਾਂ ਮੁਆਵਜ਼ਾ, ਬਣਦੇ ਬੀਮਾ ਲਾਭ ਅਤੇ ਪਰਵਾਰ ਦੇ ਭਵਿੱਖ ਦੀ ਸੁਰੱਖਿਆ ਲਈ ਆਰਥਿਕ ਸਹਾਇਤਾ ਦਿੱਤੀ ਜਾਵੇ। ਨਾਲ ਹੀ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਣ ਲਈ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾਣ।

ਪ੍ਰਕਾਸ਼ ਪੁਰਬ ਸੰਬੰਧੀ ਗੁਰਮਤਿ ਸਮਾਗਮ ਕਰਵਾਇਆ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਦੇਖ-ਰੇਖ ਹੇਠ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਮੁੱਖ ਪ੍ਰਚਾਰਕ ਜ਼ਿਲ੍ਹਾ ਕਪੂਰਥਲਾ (ਦੋਆਬਾ) ਦੇ ਉਪਰਾਲੇ ਨਾਲ ਗੁਰਦੁਆਰਾ ਸਿੰਘ ਸਭਾ, ਪਿੰਡ ਝੰਡੂਵਾਲਾ ਕੰਬੋਆ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਹਰਜੀਤ ਸਿੰਘ ਵੱਲੋਂ ਸੰਗਤਾਂ ਨੂੰ ਧਾਰਮਿਕ ਸਾਹਿਤ ਵੀ ਵੰਡਿਆ ਗਿਆ।

ਸਮਾਗਮ ਦੌਰਾਨ ਭਾਈ ਸੁਖਦੇਵ ਸਿੰਘ ਹੈੱਡ ਗ੍ਰੰਥੀ ਅਤੇ ਸਰਪੰਚ ਤਰਸੇਮ ਸਿੰਘ ਨੇ ਭਾਈ ਹਰਜੀਤ ਸਿੰਘ ਮੁੱਖ ਪ੍ਰਚਾਰਕ ਦੋਆਬਾ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਤਰਸੇਮ ਸਿੰਘ, ਸੁਖਵਿੰਦਰ ਸਿੰਘ, ਸੰਤੋਖ ਸਿੰਘ, ਗੁਰਮੇਲ ਸਿੰਘ, ਮਲਕੀਤ ਸਿੰਘ, ਅਜਮੇਰ ਸਿੰਘ, ਭਾਈ ਸੁਖਦੇਵ ਸਿੰਘ ਹੈੱਡ ਗ੍ਰੰਥੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਬੱਚਿਆਂ ਨੇ ਡਰਾਇੰਗ ਰਾਹੀਂ ਦਿੱਤਾ ਨਸ਼ਾ ਮੁਕਤੀ ਦਾ ਸੁਨੇਹਾ

ਜ਼ੀਰਕਪੁਰ (ਬਲਟਾਣਾ) (ਜਤਿੰਦਰ ਕੁਮਾਰ)- ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਬਲਟਾਣਾ ਦੇ ਹਰਮਿਲਾਪ ਨਗਰ ਵਿੱਚ 'ਪੁਕਾਰ' ਐੱਨ ਜੀ ਓ ਵੱਲੋਂ ਡਰਾਇੰਗ ਮੁਕਾਬਲਾ ਅਤੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਏ ਐੱਸ ਪੀ ਗਜ਼ਲਪ੍ਰੀਤ ਕੌਰ ਨੇ ਬੱਚਿਆਂ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਭਵਿੱਖ ਨੂੰ ਸਹੀ ਦਿਸ਼ਾ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਖ਼ਤਰਿਆਂ ਬਾਰੇ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਪ੍ਰੋਗਰਾਮ ਵਿੱਚ ਬਲਟਾਣਾ ਪੁਲਿਸ ਚੌਕੀ ਇੰਚਾਰਜ ਮਲਕੀਤ ਸਿੰਘ ਨੇ ਅਹਿਮ ਭੂਮਿਕਾ ਨਿਭਾਈ। ਇਸ ਤੋਂ ਇਲਾਵਾ ਵਾਰਡ ਨੰਬਰ 2 ਦੇ ਕੌਂਸਲਰ ਅਤੇ ਹਰਮਿਲਾਪ ਨਗਰ ਵਾਸੀ ਪਾਂਡੇ ਨੇ ਵੀ ਸਹਿਯੋਗ ਦਿੱਤਾ। ਪ੍ਰੋਗਰਾਮ ਦਾ ਆਯੋਜਨ ਪੁਕਾਰ ਐੱਨ ਜੀ ਓ ਦੀ ਮੁਖੀ ਸ਼ਿਵਾਨੀ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਸੁਨੇਹਾ ਦਿੱਤਾ ਗਿਆ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਪੁਲਿਸ ਕਾਰਵਾਈ ਨਾਲ ਨਹੀਂ, ਸਗੋਂ ਸਮਾਜਿਕ ਸੰਸਥਾਵਾਂ, ਜਨ ਪ੍ਰਤੀਨਿਧੀਆਂ, ਮਾਪਿਆਂ ਅਤੇ ਆਮ ਲੋਕਾਂ ਦੇ ਸਾਂਝੇ ਸਹਿਯੋਗ ਨਾਲ ਹੀ ਸਫਲ ਹੋ ਸਕਦੀ ਹੈ।



ਪ੍ਰਕਾਸ਼ ਪੁਰਬ ਮੌਕੇ ਡਾ. ਰਾਜੀਵ ਭਾਰਦਵਾਜ ਗੁਰਦੁਆਰਾ ਬੇਰ ਸਾਹਿਬ ਵਿਖੇ ਨਤਮਸਤਕ ਹੋਏ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਮੌਕੇ ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਲੋਕ ਸਭਾ ਹਲਕੇ ਤੋਂ ਮੈਂਬਰ ਪਾਰਲੀਮੈਂਟ ਡਾ. ਰਾਜੀਵ ਭਾਰਦਵਾਜ ਅਤੇ ਭਾਜਪਾ ਦੇ ਜ਼ਿਲ੍ਹਾ ਇੰਚਾਰਜ



ਕਪੂਰਥਲਾ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਗੁਰੂ ਘਰ ਵਿਖੇ ਮੱਥਾ ਟੇਕ ਕੇ ਵਾਹਿਗੁਰੂ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਰਾਜੀਵ ਭਾਰਦਵਾਜ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਕਪੂਰਥਲਾ ਜ਼ਿਲ੍ਹੇ ਦੀਆਂ ਚਾਰੇ ਵਿਧਾਨ ਸਭਾ ਸੀਟਾਂ 'ਤੇ ਜਿੱਤ ਦਰਜ ਕਰਕੇ ਵਿਧਾਨ ਸਭਾ ਵਿੱਚ ਪਹੁੰਚੇਗੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਪਾਰਟੀ ਪੰਜਾਬ ਵਿੱਚ ਮਜ਼ਬੂਤੀ ਨਾਲ ਅੱਗੇ ਵਧ ਰਹੀ ਹੈ। ਅਕਾਲੀ ਦਲ ਅਤੇ ਭਾਜਪਾ ਦੇ ਸੰਭਾਵਿਤ ਗੱਠਜੋੜ ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਆਉਣ ਵਾਲੇ ਕੁਝ ਦਿਨਾਂ ਵਿੱਚ ਸਥਿਤੀ ਪੂਰੀ ਤਰ੍ਹਾਂ ਸਪੱਸ਼ਟ ਹੋ ਜਾਵੇਗੀ। ਕਰਤਾਰਪੁਰ ਲਾਂਘੇ ਬਾਰੇ ਗੱਲ ਕਰਦਿਆਂ ਡਾ. ਭਾਰਦਵਾਜ ਨੇ ਕਿਹਾ ਕਿ ਉਹ ਇਸ ਅਹਿਮ ਮਾਮਲੇ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਧਿਆਨ ਵਿੱਚ ਲਿਆਉਣਗੇ ਅਤੇ ਕਰਤਾਰਪੁਰ ਲਾਂਘਾ ਜਲਦ ਤੋਂ ਜਲਦ ਖੁਲ੍ਹਵਾਉਣ ਲਈ ਹਰ ਸੰਭਵ ਯਤਨ ਕਰਨਗੇ, ਤਾਂ ਜੋ ਸੰਗਤ ਨੂੰ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਸਕੇ।

ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਸੁਖਦੇਵ ਸਿੰਘ ਨਾਨਕਪੁਰ, ਹਲਕਾ ਇੰਚਾਰਜ ਰਾਕੇਸ਼ ਕੁਮਾਰ ਨੀਟੂ, ਜ਼ਿਲ੍ਹਾ ਪ੍ਰਧਾਨ ਚੇਤਨ ਸੂਰੀ, ਮੰਡਲ ਪ੍ਰਧਾਨ ਰਾਕੇਸ਼ ਪੁਰੀ, ਸਰਬਜੀਤ ਕੌਰ ਜ਼ਿਲ੍ਹਾ ਮੀਤ ਪ੍ਰਧਾਨ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ। ਗੁਰਦੁਆਰਾ ਸਾਹਿਬ ਦੇ ਵਧੀਕ ਗ੍ਰੰਥੀ ਭਾਈ ਹਰਜਿੰਦਰ ਸਿੰਘ ਵੱਲੋਂ ਡਾ. ਰਾਜੀਵ ਭਾਰਦਵਾਜ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਪੰਜਾਬ ਦੀ ਜਵਾਨੀ ਬਚਾਉਣ ਲਈ ਸਾਂਝੇ ਅੰਦੋਲਨ ਦੀ ਲੋੜ : ਠਾਕੁਰ ਵੀਰ ਪ੍ਰਤਾਪ



ਗੁਜ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਦੀ ਧਰਤੀ ਨੇ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਦੇਸ਼ ਦੀ ਅਨਾਜ ਸੁਰੱਖਿਆ ਤੱਕ ਇਤਿਹਾਸਕ ਯੋਗਦਾਨ ਪਾਇਆ ਹੈ, ਪਰ ਅੱਜ ਇਹ ਧਰਤੀ ਆਪਣੀ ਜਵਾਨੀ ਗੁਆਉਂਦੀ ਜਾ ਰਹੀ ਹੈ। ਨਸ਼ਿਆਂ, ਬੇਰੁਜ਼ਗਾਰੀ, ਨਿਰਾਸ਼ਾ ਅਤੇ ਸਮਾਜਿਕ ਸਮੱਸਿਆਵਾਂ ਕਾਰਨ ਪੰਜਾਬ ਦੇ ਅਨੇਕਾਂ ਪਰਵਾਰ ਆਪਣੇ ਨੌਜਵਾਨ ਪੁੱਤਰਾਂ ਨੂੰ ਗੁਆ ਰਹੇ ਹਨ। ਇਹ ਸਿਰਫ਼ ਕਿਸੇ ਇੱਕ ਪਰਵਾਰ ਦਾ ਦੁੱਖ ਨਹੀਂ, ਸਗੋਂ ਪੂਰੇ ਪੰਜਾਬ ਦੇ ਭਵਿੱਖ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਸਮਾਜਿਕ ਅਤੇ ਕੁਦਰਤੀ ਵਾਤਾਵਰਣ ਪ੍ਰੇਮੀ ਠਾਕੁਰ ਵੀਰ ਪ੍ਰਤਾਪ ਨੇ ਕਿਸਾਨ ਜਥੇਬੰਦੀਆਂ, ਸਮਾਜਿਕ ਸੰਗਠਨਾਂ, ਧਾਰਮਿਕ ਸੰਸਥਾਵਾਂ ਅਤੇ ਸਮਾਜ ਸੇਵੀ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਹੁਣ ਸਿਰਫ਼ ਮੀਟਿੰਗਾਂ ਅਤੇ ਬਿਆਨਾਂ ਤੱਕ ਸੀਮਤ ਨਾ ਰਹਿਣ, ਸਗੋਂ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਮੈਦਾਨ ਵਿੱਚ ਉਤਰ ਕੇ ਠੋਸ ਯਤਨ ਕਰਨ। ਆਖ਼ਰ ਕਦੋਂ ਤੱਕ ਮਾਪੇ ਆਪਣੇ ਜਵਾਨ ਪੁੱਤਰਾਂ ਦੀਆਂ ਅਰਥੀਆਂ ਚੁੱਕਦੇ ਰਹਿਣਗੇ ਅਤੇ ਸਮਾਜ ਮੂਕ ਦਰਸ਼ਕ ਬਣਿਆ ਰਹੇਗਾ? ਠਾਕੁਰ ਵੀਰ ਪ੍ਰਤਾਪ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਾਹਰ ਕੱਢਣ, ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ, ਖੇਡਾਂ ਅਤੇ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਨਸ਼ਿਆਂ

ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ : ਹਰਚੰਦ ਸਿੰਘ ਬਰਸਟ



ਸਮਾਣਾ (ਗੁਰਪਿਆਰ ਸਿੰਘ ਬੱਲ)-ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਤੇ ਸਰਬਪੱਖੀ ਵਿਕਾਸ ਲਈ ਬਿਨਾਂ ਕਿਸੇ ਭੇਦਭਾਵ ਦੇ ਲਗਾਤਾਰ ਕਾਰਜ ਕਰ ਰਹੀ ਹੈ।ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਅਤੇ ਪੰਜਾਬ ਨੂੰ ਤਰੱਕੀ ਦੀਆਂ ਨਵੀਆਂ ਬੁਲੰਦੀਆਂ 'ਤੇ ਪਹੁੰਚਾਉਣ ਲਈ ਸਰਕਾਰ ਵੱਲੋਂ ਨਿਰੰਤਰ ਲੋਕ-ਪੱਖੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਹਲਕਾ ਸਮਾਣਾ ਸਥਿਤ ਦਫ਼ਤਰ ਵਿਖੇ ਆਯੋਜਿਤ ਲੋਕ ਮਿਲਣੀ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖਿਆ, ਸਿਹਤ ਸੇਵਾਵਾਂ, ਬਿਜਲੀ, ਰੁਜ਼ਗਾਰ ਤੇ ਬੁਨਿਆਦੀ ਢਾਂਚੇ ਦੇ ਵਿਕਾਸ ਸਮੇਤ ਹਰ ਖੇਤਰ ਵਿੱਚ ਇਤਿਹਾਸਕ ਤੇ ਲੋਕ-ਪੱਖੀ ਪਹਿਲਕਦਮੀਆਂ ਕੀਤੀਆਂ ਹਨ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ ਕਰੀਬ 72,000 ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ।ਇਹ ਸਰਕਾਰ ਦੀ ਇਮਾਨਦਾਰ ਤੇ ਪਾਰਦਰਸ਼ੀ ਕਾਰਜਸ਼ੈਲੀ ਦਾ ਪ੍ਰਮਾਣ ਹੈ ਤੇ ਇਸ ਗੱਲ ਦਾ ਪ੍ਰਗਟਾਵਾ ਹੈ ਕਿ ਪੰਜਾਬ ਸਰਕਾਰ ਨੌਜਵਾਨਾਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਲਈ ਵਿਸ਼ੇਸ਼ ਤਵੱਜੋ ਦੇ ਰਹੀ ਹੈ।ਹਲਕਾ ਸਮਾਣਾ ਦੇ ਵਿਕਾਸ ਕਾਰਜਾਂ ਬਾਰੇ ਗੱਲ ਕਰਦਿਆਂ ਸ. ਬਰਸਟ ਨੇ ਕਿਹਾ ਕਿ ਇਲਾਕੇ ਵਿੱਚ ਪੇਂਡੂ ਲਿੰਕ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ, ਤਾਂ ਜੋ ਕੋਈ ਵੀ ਪਿੰਡ ਜਾਂ ਇਲਾਕਾ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਤੋਂ ਵਾਂਝਾ ਨਾ ਰਹੇ।ਇਸ ਦੇ ਨਾਲ ਹੀ ਮੰਡੀਆਂ ਵਿੱਚ ਵੀ ਵਿਕਾਸ ਕਾਰਜ ਤੇਜ਼ੀ ਨਾਲ ਮੁਕੰਮਲ ਕੀਤੇ ਜਾ ਰਹੇ ਹਨ।ਇਸ ਮੌਕੇ ਰਾਣਾ ਵਿਰਕ ਬਲਾਕ ਸੰਮਤੀ ਮੈਂਬਰ, ਗੁਰਮੀਤ ਸਿੰਘ ਬਲਾਕ ਸੰਮਤੀ ਮੈਂਬਰ, ਰਸ਼ਪਾਲ ਸਿੰਘ ਸਰਪੰਚ ਮਿਆਲ ਕਲਾਂ, ਸੁਖਵਿੰਦਰ ਸਿੰਘ ਸਰਪੰਚ ਬਿਜਲਪੁਰ, ਦਰਬਾਰਾ ਸਿੰਘ ਡਰੋਲੀ, ਕੁਲਦੀਪ ਨਮਾਦਾ, ਹੰਸਾ ਸਿੰਘ ਨੰਬਰਦਾਰ, ਹੋਮਇੰਦਰ ਸਿੰਘ ਮਾਲੋਮਾਜਰਾ, ਸੇਵਕ ਸਿੰਘ ਚੁਹੜਪੁਰ ਜੱਟਾਂ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

ਪੰਜਾਬ ਸਿਹਤ ਵਿਭਾਗ ਪੈਨਸ਼ਨਰਜ਼ ਵੈੱਲਫੇਅਰ ਐਸੋ. ਦੀ ਮੀਟਿੰਗ



ਲੁਧਿਆਣਾ (ਸਤੀਸ਼ ਸਚਦੇਵਾ)-ਪੰਜਾਬ ਸਿਹਤ ਵਿਭਾਗ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸਤੀਸ਼ ਕੁਮਾਰ ਸਚਦੇਵਾ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਹੋਈ, ਜਿਸ ਵਿੱਚ ਪੈਨਸ਼ਨਰਜ਼ ਵੱਲੋਂ ਲਗਾਤਾਰ ਆਪਣੀਆਂ ਜਾਇਜ਼ ਤੇ ਹੱਕੀ ਮੰਗਾਂ ਖਾਤਰ ਕੀਤੇ ਜਾ ਰਹੇ ਸੰਘਰਸ਼ ਦੀ ਪੂਰੀ ਹਮਾਇਤ ਕੀਤੀ ਗਈ ਅਤੇ ਸਰਕਾਰ ਤੋਂ ਪੁਰਜ਼ੋਰ ਸ਼ਬਦਾਂ ਵਿੱਚ ਮੰਗ ਕੀਤੀ ਗਈ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ, ਜਿਸ ਵਿੱਚ 60% ਮਹਿੰਗਾਈ ਭੱਤਾ ਤੇ 2.59 ਦੇ ਗੁਣਾਂਕ ਨਾਲ ਪੈਨਸ਼ਨ ਫਿਕਸ ਕੀਤੀ ਜਾਵੇ, ਜੁਲਾਈ 2020 ਦਾ ਪੱਤਰ ਰੱਦ ਕੀਤਾ ਜਾਵੇ ਤੇ ਪੰਜਾਬ ਦੇ ਮੁਲਾਜ਼ਮਾਂ ਨੂੰ ਪੰਜਾਬ ਦੇ ਸਕੇਲ ਦਿੱਤੇ ਜਾਣ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਸਾਰੇ ਰਿਟਾਇਰ ਹੋਣ ਵਾਲੇ ਮੁਲਾਜ਼ਮਾਂ ਨੂੰ ਪੈਨਸ਼ਨ ਦਿੱਤੀ ਜਾਵੇ ਆਦਿ।ਸਰਕਾਰ ਇਸ ਉਮਰੇ ਪੈਨਸ਼ਨਰਾਂ/ਮੁਲਾਜ਼ਮਾਂ ਦਾ ਹੋਰ ਇਮਤਿਹਾਨ ਨਾ ਲਵੇ ਤੁਰੰਤ ਮੀਟਿੰਗ ਵਿੱਚ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ।ਮੀਟਿੰਗ ਵਿੱਚ ਗਿਆਨ ਸਿੰਘ, ਕੁਲਭੂਸ਼ਨ, ਬਲਜੀਤ ਕੁਮਾਰ ਸ਼ਰਮਾ, ਅਨੋਖ ਸਿੰਘ, ਮੋਹਨ ਸਿੰਘ, ਕਵਿੰਦਰ ਕੁਮਾਰ, ਗੁਰਮੇਲ ਸਿੰਘ, ਰਾਮ ਪ੍ਰਕਾਸ਼, ਸ਼੍ਰੀਮਤੀ ਬਲਵਿੰਦਰ ਕੌਰ, ਮੀਨਾ, ਤਰਸੇਮ ਕੌਰ, ਦਰਸ਼ਨਾਂ ਸ਼ਰਮਾ, ਸ਼ਸ਼ੀ ਕਾਂਤ, ਗਿਆਨ ਚੰਦ, ਪ੍ਰਵੀਨ ਕਾਹਲੋਂ, ਚਰਨਜੀਤ ਕੌਰ, ਹਰਜੀਤ ਕੌਰ, ਸੁਰਜੀਤ ਕੌਰ ਆਦਿ ਹਾਜ਼ਰ ਸਨ।

ਪਿੰਡਾਂ ਦੀ ਹਵਾ ਬਦਲੀ, 2027 'ਚ ਬਣੇਗੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ : ਆਗੂ

ਬੀਬਾ ਜ਼ਾਹਿਦਾ ਸੁਲੇਮਾਨ ਨੂੰ ਰਿਕਾਰਡ ਲੀਡ ਨਾਲ ਜਿਤਾਉਣ ਲਈ ਅਕਾਲੀ ਆਗੂਆਂ ਤੇ ਵਰਕਰਾਂ ਨੇ ਕੱਸੀ ਕਮਰ



ਮਾਲੇਰਕੋਟਲਾ (ਅਸਗਰ ਪਰਿਹਾਰ)-ਰਾਏਕੋਟ ਰੋਡ ਵਿਖੇ ਸਥਿਤ ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਵਿੱਚ ਹਲਕਾ ਮਾਲੇਰਕੋਟਲਾ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਤੋਂ ਇਕੱਤਰ ਹੋਏ ਅਕਾਲੀ ਆਗੂਆਂ ਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਥੇਦਾਰ ਤਰਲੋਚਨ ਸਿੰਘ ਧਲੇਰ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਆਗੂਆਂ ਨੇ ਦਾਅਵਾ ਕੀਤਾ ਕਿ ਇਸ ਵੇਲੇ ਪਿੰਡਾਂ ਦੀ ਸੰਪੂਰਨ ਹਵਾ ਬਦਲ ਚੁੱਕੀ ਹੈ ਤੇ ਹੁਣ ਸੂਬੇ ਦੇ ਲੋਕ ਮੁੜ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਖਣਾ ਚਾਹੁੰਦੇ ਹਨ।ਇਸ ਮੌਕੇ ਮਾਰਕੀਟ ਕਮੇਟੀ ਸੰਦੌੜ ਦੇ ਸਾਬਕਾ ਚੇਅਰਮੈਨ ਡਾ. ਜਗਤਾਰ ਸਿੰਘ ਜੱਗੀ ਝੁਨੇਰ, ਸਰਕਲ ਪ੍ਰਧਾਨ ਜਥੇਦਾਰ ਮਨਦੀਪ ਸਿੰਘ ਮਾਣਕਵਾਲ, ਜਨਰਲ ਕੌਂਸਲ ਮੈਂਬਰ ਜਥੇਦਾਰ ਸੁਖਚੈਨ ਸਿੰਘ ਭੂਦਨ, ਜਥੇਦਾਰ ਗੁਰਮੁਖ ਸਿੰਘ ਮੁਬਾਰਕਪੁਰ, ਹਰਪ੍ਰੀਤ ਸਿੰਘ ਮਦੇਵੀ, ਜਥੇਦਾਰ ਜਸਪਾਲ ਸਿੰਘ ਬੋਪਾਰਾਏ, ਨੰਬਰਦਾਰ ਕੁਲਦੀਪ ਸਿੰਘ, ਬੀਬੀ ਪਰਮਜੀਤ ਕੌਰ ਤੇ ਹੋਰ ਸੀਨੀਅਰ ਆਗੂਆਂ ਨੇ ਕਿਹਾ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਤੇ ਹਲਕਾ ਮਾਲੇਰਕੋਟਲਾ ਤੋਂ ਬੀਬਾ ਜ਼ਾਹਿਦਾ ਸੁਲੇਮਾਨ ਨੂੰ ਜਿਤਾਉਣ ਲਈ ਹੁਣੇ ਤੋਂ ਹੀ ਸਰਗਰਮੀ ਨਾਲ ਮੈਦਾਨ ਵਿੱਚ ਜੁੱਟ ਜਾਣਗੇ।ਆਗੂਆਂ ਨੇ ਦੋਸ਼ ਲਾਇਆ ਕਿ ਪਿੰਡ ਵਾਸੀਆਂ ਦਾ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੂਰੀ ਤਰ੍ਹਾਂ ਮੋਹ ਭੰਗ ਹੋ ਚੁੱਕਾ ਹੈ ਅਤੇ ਲੋਕ ਹੁਣ ਬੇਸਬਰੀ ਨਾਲ 2027 ਦੀਆਂ ਚੋਣਾਂ ਦੀ ਉਡੀਕ ਕਰ ਰਹੇ ਹਨ।ਉਨ੍ਹਾਂ ਭਰੋਸਾ ਜਤਾਇਆ ਕਿ ਹਲਕਾ ਮਾਲੇਰਕੋਟਲਾ ਦੇ ਪਿੰਡਾਂ ਵਿੱਚੋਂ ਬੀਬਾ ਜ਼ਾਹਿਦਾ ਸੁਲੇਮਾਨ ਨੂੰ ਹੁਣ ਤੱਕ ਦੀ ਸਭ ਤੋਂ ਵੱਡੀ ਲੀਡ ਨਾਲ ਜਿਤਾਇਆ ਜਾਵੇਗਾ।

ਕਵੀ ਜੈਮਲ ਸਿੰਘ ਪੱਡਾ ਦੀ ਕਾਵਿ ਪੁਸਤਕ 'ਲੋਕ ਪੀੜਾਂ' ਰਿਲੀਜ਼



ਸਮਰਾਲਾ (ਸੁਰਜੀਤ ਸਿੰਘ)-ਇਨਕਲਾਬੀ ਸੋਚ ਧਾਰਾ ਦੇ ਕਵੀ ਜੈਮਲ ਸਿੰਘ ਪੱਡਾ ਦੇ ਜੀਵਨ ਸੰਘਰਸ਼, ਕਵਿਤਾ ਬਾਰੇ ਆਲੋਚਨਾ ਤੇ ਉਸ ਦੀਆਂ ਕਵਿਤਾਵਾਂ ਦਾ ਸੰਗ੍ਰਹਿ 'ਲੋਕ ਪੀੜਾਂ' ਨੂੰ ਲੁਧਿਆਣਾ ਵਿੱਚ ਪੰਜਾਬੀ ਲੋਕ ਵਿਰਾਸਤ ਅਕਾਦਮੀ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਲੋਕ ਵਿਰਾਸਤ ਅਕਾਦਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੋਸਾਂਝ ਨੇ ਲੋਕ ਅਰਪਣ ਕੀਤਾ।ਇਸ ਪੁਸਤਕ ਬਾਰੇ ਜਾਣਕਾਰੀ ਦੇਦਿਆਂ ਪੰਜਾਬੀ ਲੋਕ ਵਿਰਾਸਤ ਅਕਾਦਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਦੱਸਿਆ ਕਿ ਇਸ ਕਿਤਾਬ ਵਿੱਚ ਉਸ ਦੀਆਂ ਮੌਲਿਕ ਕਾਵਿ ਰਚਨਾਵਾਂ ਤੋਂ ਇਲਾਵਾ ਗਦਰੀ ਬਾਬਾ ਭਗਤ ਸਿੰਘ ਬਿਲਗਾ, ਦਰਸ਼ਨ ਖਟਕੜ, ਅਮੋਲਕ ਸਿੰਘ, ਡਾ. ਰਾਜਿੰਦਰਪਾਲ ਸਿੰਘ ਬਰਾੜ, ਮੱਖਣ ਮਾਨ, ਆਨੰਦ ਪਟਵਰਧਨ, ਡਾ. ਗੁਰਇਕਬਾਲ ਸਿੰਘ, ਸੰਤ ਰਾਮ ਉਦਾਸੀ, ਪ੍ਰੋ. ਹਰਭਜਨ ਸਿੰਘ, ਭੁਪਿੰਦਰ ਸਿੰਘ ਸੰਧੂ, ਸਰਦਾਰਾ ਸਿੰਘ ਮਾਹਿਲ, ਸੁਖਦਰਸ਼ਨ ਨੱਤ ਦੀਆਂ ਟਿੱਪਣੀਆਂ ਹਨ।ਗੁਰਭਜਨ ਗਿੱਲ ਨੇ ਦੱਸਿਆ ਕਿ ਇਸ ਸ਼ਾਇਰ ਦੀ ਸ਼ਹਾਦਤ ਉਪਰੰਤ ਪੰਜਾਬੀ ਕਵੀ ਦਰਸ਼ਨ ਖਟਕੜ ਨੇ ਉਨ੍ਹਾਂ ਦੀ ਕਾਵਿ ਰਚਨਾ 'ਪੈਰ ਸੂਲਾਂ 'ਤੇ ਵੀ ਨੱਚਦੇ ਰਹਿਣਗੇ' ਨਾਮ ਹੇਠ ਗੁਰਸ਼ਰਨ ਸਿੰਘ ਨਾਟਕਕਾਰ ਵੱਲੋਂ ਸਥਾਪਤ ਬਲਰਾਜ ਸਾਹਨੀ ਯਾਦਗਾਰੀ ਪ੍ਰਕਾਸ਼ਨ ਅੰਮ੍ਰਿਤਸਰ ਰਾਹੀਂ ਛਪਵਾਈ।ਪੰਜਾਬੀ ਕਹਾਣੀਕਾਰ ਅਜਮੇਰ ਸਿੱਧੂ ਨੇ ਵੀ ਸ਼ਹੀਦ ਜੈਮਲ ਪੱਡਾ ਦੇ ਜੀਵਨ ਤੇ ਰਚਨਾ ਨਾਮੀ ਪੁਸਤਕ ਵੀ ਸੰਪਾਦਿਤ ਕੀਤੀ ਹੈ।ਜੈਮਲ ਸਿੰਘ ਪੱਡਾ ਦੀਆਂ ਲਿਖਤਾਂ ਹੀ ਹੁਣ ਸਾਡੇ ਕੋਲ ਰਾਹ ਦਿਸੇਰਾ ਅਮਾਨਤ ਵਾਂਗ ਹਨ।ਦਰਸ਼ਨ ਬੁੱਟਰ ਤੇ ਸੁਸ਼ੀਲ ਦੋਸਾਂਝ ਨੇ ਕਿਹਾ ਕਿ ਭੂਪਿੰਦਰ ਸੰਧੂ ਨੇ ਇਨਕਲਾਬੀ ਵਿਰਾਸਤ ਦੀ ਸੰਭਾਲ ਕਰਕੇ ਇਤਿਹਾਸਤ ਸੰਪਤੀ ਸੰਭਾਲੀ ਹੈ, ਜਿਸ ਸਦਕਾ ਉਹ ਮੁਬਾਰਕ ਦੇ ਹੱਕਦਾਰ ਹਨ।

26 ਦਾ ਰਾਜ ਪੱਧਰੀ ਸਮਾਗਮ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਪਹਿਲਕਦਮੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਬਣੇਗਾ ਮੰਚ : ਸੰਧਵਾਂ

ਸੰਧਵਾਂ ਤੇ ਦੀਪਕ ਬਾਲੀ ਨੇ ਸਮਾਗਮ ਵਾਲੀ ਥਾਂ ਦਾ ਦੌਰਾ ਕਰਕੇ ਤਿਆਰੀਆਂ ਦਾ ਲਿਆ ਜਾਇਜ਼ਾ

ਮੋਗਾ (ਇਕਬਾਲ ਸਿੰਘ ਖਹਿਰਾ)



ਮੋਗਾ ਜ਼ਿਲ੍ਹੇ ਦੇ ਪਿੰਡ ਨੱਥੂਵਾਲਾ ਜਦੀਦ ਵਿਖੇ 26 ਨਵੰਬਰ ਨੂੰ ਹੋਣ ਵਾਲੇ ਵਿਸ਼ਾਲ ਰਾਜ ਪੱਧਰੀ ਸਮਾਗਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਸਮਾਗਮ ਦੌਰਾਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸਮਾਰਟ ਰਾਸ਼ਨ ਕਾਰਡਾਂ ਦੀ ਵੰਡ ਦੀ ਸ਼ੁਰੂਆਤ ਕੀਤੀ ਜਾਵੇਗੀ।ਇਸ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਸਲਾਹਕਾਰ, ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ, ਪੰਜਾਬ ਤੇ ਆਮ ਆਦਮੀ ਪਾਰਟੀ ਦੇ ਮੁੱਖ ਸਕੱਤਰ ਤੇ ਹਲਕਾ ਇੰਚਾਰਜ ਜਲੰਧਰ ਕੈਂਟ ਦੀਪਕ ਬਾਲੀ ਨੇ ਸਮਾਗਮ ਵਾਲੀ ਥਾਂ ਦਾ ਦੌਰਾ ਕੀਤਾ ਤੇ ਵੱਖ-ਵੱਖ ਪ੍ਰਬੰਧਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਮੋਗਾ ਸ੍ਰੀ ਬਰਿੰਦਰ ਕੁਮਾਰ ਸ਼ਰਮਾ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਫਰੀਦਕੋਟ ਗੁਰਤੇਜ ਸਿੰਘ ਖੋਸਾ ਪ੍ਰਸ਼ਾਸਨ ਤਰਫੋਂ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਤੇ ਸੀਨੀਅਰ ਕਪਤਾਨ ਪੁਲਸ ਮੋਗਾ ਸਰਤਾਜ ਸਿੰਘ ਚਾਹਲ ਵੀ ਮੌਜੂਦ ਸਨ।ਕੁਲਤਾਰ ਸਿੰਘ ਸੰਧਵਾਂ ਤੇ ਦੀਪਕ ਬਾਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਣ ਵਾਲਾ ਇਹ ਸਮਾਗਮ ਲੋਕਾਂ ਲਈ ਅਹਿਮ ਸਾਬਿਤ ਹੋਵੇਗਾ।ਸਮਾਰਟ ਰਾਸ਼ਨ ਕਾਰਡਾਂ ਦੀ ਵੰਡ ਦੀ ਸ਼ੁਰੂਆਤ ਨਾਲ ਯੋਗ ਲਾਭ ਪਾਤਰੀਆਂ ਨੂੰ ਸਰਕਾਰੀ ਰਾਸ਼ਨ ਦੀ ਸਹੂਲਤ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਹੋਰ ਮਜ਼ਬੂਤੀ ਮਿਲੇਗੀ।

ਉਨ੍ਹਾਂ ਦੱਸਿਆ ਕਿ ਸਮਾਗਮ ਲਈ ਕਰੀਬ 116 ਏਕੜ ਜਗ੍ਹਾ ਵਿੱਚ ਵਿਸ਼ਾਲ ਪ੍ਰਬੰਧ ਕੀਤੇ ਜਾ ਰਹੇ ਹਨ ਤੇ ਇਸ ਵਿੱਚ ਇੱਕ ਲੱਖ ਤੋਂ ਵੱਧ ਲੋਕਾਂ, ਪਾਰਟੀ ਵਰਕਰਾਂ ਤੇ ਵਲੰਟੀਅਰ ਸ਼ਮੂਲੀਅਤ ਕਰਨਗੇ।ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਆਉਣ ਵਾਲੇ ਲੋਕਾਂ ਦੀ ਵੱਡੀ ਗਿਣਤੀ ਨੂੰ ਧਿਆਨ ਵਿੱਚ ਰੱਖਦਿਆਂ ਸਮਾਗਮ ਵਾਲੀ ਥਾਂ 'ਤੇ ਹਰ ਲੋੜੀਂਦੀ ਸਹੂਲਤ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਯੋਜਨਾਬੰਦੀ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਇਹ ਸਮਾਗਮ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਵਪੱਖੀ ਵਿਕਾਸ ਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਨੂੰ ਲੋਕਾਂ ਸਾਹਮਣੇ ਰੱਖਣ ਦਾ ਵੀ ਇੱਕ ਅਹਿਮ ਮੌਕਾ ਹੋਵੇਗਾ।ਇਸ ਦੌਰਾਨ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ, ਖੇਤੀਬਾੜੀ, ਬੁਨਿਆਦੀ ਢਾਂਚੇ ਤੇ ਸਮਾਜਿਕ ਭਲਾਈ ਦੇ ਖੇਤਰਾਂ ਵਿੱਚ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਅਤੇ ਪ੍ਰਾਪਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ।ਅੰਤ ਵਿੱਚ ਉਨ੍ਹਾਂ ਸਮੂਹ ਪ੍ਰਬੰਧਕੀ ਟੀਮਾਂ ਤੇ ਸਬੰਧਤ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਸਾਰੀਆਂ ਤਿਆਰੀਆਂ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਲਈ ਕਿਹਾ, ਤਾਂ ਜੋ 26 ਨਵੰਬਰ ਨੂੰ ਹੋਣ ਵਾਲੇ ਇਸ ਰਾਜ ਪੱਧਰੀ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਸੈਂਕੜੇ ਕਾਂਗਰਸ ਪਰਵਾਰਾਂ ਨੇ ਰਮਿੰਦਰ ਆਵਲਾ ਦੀ ਅਗਵਾਈ 'ਚ ਫੜਿਆ ਅਕਾਲੀ ਦਲ ਦਾ ਪੱਲਾ



ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)-ਪਿੰਡ ਧਰਮੂ ਵਾਲਾ ਵਿਖੇ ਚੇਅਰਮੈਨ ਬਲਕਾਰ ਸਿੰਘ ਦੀ ਅਗਵਾਈ ਹੇਠ ਹਲਕਾ ਜਲਾਲਾਬਾਦ ਦੇ ਕਈ ਪਿੰਡਾਂ ਨਾਲ ਸਬੰਧਤ ਸਰਪੰਚਾਂ, ਸਾਬਕਾ ਸਰਪੰਚਾਂ, ਮੈਂਬਰਾਂ, ਨੰਬਰਦਾਰਾਂ ਤੇ ਹੋਰ ਮੋਹਤਬਰ ਵਿਅਕਤੀਆਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਸਾਬਕਾ ਵਿਧਾਇਕ ਸ੍ਰ. ਰਮਿੰਦਰ ਸਿੰਘ ਆਵਲਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਕਈ ਪਿੰਡਾਂ ਦੇ ਸੈਂਕੜੇ ਪਰਵਾਰਾਂ ਨੇ ਵੀ ਅਕਾਲੀ ਦਲ ਨ

ਸ਼ੈਰੀ ਕਲਸੀ ਦੀ ਅਗਵਾਈ 'ਚ ਮਾਨ ਦੇ ਮੁਨਾਫੇ ਤਹਿਤ ਡੋਰ-ਟੂ-ਡੋਰ ਮੁਹਿੰਮ



ਬਟਾਲਾ (ਡਾਕਟਰ ਮਲਵਿੰਦਰ ਸਿੰਘ) - ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਮਾਨ ਦੇ ਮੁਨਾਫੇ ਮੁਹਿੰਮ ਤਹਿਤ ਪਿੰਡਾਂ ਤੇ ਵਾਰਡਾਂ ਵਿੱਚ ਡੋਰ ਟੂ ਡੋਰ ਕੰਪੇਨ ਜਾਰੀ ਹੈ। ਬਟਾਲਾ ਸ਼ਹਿਰ ਵਿੱਚ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਪ੍ਰਚਾਰ ਕਰਦਿਆਂ ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿੱਚ ਦੁਕਾਨਦਾਰਾਂ ਨੂੰ ਮਿਲ ਕੇ ਸਰਕਾਰ ਦੀਆਂ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਮੈਨੇਜਰ ਅਤਰ ਸਿੰਘ ਵਾਈਸ ਪ੍ਰਧਾਨ ਆਪ ਗੁਰਦਾਸਪੁਰ ਅਤੇ ਸੀਨੀਅਰ ਆਗੂ ਪਰਦੀਪ ਸਿੰਘ ਵੀ ਮੌਜੂਦ ਸਨ।

ਦੁਕਾਨਦਾਰਾਂ ਨਾਲ ਗੱਲਬਾਤ ਕਰਦਿਆਂ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਵੱਧ ਕੰਮ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਕਰੀਬ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਵਿਕਾਸ ਤੇ ਲੋਕ ਭਲਾਈ ਦੇ ਕੰਮ ਕੀਤੇ ਹਨ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਬਿਜਲੀ ਬਿੱਲਾਂ ਵਿਚ ਰਾਹਤ, ਮਾਵਾਂ ਧੀਆਂ ਸਤਿਕਾਰ ਯੋਜਨਾ, ਮਹਿਲਾਵਾਂ ਲਈ ਮੁਫ਼ਤ ਬੱਸ ਸਫ਼ਰ, ਸਿਹਤ ਬੀਮਾ ਕਾਰਡ, ਸਰਕਾਰੀ ਸਕੂਲਾਂ ਵਿਚ ਮੁਫ਼ਤ ਸਿੱਖਿਆ, ਬੁਢਾਪਾ ਪੈਨਸ਼ਨ, ਆਮ ਆਦਮੀ ਕਲੀਨਿਕਾਂ ਵਿਚ ਮੁਫ਼ਤ ਟੈਸਟ ਤੇ ਦਵਾਈਆਂ, ਰਾਸ਼ਨ, ਮੁਫ਼ਤ ਤੀਰਥ ਯਾਤਰਾ, ਖੇਤੀ ਲਈ ਮੁਫ਼ਤ ਬਿਜਲੀ ਅਤੇ ਅਸ਼ੀਰਵਾਦ ਸਕੀਮ ਆਦਿ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।

ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਤੋਂ ਵਾਂਝਾ ਨਾ ਰਹੇ : ਨਿਰਮਲ ਓਸੇਪਚਨ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤਰਨ ਤਾਰਨ ਜ਼ਿਲ੍ਹੇ ਵਿੱਚ ਸਬ-ਨੈਸ਼ਨਲ ਪਲਸ ਪੋਲੀਓ ਰਾਊਂਡ ਦੀ ਸ਼ੁਰੂਆਤ ਕੀਤੀ ਗਈ। 22 ਤੋਂ 24 ਨਵੰਬਰ ਤੱਕ ਚੱਲਣ ਵਾਲੇ ਇਸ ਤਿੰਨ ਰੋਜ਼ਾ ਰਾਊਂਡ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਡਾ. ਨਿਰਮਲ ਓਸੇਪਚਨ ਵੱਲੋਂ ਜ਼ਿਲ੍ਹਾ ਹਸਪਤਾਲ ਤਰਨ ਤਾਰਨ ਵਿਖੇ ਛੋਟੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਕੀਤੀ ਗਈ। ਇਸ ਮੌਕੇ ਸਿਵਲ ਸਰਜਨ ਡਾ. ਸੰਦੀਪ ਧਵਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ-ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਵੀ ਉਨ੍ਹਾਂ ਦੇ ਨਾਲ ਸਨ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਜਨਮਿਆ 5 ਸਾਲ ਤੱਕ ਦਾ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਪੀਣ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜਨਮ ਤੋਂ 5 ਤੱਕ ਦੇ ਛੋਟੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ। ਸਿਵਲ ਸਰਜਨ ਡਾ. ਸੰਦੀਪ ਧਵਨ ਨੇ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਕੁਲ 143350 ਜਨਮ ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣੀਆਂ ਯਕੀਨੀ ਬਣਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਰਾਊਂਡ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹੇ ਵਿੱਚ 574 ਫਿਕਸ ਬੂਥ, 1167 ਡੋਰ-ਟੂ-ਡੋਰ ਟੀਮਾਂ, 38 ਟ੍ਰਾਂਜਿਟ ਟੀਮਾਂ, 51 ਮੋਬਾਈਲ ਟੀਮਾਂ ਅਤੇ ਇਸ ਦੇ ਯੋਗ ਪ੍ਰਬੰਧਾਂ ਲਈ 2521 ਵੈਕਸੀਨੇਟਰ ਨਿਯੁਕਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਟੀਮਾਂ ਦੀ ਸੁਪਰਵੀਜ਼ਨ ਲਈ ਜ਼ਿਲ੍ਹੇ ਵਿੱਚ ਕੁਲ 115 ਸੁਪਰਵਾਈਜ਼ਰ ਵੀ ਤਾਇਨਾਤ ਕਰ ਦਿੱਤੇ ਗਏ ਹਨ ।

ਜ਼ਿਲ੍ਹਾ ਟੀਕਾਕਰਨ ਅਫ਼ਸਰ-ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 131 ਦੇ ਕਰੀਬ ਭੱਠਿਆਂ ਅਤੇ 185 ਹਾਈ ਰਿਸਕ ਏਰੀਏ ਤੋਂ ਇਲਾਵਾ ਫੈਕਟਰੀਆਂ, ਕਾਰਖਾਨਿਆਂ ਆਦਿ ਲਈ ਵੀ ਮੋਬਾਈਲ ਟੀਮਾਂ ਦਾ ਪ੍ਰਬੰਧ ਕਰ ਲਿਆ ਗਿਆ ਹੈ। ਇਸ ਮੌਕੇ ਐਸ.ਐਮ.ਓ ਸਿਵਲ ਹਸਪਤਾਲ ਡਾ. ਸੁਰਿੰਦਰ ਕੁਮਾਰ, ਡਾ. ਅਮਨਦੀਪ ਕੌਰ, ਡਾ. ਰੁਪਿੰਦਰ ਕੌਰ, ਡਾ. ਲਾਜਵੀਰ ਸਿੰਘ ਅਤੇ ਹੋਰ ਹਾਜ਼ਰ ਸਨ।

ਸੰਯੁਕਤ ਕਿਸਾਨ ਮੋਰਚੇ ਦੀ ਅੰਮ੍ਰਿਤਸਰ ਰੈਲੀ 'ਚ ਪਠਾਨਕੋਟ ਤੋਂ ਵੱਡਾ ਜਥਾ ਸ਼ਾਮਲ ਹੋਵੇਗਾ



ਪਠਾਨਕੋਟ (ਦਵਿੰਦਰ ਸਿੰਘ) - ਐਤਵਾਰ ਨੂੰ ਜ਼ਿਲ੍ਹਾ ਪਠਾਨਕੋਟ ਦੇ ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਬਾਰਠ ਸਾਹਿਬ ਵਿਖੇ ਕਾ ਪਰਮਜੀਤ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿਚ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ, ਪਰਸ਼ੋਤਮ ਕੁਮਾਰ, ਜਮਹੂਰੀ ਕਿਸਾਨ ਸਭਾ ਵੱਲੋਂ ਕਾ ਬਲਵੰਤ ਸਿੰਘ, ਬਲਦੇਵ ਰਾਜ ਭੋਅ , ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵਲੋਂ ਕੇਵਲ ਸਿੰਘ ਕੰਗ, ਨੱਥਾ ਸਿੰਘ ,ਦੁਆਬਾ ਕਿਸਾਨ ਸੰਘਰਸ਼ ਕਮੇਟੀ ਵੱਲੋਂ ਮਿਹਰ ਸਿੰਘ,ਸਾਗਰ ਸਿੰਘ ਕਿਰਤੀ ਕਿਸਾਨ ਯੂਨੀਅਨ ਵਲੋਂ ਪਰਮਜੀਤ ਤੇ ਕੁਲਬੀਰ ਸਿੰਘ, ਭਾਰਤੀ ਕਿਸਾਨ ਯੂਨੀਅਨ ਸ਼ਾਦੀ ਪੁਰ ਵਲੋਂ ਆਈ ਐਸ ਗੁਲਾਟੀ ਤੇ ਨੇਤਰ ਸਿੰਘ ਹਾਜਰ ਹੋਏ।

ਮੀਟਿੰਗ ਵਿੱਚ ਸਯੁੰਕਤ ਕਿਸਾਨ ਮੋਰਚੇ ਵਲੋਂ ਅੰਮ੍ਰਿਤਸਰ ਦੀ 26 ਨਵੰਬਰ ਦੀ ਜੋਨਲ ਰੈਲੀ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਅਤੇ ਫੈਸਲਾ ਕੀਤਾ ਕਿ ਰੈਲੀ ਲਈ ਪਠਾਨਕੋਟ ਸਿਟੀ ਰੇਲਵੇ ਸਟੇਸ਼ਨ ਤੋਂ 7. 00 ਵਜੇ ਰੇਲ ਰਾਹੀਂ ਜੱਥਾ ਰਵਾਨਾ ਹੋਵੇਗਾ। ਬਾਕੀ ਕਿਸਾਨ ਆਪਣੇ ਸਾਧਨਾਂ ਰਾਹੀਂ ਰੈਲੀ ਵਿੱਚ ਸ਼ਾਮਲ ਹੋਣਗੇ। ਮੰਗਾਂ ਬਾਰੇ ਗੱਲ ਕਰਦਿਆਂ ਆਗੂਆਂ ਨੇ ਦੱਸਿਆ ਕਿ ਦਿੱਲੀ ਮੋਰਚੇ ਉਪਰੰਤ ਕੇਂਦਰ ਸਰਕਾਰ ਨੇ ਸੰਯੁਕਤ ਕਿਸਾਨ ਮੋਰਚੇ ਨਾਲ ਇਕ ਲਿਖਤੀ ਸਮਝੌਤਾ ਕੀਤਾ ਸੀ ਪਰ ਕੇਂਦਰ ਸਰਕਾਰ ਨੇ ਲਾਗੂ ਨਹੀਂ ਕੀਤਾ। ਉਸ ਸਮਝੌਤੇ ਨੂੰ ਲਾਗੂ ਕਰਵਾਉਣ ਲਈ ਪੰਜਾਬ ਵਿੱਚ ਇਹ ਜੋਨਲ ਰੈਲੀਆਂ ਕੀਤੀਆਂ ਜਾ ਰਹੀਆਂ ਹਨ। ਚੰਡੀਗੜ੍ਹ ਵਿੱਚ ਇੱਕ ਹਫਤਾ ਪੰਜਾਬ ਸਰਕਾਰ ਨਾਲ ਸਬੰਧਿਤ ਮੰਗਾਂ ਬਾਰੇ ਧਰਨਾ ਦਿੱਤਾ ਗਿਆ। ਸਰਕਾਰ ਨਾਲ ਘੋਖਵੀਂ ਬਹਿਸ ਤੋਂ ਬਾਦ ਲਿਖਤੀ ਸਮਝੌਤਾ ਹੋਇਆ ਪਰ ਸਮਝੌਤੇ ਮੁਤਾਬਕ ਇਕ ਵੀ ਮੰਗ ਨਹੀਂ ਮੰਨੀ। ਸਮਝੌਤੇ ਮੁਤਾਬਕ ਪਾਣੀ ਆਂ ਬਾਰੇ ਹੋਏ ਸਾਰੇ ਸਮਝੌਤਿਆਂ ਨੂੰ ਰੱਦ ਕਰਨ ਦਾ ਮਤਾ ਨਹੀਂ ਪਾਇਆ ਗਿਆ। ਬੀਜ ਬਿੱਲ 2025 ਰੱਦ ਕਰਨ ਦਾ ਮਤਾ ਪਾਉਣ ਤੋਂ ਸਰਕਾਰ ਮੁੱਕਰ ਗਈ। ਕਿਸਾਨਾਂ ਦੇ ਕਰਜ਼ੇ ਸਬੰਧੀ ਵਨ ਟਾਇਮ ਸੈਟਲਮੈਂਟ ਸਕੀਮ ਤੋਂ ਵੀ ਸਰਕਾਰ ਮੁੱਕਰ ਗਈ। ਅਸੀ ਇਹਨਾ ਮੰਗਾਂ ਨੂੰ ਲਾਗੂ ਕਰਵਾਉਣ ਲਈ ਸੰਘਰਸ਼ ਕਰਾਂਗੇ।

ਨਗਰ ਕੀਰਤਨ ਦਾ ਅਜੀਤ ਨਗਰ ਦੀ ਸੰਗਤ ਵੱਲੋਂ ਭਰਵਾਂ ਸਵਾਗਤ



ਬਿਆਸ (ਪਰਮਜੀਤ ਸਿੰਘ ਰੱਖੜਾ) ਕਸਬਾ ਬਿਆਸ ਦੇ ਨੇੜੇ ਪਿੰਡ ਵਜ਼ੀਰ ਭੁੱਲਰ ਤੋਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਭਾਈ ਭਾਨਾ ਜੀ ਦੇ ਗੁਰਦੁਆਰਾ ਸਾਹਿਬ ਤੋਂ ਸਜਾਇਆ ਗਿਆ।ਵੱਡੀ ਸੰਗਤ ਨਾਲ ਨਗਰ ਕੀਰਤਨ ਸਾਰੇ ਪਿੰਡ ਦੀ ਪਰਿਕਰਮਾ ਕਰਦਾ ਹੋਇਆ ਅਗਲੇ ਪਿੰਡ ਅਜੀਤ ਨਗਰ ਵਿਖੇ ਪਹੁੰਚਿਆ, ਜਿੱਥੇ ਅਜੀਤ ਨਗਰ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਪੰਜ ਪਿਆਰਿਆਂ 'ਤੇ ਫੁੱਲਾਂ ਦੀ ਵਰਖਾ ਕੀਤੀ, ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ। ਟਰਾਲੀ 'ਚ ਸਜਾਏ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ ਦਾ ਵੀ ਸਵਾਗਤ ਫੁੱਲਾਂ ਦੀ ਵਰਖਾ ਨਾਲ ਕੀਤਾ ਗਿਆ।ਉਪਰੰਤ ਸੇਵਾਦਾਰਾਂ ਵੱਲੋਂ ਲੰਗਰ ਪ੍ਰਸ਼ਾਦਾ ਸੰਗਤਾਂ ਨੂੰ ਛਕਾਇਆ ਗਿਆ।ਅਜੀਤ ਨਗਰ ਤੋਂ ਮੁੱਖ ਸੇਵਾਦਾਰ ਬੀਬੀ ਸਵਿੰਦਰ ਕੌਰ ਰੱਖੜਾ ਨੂੰ ਗੁਰਦੁਆਰਾ ਭਾਈ ਭਾਨਾ ਜੀ ਦੇ ਗ੍ਰੰਥੀ ਬਾਬਾ ਸਵਿੰਦਰ ਸਿੰਘ ਵੱਲੋਂ ਸਿਰੋਪਾਓ ਦੇ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਇਲਾਕੇ ਦੀਆਂ ਸੰਗਤਾਂ ਤੇ ਮੋਹਤਬਰ ਹਾਜ਼ਰ ਸਨ।

ਕੁੰਵਰ ਵਿਜੇ ਪ੍ਰਤਾਪ ਦੇ ਸਮਰਥਕਾਂ ਨੇ ਕਮਰ ਕੱਸੀ



ਛੇਹਰਟਾ, (ਮਨੋਜ ਕੁਮਾਰ) : ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਕੈਂਪ ਆਫਿਸ ਵਿਚ ਵਰਕਰਾਂ ਦੀ ਹੰਗਾਮੀ ਮੀਟਿੰਗ ਹੋਈ। ਮੀਟਿੰਗ ਵਿਚ ਵਿਚਾਰ ਵਟਾਂਦਰਾ ਕੀਤਾ ਗਿਆ ਕਿ ਕੁੰਵਰ ਵਿਜੇ ਪ੍ਰਤਾਪ ਸਿੰਘ ਵਰਗੇ ਇਮਾਨਦਾਰ ਵਿਅਕਤੀ ਭਾਜਪਾ ਵਿਚ ਸ਼ਾਮਲ ਹੋਏ ਹਨ। ਉਹ ਪੰਜਾਬ ਪੁਲਿਸ ਵਿਚ ਵੱਡੇ-ਵੱਡੇ ਅਹੁਦਿਆਂ 'ਤੇ ਰਹਿਣ ਕਰ ਕੇ ਸੂਬੇ ਦੇ ਹਾਲਾਤ ਤੋਂ ਚੰਗੀ ਤਰ੍ਹਾਂ ਜਾਣੂੰ ਹਨ। ਪੰਜਾਬ ਵਿਚ ਵੱਧ ਰਹੇ ਨਸ਼ੇ ਤੇ ਗੈਂਗਸਟਰਵਾਦ 'ਤੇ ਕਾਬੂ ਪਾਉਣ ਲਈ ਉਨ੍ਹਾਂ ਦੇ ਮਸ਼ਵਰੇ ਬਹੁਤ ਲਾਹੇਵੰਦ ਸਿੱਧ ਹੋ ਸਕਦੇ ਹਨ। ਇਸ ਮੌਕੇ ਸੇਵਾ ਮੁਕਤ ਇੰਸਪੈਕਟਰ ਵਿਸ਼ਵਾਮਿੱਤਰ, ਅਨੂਜ ਖੇਮਕਾ, ਤਰਸੇਮ ਸਿੰਘ, ਲਾਲੀ ਸਿੰਘ, ਸਿਮਰਨਜੀਤ ਸਿੰਘ, ਹਰਸ਼ ਕਾਲੜਾ, ਰਾਘਵ ਸ਼ਰਮਾ ਆਦਿ ਮੌਜੂਦ ਸਨ।

ਹਲਕੇ 'ਚ ਵਿਗੜੀ ਕਾਨੂੰਨੀ ਵਿਵਸਥਾ ਕਾਰਨ ਲੋਕਾਂ 'ਚ ਚਿੰਤਾ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ) - ਵਿਧਾਨ ਸਭਾ ਹਲਕਾ ਪੱਟੀ ਵਿੱਚ ਇਨ੍ਹੀਂ ਦਿਨੀਂ ਵਿਗੜ ਰਹੀ ਕਾਨੂੰਨ-ਵਿਵਸਥਾ ਅਤੇ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਲੈ ਕੇ ਇਲਾਕਾ ਨਿਵਾਸੀਆਂ ਵਿੱਚ ਭਾਰੀ ਚਿੰਤਾ ਪਾਈ ਜਾ ਰਹੀ ਹੈ। ਸ਼ਹਿਰ ਅਤੇ ਆਸ-ਪਾਸ ਦੇ ਪੇਂਡੂ ਇਲਾਕਿਆਂ ਵਿੱਚ ਲਗਾਤਾਰ ਵਧ ਰਹੀਆਂ ਚੋਰੀਆਂ, ਲੁੱਟ-ਖੋਹ ਅਤੇ ਫਿਰੌਤੀ ਦੀਆਂ ਘਟਨਾਵਾਂ ਨੇ ਆਮ ਨਾਗਰਿਕਾਂ ਤੇ ਵਪਾਰੀਆਂ ਦੇ ਮਨਾਂ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਅਣਪਛਾਤੇ ਗੈਂਗਸਟਰਾਂ ਵੱਲੋਂ ਫ਼ੋਨ 'ਤੇ ਧਮਕੀਆਂ ਦੇ ਕੇ ਫਿਰੌਤੀ ਮੰਗਣ ਅਤੇ ਦਿਨ-ਦਿਹਾੜੇ ਵਾਪਰ ਰਹੀਆਂ ਵਾਰਦਾਤਾਂ ਕਾਰਨ ਕਾਰੋਬਾਰੀ ਵਰਗ ਖ਼ੁਦ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ।ਇਨ੍ਹਾਂ ਹਾਲਾਤਾਂ ਦੇ ਮੱਦੇਨਜ਼ਰ ਵਾਰਡ ਨੰਬਰ 5 ਦੇ ਕੌਂਸਲਰ ਅਤੇ ਕੈਰੋਂ ਗਰੁੱਪ ਦੇ ਸੀਨੀਅਰ ਆਗੂ ਅਜੇ ਪ੍ਰਧਾਨ ਨੇ ਪੱਟੀ ਸ਼ਹਿਰ ਦੇ ਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਹਲਕੇ ਦੀ ਬਿਹਤਰੀ, ਅਮਨ-ਸ਼ਾਂਤੀ ਅਤੇ ਇਲਾਕੇ ਨੂੰ ਮੁੜ ਵਿਕਾਸ ਦੀ ਲੀਹ 'ਤੇ ਲਿਆਉਣ ਲਈ ਸਾਬਕਾ ਕੈਬਨਿਟ ਮੰਤਰੀ ਆਦੇਸ਼ ਪ੍ਰਤਾਪ ਸਿੰਘ ਕੈਰੋਂ ਦਾ ਡਟ ਕੇ ਸਾਥ ਦੇਣ ਅਤੇ ਕੈਰੋਂ ਗਰੁੱਪ ਨਾਲ ਜੁੜਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੌਂਸਲਰ ਅਜੇ ਪ੍ਰਧਾਨ ਨੇ ਕਿਹਾ ਕਿ ਪੱਟੀ ਹਲਕੇ ਦਾ ਅਸਲ ਵਿਕਾਸ ਆਦੇਸ਼ ਪ੍ਰਤਾਪ ਸਿੰਘ ਕੈਰੋਂ ਹੀ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਅੱਜ ਪੱਟੀ ਦਾ ਹਰ ਵਰਗ ਮੌਜੂਦਾ ਹਾਲਾਤਾਂ ਤੋਂ ਦੁਖੀ ਹੈ ਅਤੇ ਲੋਕਾਂ ਨੂੰ ਮੁੜ ਉਹੀ ਸੁਰੱਖਿਅਤ ਤੇ ਖ਼ੁਸ਼ਹਾਲ ਮਾਹੌਲ ਚਾਹੀਦਾ ਹੈ ਜੋ ਕੈਰੋਂ ਸਾਹਿਬ ਦੇ ਸਮੇਂ ਸੀ।

ਡੀ ਐੱਸ ਪੀ ਬਣਨ 'ਤੇ ਪਵਨ ਕੁਮਾਰ ਨੂੰ ਕੀਤਾ ਸਨਮਾਨਤ




ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਪੰਜਾਬ ਪੁਲਿਸ ਦੇ ਇੰਸਪੈਕਟਰ ਤੋਂ ਡੀ.ਐੱਸ.ਪੀ ਬਣੇ ਪਵਨ ਕੁਮਾਰ ਨੂੰ ਗਰਿਪ ਐਂਡ ਗੇਨ ਫਿਟਨੈੱਸ ਸੈਂਟਰ, ਮੋਹਨੀ ਪਾਰਕ ਵਿਚ ਭਾਜਪਾ ਦੇ ਜ਼ਿਲ੍ਹਾ (ਸ਼ਹਿਰੀ) ਮੀਤ ਪ੍ਰਧਾਨ ਤੇ ਸਾਬਕਾ ਜੂਡੋ ਖਿਡਾਰੀ ਅਰੁਣ ਭੱਲਾ ਨੇ ਸਨਮਾਨਿਤ ਕੀਤਾ। ਇਸ ਮੌਕੇ ਅਰੁਣ ਭੱਲਾ ਨੇ ਕਿਹਾ ਕਿ ਪਵਨ ਕੁਮਾਰ ਜੂਡੋ ਦੇ ਕੌਮਾਂਤਰੀ ਖਿਡਾਰੀ ਰਹੇ ਹਨ। ਉਨ੍ਹਾਂ ਨੂੰ ਤਰੱਕੀ ਮਿਲਣ 'ਤੇ ਜੂਡੋ ਦੇ ਸਾਬਕਾ ਤੇ ਵਰਤਮਾਨ ਖਿਡਾਰੀਆਂ ਵਿਚ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਦੇ ਡੀ.ਐੱਸ.ਪੀ ਬਣਨ ਨਾਲ ਜੂਡੋ ਖਿਡਾਰੀਆਂ ਨੂੰ ਹੋਰ ਮਿਹਨਤ ਤੇ ਲਗਨ ਨਾਲ ਖੇਡਣ ਦੀ ਪ੍ਰੇਰਣਾ ਮਿਲੇਗੀ। ਉਨ੍ਹਾਂ ਕਿਹਾ ਕਿ ਵੱਖ-ਵੱਖ ਖੇਡਾਂ ਵਿਚ ਜ਼ਿਲ੍ਹੇ, ਸੂਬੇ ਤੇ ਦੇਸ਼ ਨਾਂਅ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਉਨ੍ਹਾਂ ਵੱਲੋਂ ਸਨਮਾਨਿਤ ਕਰਨ ਦਾ ਸਿਲਸਲਾ ਲਗਾਤਾਰ ਜਾਰੀ ਰਹੇਗਾ। ਡੀ.ਐੱਸ.ਪੀ ਪਵਨ ਕੁਮਾਰ ਨੇ ਸਨਮਾਨਿਤ ਕਰਨ ਲਈ ਅਰੁਣ ਭੱਲਾ ਦਾ ਧੰਨਵਾਦ ਕੀਤਾ। ਇਸ ਮੌਕੇ ਗਰਿਪ ਐਂਡ ਗੇਨ ਫਿਟਨੈੱਸ ਸੈਂਟਰ ਦੇ ਜੂਡੋ ਕੋਚ ਕਰਮਜੀਤ ਸਿੰਘ, ਕਰਾਟੇ ਕੋਚ ਪਵਨ ਕੁਮਾਰ, ਭਾਜਪਾ ਦੇ ਕੋਟ ਖ਼ਾਲਸਾ ਮੰਡਲ ਦੇ ਜਨਰਲ ਸਕੱਤਰ ਸ਼ੰਮੀ ਸ਼ਰਮਾ, ਦੀਪਕ ਜੋੜਾ, ਕੁਸ਼ਾਨ ਧਾਲੀਵਾਲ, ਬਲਵੰਤ ਬੱਲ, ਐਡਵੋਕੇਟ ਸਿਮਰਪਾਲ ਗਿੱਲ, ਅਜੈ ਕੁਮਾਰ, ਜ਼ਿੰਦੀ ਵਾਲਮੀਕਿ, ਜੂਡੋ ਖਿਡਾਰੀ ਕ੍ਰਿਸ਼ਨ ਸ਼ਰਮਾ ਆਦਿ ਮੌਜੂਦ ਸਨ।

ਮਾਂ ਭਗਵਤੀ ਦਾ ਜਗਰਾਤਾ ਕਰਵਾਇਆ



ਛੇਹਰਟਾ (ਮਨੋਜ ਕੁਮਾਰ) : ਜੈ ਜਗਦੰਬਾ ਜਾਗਰਣ ਤੇ ਜਨ ਕਲਿਆਣ ਸਮਿਤੀ ਵੱਲੋਂ ਹੁਕਮ ਸਿੰਘ ਰੋਡ 'ਤੇ ਪੈਟਰੋਲ ਪੰਪ, ਡੈਂਟਲ ਹਸਪਤਾਲ ਬਟਾਲਾ ਰੋਡ ਨੇੜੇ ਮਾਂ ਭਗਵਤੀ ਦਾ 40 ਵਾਂ ਸਾਲਾਨਾ ਜਗਰਾਤਾ ਮਹੰਤ ਅਸ਼ੋਕ ਕੁਮਾਰ ਦੀ ਅਗਵਾਈ ਵਿਚ ਕਰਵਾਇਆ ਗਿਆ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਅੱਡਾ ਸਰਾਂ ਵਿਸ਼ੇਸ਼ ਸਪਲੀਮੈਂਟ



ਸਥਾਨ ਬਾਬਾ ਬਿਸ਼ਨ ਸਿੰਘ ਜੀ

ਗੁਰਦੁਆਰਾ ਧੰਨ-ਧੰਨ ਬਾਬਾ ਬਿਸ਼ਨ ਸਿੰਘ ਜੀ ਪਿੰਡ ਕੰਧਾਲਾ ਜੱਟਾਂ,
ਗੁਰਦੁਆਰਾ ਪ੍ਰਬੰਧਕ ਕਮੇਟੀ, ਐਨ ਆਰ ਆਈ ਵੀਰਾਂ,
ਅਤੇ ਨਗਰ ਨਿਵਾਸੀ ਸਮੂਹ ਸੰਗਤ
ਵਲੋਂ
ਦੇਸ਼-ਵਿਦੇਸ਼ ਵਿੱਚ ਵਸਦੀਆਂ ਸੰਗਤਾਂ ਨੂੰ
ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ
ਦੇ 557ਵੇਂ ਪ੍ਰਕਾਸ਼ ਪੁਰਬ ਦੀਆਂ
ਲੱਖ-ਲੱਖ
ਮੁਬਾਰਕਾਂ



ਸ੍ਰੀ ਗੁਰੂ ਨਾਨਕ ਦੇਵ ਜੀ

ਧੰਨਵਾਦ

ਮੈਂ ਉਨ੍ਹਾਂ ਸਾਰੇ ਦੋਸਤਾਂ-ਮਿੱਤਰਾਂ ਦਾ ਧੰਨਵਾਦੀ ਹਾਂ ਅਤੇ ਸ਼ੁਕਰੀਆ ਅਦਾ ਕਰਦਾ ਹਾਂ ਜਿਨ੍ਹਾਂ ਨੇ ਮੈਨੂੰ ਸਪਲੀਮੈਂਟ ਕੱਢਣ ਲਈ ਸਹਿਯੋਗ ਦਿੱਤਾ ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਸਹਿਯੋਗ ਦੀ ਆਸ ਕਰਦਾ ਹਾਂ।



ਜਸਵੀਰ ਕਾਜਲ
ਪੱਤਰਕਾਰ ਅੱਡਾ ਸਰਾਂ
ਮੋਬਾ. 99151-17589



ਅਰਵਿੰਦ ਕੇਜਰੀਵਾਲ
ਕਨਵੀਨਰ ਆਪ



ਭਗਵੰਤ ਸਿੰਘ ਮਾਨ
ਮੁੱਖਮੰਤਰੀ ਪੰਜਾਬ



ਅਮਨ ਅਰੋੜਾ
ਪੰਜਾਬ ਪ੍ਰਧਾਨ



ਹਰਦੀਪ ਸਿੰਘ ਮੁੰਡੀਆ
ਕੈਬਿਨੇਟ ਮੰਤਰੀ



ਡਾ. ਰਵਜੋਤ
ਕੈਬਿਨੇਟ ਮੰਤਰੀ

ਆਪ
ਆਮ ਆਦਮੀ ਪਾਰਟੀ



ਜਸਵੀਰ ਸਿੰਘ ਰਾਜਾ
ਮੀਤ ਪ੍ਰਧਾਨ ਪੰਜਾਬ
ਐਮ.ਐਲ.ਏ. ਉੜਮੁੜ ਟਾਂਡਾ

ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ
ਦੇ 557ਵੇਂ ਪ੍ਰਕਾਸ਼ ਪੁਰਬ
ਦੀਆਂ
ਲੱਖ-ਲੱਖ ਵਧਾਈਆਂ



ਕੇਸ਼ਵ ਸਿੰਘ ਸੈਣੀ
'ਆਪ' ਸੰਗਠਨ ਇੰਚਾਰਜ
ਟਾਂਡਾ



ਧੰਨ-ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ
ਦੇ ਪ੍ਰਕਾਸ਼ ਪੁਰਬ ਦੀਆਂ ਸਾਰੀਆਂ ਸੰਗਤਾਂ ਨੂੰ
ਬਹੁਤ-ਬਹੁਤ ਮੁਬਾਰਕਾਂ।
ਐਡਵੋਕੇਟ ਦਮਨਦੀਪ ਸਿੰਘ ਨਰਵਾਲ
ਸਾਬਕਾ ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ, ਹੁਸ਼ਿਆਰਪੁਰ
(ਹਲਕਾ ਉੜਮੁੜ)
98725-94234



ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ
ਦੇ 557ਵੇਂ ਪ੍ਰਕਾਸ਼ ਪੁਰਬ
ਦੀਆਂ ਲੱਖ-ਲੱਖ ਵਧਾਈਆਂ
ਜਾਰੀ ਕਰਤਾ :
ਟੀਮ ਬਲਾਕ ਕਾਂਗਰਸ
ਟਾਂਡਾ, ਗੜ੍ਹਦੀਵਾਲਾ

ਸ. ਸੰਗਤ ਸਿੰਘ ਗਿਲਜੀਆਂ
ਕਾਰਜਕਾਰੀ ਪ੍ਰਧਾਨ ਪੰਜਾਬ ਕਾਂਗਰਸ
ਸਾਬਕਾ ਕੈਬਨਿਟ ਮੰਤਰੀ ਪੰਜਾਬ

ਐਡਵੋਕੇਟ ਦਲਜੀਤ ਸਿੰਘ ਗਿਲਜੀਆਂ
ਜਿਲਾ ਪ੍ਰਧਾਨ ਕਾਂਗਰਸ, ਹੁਸ਼ਿਆਰਪੁਰ



ਦੇਸ਼ ਵਿਦੇਸ਼ ਵਿੱਚ
ਵਸਦੀਆਂ ਸੰਗਤਾਂ ਨੂੰ ਸ੍ਰੀ
ਗੁਰੂ ਨਾਨਕ ਦੇਵ ਜੀ ਦੇ
557ਵੇਂ ਗੁਰਪੁਰਬ ਦੀਆਂ
ਲੱਖ-ਲੱਖ ਮੁਬਾਰਕਾਂ

ਬਲਵੰਤ ਸਿੰਘ ਰਾਮੂਵਾਲੀਆ
ਕੌਮੀ ਪ੍ਰਧਾਨ (ਲੋਕ ਭਲਾਈ ਪਾਰਟੀ)



ਡਾ. ਪਰਮਜੀਤ ਸਿੰਘ
ਦੇਹਰੀਵਾਲ



ਜਨਕਰਾਜ ਕਲਬਾਨੂ
ਪਟਿਆਲਾ



ਉਪਕਾਰ ਸਿੰਘ

ਦੇਸ਼ ਵਿਦੇਸ਼ ਵਿੱਚ
ਵਸਦੀਆਂ ਸੰਗਤਾਂ ਨੂੰ ਸ੍ਰੀ
ਗੁਰੂ ਨਾਨਕ ਦੇਵ ਜੀ ਦੇ
557ਵੇਂ ਗੁਰਪੁਰਬ ਦੀਆਂ
ਲੱਖ-ਲੱਖ ਮੁਬਾਰਕਾਂ



ਦਵਿੰਦਰ ਸਿੰਘ ਵਿਰਕ

D.S. VIRK BUILDING MATERIAL
ਇੱਥੇ ਰੇਤ, ਸੀਮੇਂਟ, ਬਜਰੀ, ਸਰੀਆ, ਰੋੜੀ, ਗਟਕਾ, ਕਰੈਸਰ, ਇਟਾਂ ਆਦਿ ਮੁੱਹਈਆ ਕਰਵਾਏ ਜਾਂਦੇ ਹਨ।
ਇੱਥੇ ਹਰ ਤਰ੍ਹਾਂ ਦਾ ਬਿਲਡਿੰਗ ਮਟੀਰੀਅਲ ਮਿਲਦਾ ਹੈ।
ਨਜ਼ਦੀਕ ਜੀ.ਕੇ. ਪੈਲੇਸ, ਹੁਸ਼ਿਆਰਪੁਰ ਰੋਡ, ਟਾਂਡਾ, ਜ਼ਿਲ੍ਹਾ ਹੁਸਿਆਰਪੁਰ
+91 84376-88958



ਦਾਖ਼ਲਾ ਸ਼ੁਰੂ ਦਾਖ਼ਲਾ ਸ਼ੁਰੂ ਦਾਖ਼ਲਾ ਸ਼ੁਰੂ

ਬੀ ਐੱਨ ਡੀ ਸੀਨੀ. ਸੈਕੰ. ਸਕੂਲ
ਕੰਧਾਲਾ ਜੱਟਾਂ (ਹੁਸ਼ਿਆਰਪੁਰ)



ਸ੍ਰੀ ਜੈ ਕ੍ਰਿਸ਼ਨ ਮਹਿਤਾ
ਮੋਬਾ. 81988-99044

(ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਦੁਆਰਾ ਐਫੀਲੀਏਟਿਡ)

- ENGLISH MEDIUM (ਨਰਸਰੀ ਤੋਂ +2, ਸਾਇੰਸ, ਕਾਮਰਸ, ਆਰਟਸ)
- ਨਰਸਰੀ ਜਮਾਤ ਲਈ ਕੋਈ ਦਾਖ਼ਲਾ ਫੀਸ ਅਤੇ ਬੱਸ ਫੀਸ ਪੂਰਾ ਸਾਲ ਨਹੀਂ ਹੋਵੇਗੀ।
- N.C.C ਦੀ (BOYS AND GIRLS) ਦੋਵਾਂ ਲਈ ਸਹੂਲਤ।



ਇੰਜੀ. ਅਨਿਲ ਮਹਿਤਾ
ਮੋਬਾ. 94633-06925

- ਲਾਈਬ੍ਰੇਰੀ, ਕੰਪਿਊਟਰ ਅਤੇ ਸਾਇੰਸ ਲੈਬ ਦਾ ਉਚਿਤ ਪ੍ਰਬੰਧ। - ਵਿਭਾਗੀ ਖੇਡਾਂ ਦਾ ਉਚਿਤ ਪ੍ਰਬੰਧ। - ਕੈਰੀਅਰ ਕਾਊਂਸਲਿੰਗ, JEE TEST, NEET TEST ਅਤੇ ENGLISH SPEAKING ਤੇ ਵਿਦਿਆਰਥੀਆਂ ਲਈ ਕੋਚਿੰਗ
- ਕਲਚਰਲ, ਟੂਰ ਪ੍ਰੋਗਰਾਮ ਤੋਂ ਇਲਾਵਾ ADSAT TEST, ਬਾਲ ਵਿਕਾਸ ਪ੍ਰੀਖਿਆ, ਧਾਰਮਿਕ ਸਿੱਖ ਮਿਸ਼ਨਰੀ ਪ੍ਰੀਖਿਆਵਾਂ ਦਾ ਸਫ਼ਲ ਆਯੋਜਨ।

ਦਾਖ਼ਲੇ ਲਈ ਸੰਪਰਕ : 82890-82617, 94176-46752

ਸਮੂਹ ਇਲਾਕਾ ਨਿਵਾਸੀਆਂ, ਦੇਸ਼-ਵਿਦੇਸ਼ ਵਿੱਚ ਵਸਦੀਆਂ ਸੰਗਤਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ



ਦਵਿੰਦਰ ਸਿੰਘ ਬਾਜਵਾ, ਡੀ ਐੱਸ ਪੀ ਟਾਂਡਾ
ਅਮਰਜੀਤ ਕੌਰ, ਐੱਸ ਐੱਚ ਓ, ਟਾਂਡਾ
ਮਨਿੰਦਰ ਕੌਰ, ਅਸਿਸਟੈਂਟ ਸਬ ਇੰਸਪੈਕਟਰ, ਟਾਂਡਾ
ਸਬ ਇੰਸਪੈਕਟਰ ਕੁਲਵੰਤ ਸਿੰਘ, ਟਰੈਫਿਕ ਇੰਚਾਰਜ ਟਾਂਡਾ
ਸੰਜੀਵ ਕੁਮਾਰ, ਚੌਕੀ ਇੰਚਾਰਜ ਅੱਡਾ ਸਰਾਂ
ਸੁਰਿੰਦਰ ਪਾਲ ਸਿੰਘ, ਏ ਐਸ ਆਈ, ਅੱਡਾ ਸਰਾਂ
ਜਗਤਾਰ ਸਿੰਘ, ਏ ਐਸ ਆਈ, ਅੱਡਾ ਸਰਾਂ
ਵਿਪਨ ਕੁਮਾਰ, ਬੀ ਡੀ ਪੀ ਓ, ਟਾਂਡਾ
ਅਮਰੀਕ ਸਿੰਘ, ਐਸ ਡੀ ਓ ਪੰਜਾਬ ਮੰਡੀ ਬੋਰਡ, ਹੁਸ਼ਿਆਰਪੁਰ
ਦਵਿੰਦਰ ਪਾਲ ਸਿੰਘ, ਰਿਟਾ. ਐਸ ਡੀ ਓ, ਟਾਂਡਾ
ਇੰਜ. ਤਜਿੰਦਰ ਸਿੰਘ, ਐਸ ਡੀ ਓ ਉਪ ਮੰਡਲ, ਕੰਧਾਲਾ ਜੱਟਾਂ
ਡਾ. ਕੇਵਲ ਕਾਜਲ, ਸਾਬਕਾ ਐਸ ਐਮ ਓ, ਟਾਂਡਾ
ਡਾ. ਨਰਿਜਣ, ਸਾਬਕਾ ਐਸ ਐਮ ਓ, ਟਾਂਡਾ
ਡਾ. ਹਰੀਸ਼ ਭਾਟੀਆ, ਆਯੁਰਵੈਦਿਕ ਮੈਡੀਕਲ ਅਫ਼ਸਰ, ਕੰਧਾਲਾ ਜੱਟਾਂ
ਡਾ. ਹਰਤੀਥ ਸਿੰਘ ਗੁਰਾਇਆ, ਸੀ ਐਚ ਨੂਰਪੁਰ (ਭੂੰਗਾ)
ਡਾ. ਹਰਵਿੰਦਰ ਸਿਆਲ, ਭੂੰਗਾ ਹੁਸ਼ਿਆਰਪੁਰ
ਸੁਖਵਿੰਦਰਜੀਤ ਸਿੰਘ ਝਾਵਰ, ਸਰਪੰਚ ਝਾਵਾਂ, ਸੰਮਤੀ ਚੇਅਰਮੈਨ
ਰਕੇਸ਼ ਬਿੱਟੂ, ਸਾਬਕਾ ਐਮ ਸੀ, ਯੂਥ ਕਾਂਗਰਸ ਆਗੂ ਟਾਂਡਾ
ਐਡਵੋਕੇਟ ਗੁਰਵੀਰ ਸਿੰਘ ਚੋਟਾਲਾ, ਯੂਥ ਕਾਂਗਰਸੀ ਆਗੂ
ਗੁਰਮੇਲ ਸਿੰਘ, ਅਕਾਲੀ ਆਗੂ, ਸੀਕਰੀ
ਸ. ਸਤਨਾਮ ਸਿੰਘ ਢਿੱਲੋਂ, ਪ੍ਰਧਾਨ ਪੀਰ ਕੱਲੂ ਸ਼ਾਹ ਜੀ ਪ੍ਰਬੰਧਕ ਕਮੇਟੀ ਨੈਣੋਵਾਲ ਵੈਦ (ਹੁਸ਼ਿਆਰਪੁਰ)
ਗੁਰਕਮਲ ਸਿੰਘ ਸੋਢੀ, ਸੀਨੀਅਰ ਅਕਾਲੀ ਆਗੂ
ਰਵਿੰਦਰ ਸਿੰਘ ਸਿਗਾਪੁਰੀ, ਸਾਬਕਾ ਸਰਪੰਚ ਨਿੰਗਲ ਫਰੀਦ
ਓਂਕਾਰ ਸਿੰਘ ਧਾਮੀ, ਸੂਬਾ ਪ੍ਰਧਾਨ ਕਿਸਾਨ ਮਜ਼ਦੂਰ ਸਭਾ
ਰਵਿੰਦਰ ਸਿੰਘ ਕਾਹਲੋਂ, ਪ੍ਰਧਾਨ ਸ਼ਹੀਦ ਭਗਤ ਸਿੰਘ ਸੁਸਾਇਟੀ, ਤੂੰਗਾ
ਅਵਤਾਰ ਸਿੰਘ ਸੋਖੋਂ, ਪ੍ਰਿੰਸੀਪਲ ਡਰਾਫਟਿਆ ਕੋਰਟੀ ਪੰਜਾਬ, ਵਾਰਿਸ ਪੰਜਾਬ ਦੇ
ਜਸਵਿੰਦਰ ਸਿੰਘ ਚੌਹਾਨ, ਵਾਰਿਸ ਪੰਜਾਬ ਦੇ ਆਗੂ ਅੱਡਾ ਸਰਾਂ
ਜੋਗਿੰਦਰ ਸਿੰਘ ਬਸੀ ਜਲਾਲ, ਸਾਬਕਾ ਏ ਐਸ ਆਈ
ਹਰਨੇਕ ਸਿੰਘ ਪਾਲੀ, ਟੈਲੀਕਾਮ ਅੱਡਾ ਸਰਾਂ
ਡਾ. ਹਰਜੀਤ ਸਿੰਘ, ਧਾਲੀਵਾਲ ਮੈਡੀਕਲ ਸਟੋਰ, ਅੱਡਾ ਸਰਾਂ
ਡਾ. ਕੁਲਦੀਪ ਸਿੰਘ, ਗੁਰੂ ਨਾਨਕ ਮੈਡੀਕਲ ਸਟੋਰ ਅੱਡਾ ਸਰਾਂ
ਡਾ. ਹਰਚਨ ਸਿੰਘ, ਮੈਡੀਕਲ ਸਟੋਰ, ਕੰਧਾਲਾ ਜੱਟਾਂ
ਸਤਪਾਲ ਮਿਰਜਾਪੁਰਾ, ਸੂਬਾ ਸਕੱਤਰ ਦੁਆਬਾ ਕਿਸਾਨ ਕਮੇਟੀ ਪੰਜਾਬ
ਮਨਜੀਤ ਸਿੰਘ ਧਾਲੀਵਾਲ, ਕੰਧਾਲਾ ਜੱਟਾਂ
ਮਨਜੀਤ ਸਿੰਘ ਸੈਕਟਰੀ, ਜ਼ਿਲ੍ਹਾ ਮੀਤ ਪ੍ਰਧਾਨ ਅਕਾਲੀ ਦਲ (ਬ)
ਹੁਸ਼ਿਆਰ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ
ਬਲਕਾਰ ਸਿੰਘ, ਚੇਅਰਮੈਨ, ਸ਼ਮਸ਼ਾਨ ਭੂਮੀ ਮੁਰਦਪੁਰ ਨਰਿਆਲ
ਗੁਰ ਕਿਰਪਾਲ ਸਿੰਘ, ਆਲ ਇੰਡੀਆ ਫ.ਡ. ਰੰਜਿ. ਪੰ. ਜ਼ਿਲ੍ਹਾ ਪ੍ਰਧਾਨ
ਜਸਕਰਨ ਸਿੰਘ ਕਨੂੰ, ਪਿੰਡ ਕੰਧਾਲੀ ਨਰੰਰਪੁਰ
ਪ੍ਰਧਾਨ ਅਸ਼ਵਨੀ ਕੁਮਾਰ, ਅੱਡਾ ਸਰਾਂ
ਹਰਪਾਲ ਸਿੰਘ ਸੈਣੀ, ਸੈਕਟਰੀ, ਟਾਂਡਾ
ਗੁਲਜਾਰ ਮੁਹੰਮਦ, ਮਿਰਜ਼ਾਪੁਰ
ਚਰਨਜੀਤ ਸਿੰਘ ਪੜ੍ਹਬੱਗਾ, ਕੰਧਾਲਾ ਜੱਟਾਂ
ਐਡਵੋਕੇਟ ਮਲਕੀਤ ਸਿੰਘ, ਸੈਕਟਰੀ ਬਸਪਾ ਹੁਸ਼ਿਆਰਪੁਰ
ਡਾ. ਜਸਪਾਲ ਸਿੰਘ, ਜਨਰਲ ਸੈਕਟਰੀ ਬਸਪਾ ਹੁਸ਼ਿਆਰਪੁਰ
ਰਮਨ ਲਾਲ ਸੀਕਰੀ, ਵਾਇਸ ਪ੍ਰਧਾਨ ਬਸਪਾ, ਟਾਂਡਾ
ਜਰਨੈਲ ਸਿੰਘ, ਪਿੰਡ ਸੀਕਰੀ
ਕੁਲਵੀਰ ਭਾਗੀਆਂ, ਯੂਥ ਭਾਜਪਾ ਆਗੂ ਅੱਡਾ ਸਰਾਂ
ਸੋਮਨਾਥ ਮਹਿਮੀ, ਪਿੰਡ ਨੈਣੋਵਾਲ ਵੈਦ
ਸਰਪੰਚ ਨਰਿੰਦਰ ਸਿੰਘ, ਨੈਰੋਵਾਲ ਵੈਦ
ਡੀ ਜੇ ਗੁਰਜੀਤ, ਨੈਰੋਵਾਲ ਵੈਦ
ਸਰਪੰਚ ਅਜੈਬ ਸਿੰਘ, ਕਲੋਆ
ਦਲਜੀਤ ਸਿੰਘ ਪੰਚ, ਨੰਬਰਦਾਰ ਕਲੋਆ
ਹਰਦੀਸ਼ ਕੁਮਾਰ ਸੰਧਰ, ਸੀਨੀ. ਆਪ ਆਗੂ, ਪਿੰਡ ਸੰਧਰ
ਰਾਜੇਸ਼ ਰਾਜੂ, ਗਰੇਟ ਹਵੇਲੀ ਅੱਡਾ ਸਰਾਂ
ਸ਼ਰਾਫ਼ਤ ਅਲੀ, ਮਿਰਜਾਪੁਰਾ
ਮਨਦੀਪ ਸਿੰਘ ਮੰਨਾ, ਕੰਧਾਲਾ ਜੱਟਾਂ
ਸਰਪੰਚ ਹਰਪ੍ਰੀਤ ਕੌਰ, ਕੰਧਾਲਾ ਜੱਟਾਂ
ਰਾਜ ਕੁਮਾਰੀ ਪੰਚ, ਸੰਮਤੀ ਮੈਂਬਰ, ਕੰਧਾਲਾ ਜੱਟਾਂ
ਲਖਵਿੰਦਰ ਕੌਰ, ਕੰਧਾਲੀ ਨਰੰਗਪੁਰ
ਰਵਿੰਦਰ ਕੌਰ, ਜਾਤੀਕੇ ਕਪੂਰਥਲਾ
ਵਿਜੈ ਪਾਲ, ਸਾਬਕਾ ਸਰਪੰਚ ਬੇਂਚ ਬਾਜਾ
ਓਂਕਾਰ ਸਿੰਘ ਕਾਜਲ, ਕੰਧਾਲੀ ਨਰੰਗਪੁਰ
ਬੂਟਾ ਸਿੰਘ ਕਾਜਲ, ਕੰਧਾਲੀ ਨਰੰਗਪੁਰ
ਨਵਰਾਜ ਸਿੰਘ ਅੰਜਲਾ, ਜਾਤੀਕੇ ਕਪੂਰਥਲਾ
ਏਕਮ, ਸੁਰਖਪੁਰ ਕਪੂਰਥਲਾ
ਹੈਰੀ ਸੁਰਖਪੁਰ, ਕਪੂਰਥਲਾ
ਅਪਾਰਵੀਰ ਸਿੰਘ ਢਿੱਲੋਂ, ਸੱਤੀ ਆਟਾ ਚੱਕੀ, ਕਲੋਏ
ਬਰਿੰਦਰ ਪੰਡਤ, ਪ੍ਰਧਾਨ ਪੱਤਰਕਾਰ ਮੰਚ, ਟਾਂਡਾ
ਵਿੱਕੀ ਬਹਿਲ, ਨਿਊਜ਼ ਏਜੰਸੀ, ਟਾਂਡਾ